ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 31 ਮਈ 2024 (ਨਾਨਕਸ਼ਾਹੀ ਸੰਮਤ : ੫੫੬, ੧੮ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਵਸ ਮੌਕੇ 2 ਜੂਨ ਨੂੰ ਵਿਸ਼ੇਸ਼ ਸਪਲੀਮੈਂਟ



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਵਸ ਮੌਕੇ 2 ਜੂਨ ਨੂੰ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ। ਇਸ ਸਬੰਧੀ ਛਪਣਯੋਗ ਸੰਦੇਸ਼ ਅਤੇ ਇਸ਼ਤਿਹਾਰ ਭੇਜੇ ਜਾਂ ਈ-ਮੇਲ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ।

-ਮੁੱਖ ਸੰਪਾਦਕ

## ਲੋਕ ਸਭਾ ਚੋਣਾਂ 2024

# ਪੰਜਾਬ ’ਚ ਚੋਣ ਪ੍ਰਚਾਰ ਹੋਇਆ ਖ਼ਤਮ

**ਚੰਡੀਗੜ੍ਹ, 30 ਮਈ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਮਹੀਨੇ ਤੋਂ ਲੋਕ ਸਭਾ ਚੋਣਾਂ ਨੂੰ ਲੈ ਕੇ ਸੂਬੇ ਵਿਚ ਹੋ ਰਹੀ ਗਹਿਮਾ-ਗਹਿਮੀ ਹੁਣ ਰੁਕ ਗਈ ਹੈ। 1 ਜੂਨ ਨੂੰ ਚੋਣਾਂ ਨੂੰ ਲੈ ਕੇ ਹੋਣ ਜਾ ਰਹੀ ਵੋਟਿੰਗ ਲਈ ਅੱਜ ਸ਼ਾਮ 6 ਵਜੇ ਤੋਂ ਚੋਣ ਪ੍ਰਚਾਰ ਬੰਦ ਕਰ ਦਿੱਤਾ ਗਿਆ ਹੈ। ਇਸ ਉਪਰੰਤ ਕੋਈ ਵੀ ਸਿਆਸੀ ਪਾਰਟੀ ਰੈਲੀ, ਜਲਸਾ, ਲਾਊਡ ਸਪੀਕਰ, ਪ੍ਰਚਾਰ ਵਾਹਨ ਅਤੇ ਹੋਰ ਪ੍ਰਚਾਰ ਤਰੀਕਿਆਂ ਦੀ ਵਰਤੋਂ ਨਹੀਂ ਕਰ ਸਕੇਗੀ। ਸਿਆਸੀ ਆਗੂ ਸਿਰਫ਼ 4 ਲੋਕਾਂ ਨੂੰ ਨਾਲ ਲੈ ਕੇ ਡੋਰ ਟੂ ਡੋਰ ਪ੍ਰਚਾਰ ਕਰ ਸਕਣਗੇ। ਪ੍ਰਸ਼ਾਸਨ ਨੇ ਵੀ ਚੋਣ ਜ਼ਾਬਤੇ ਅਤੇ ਨਿਯਮਾਂ ਨੂੰ ਲਾਗੂ ਕਰਨ ਲਈ ਕਮਰ ਕੱਸ ਲਈ ਹੈ ਅਤੇ ਵੋਟਿੰਗ ਨੂੰ ਲੈ ਕੇ ਵੋਟਾਂ ਦੀ ਗਿਣਤੀ ਤਕ ਕਈ ਪਾਬੰਦੀਆਂ ਦੇ ਹੁਕਮ ਵੀ ਜਾਰੀ ਕੀਤੇ ਹਨ ਤਾਂ ਜੋ ਸਮੁੱਚੀ ਚੋਣ ਪ੍ਰਕਿਰਿਆ ਨਿਰਵਿਘਨ ਤਰੀਕੇ ਨਾਲ ਸੰਪੰਨ ਹੋ ਸਕੇ। ਇਸ ਦੌਰਾਨ ਪਾਬੰਦੀਆਂ ਦੀ ਉਲੰਘਣਾ ਕਰਨ ਵਾਲਿਆਂ ’ਤੇ ਬਣਦੀ ਸਖ਼ਤ ਕਾਰਵਾਈ ਕਰਨ ਤੋਂ ਵੀ ਗੁਰੇਜ਼ ਨਹੀਂ ਕੀਤਾ ਜਾਵੇਗਾ। 30 ਮਈ ਸ਼ਾਮ ਨੂੰ ਚੋਣ ਪ੍ਰਚਾਰ ’ਤੇ ਪਾਬੰਦੀ ਲੱਗਣ ਕਾਰਨ ਸਿਆਸੀ ਪਾਰਟੀਆਂ ਦਾ ਦਿਨ ਭਰ ਪੂਰਾ ਜ਼ੋਰ ਵੋਟਰਾਂ ਨੂੰ ਲੁਭਾਉਣ ਵਿਚ ਲੱਗਾ ਰਿਹਾ।




**ਜਲੰਧਰ ’ਚ 5 ਤੋਂ ਵੱਧ ਲੋਕਾਂ ਦੇ ਇਕੱਠੇ ਹੋਣ ’ਤੇ ਰਹੇਗੀ ਪਾਬੰਦੀ :** ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਮੈਜਿਸਟਰੇਟ ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਜ਼ਿਲ੍ਹੇ ਵਿਚ ਧਾਰਾ 144 ਲਗਾ ਦਿੱਤੀ ਹੈ। ਜ਼ਿਲ੍ਹਾ ਮੈਜਿਸਟਰੇਟ ਨੇ ਹੁਕਮ ਜਾਰੀ ਕਰਦਿਆਂ ਕਿਹਾ ਕਿ 1 ਜੂਨ ਨੂੰ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੌਰਾਨ ਅਮਨ-ਕਾਨੂੰਨ ਦੀ ਸਥਿਤੀ ਨੂੰ ਕਾਇਮ ਰੱਖਣ ਅਤੇ ਆਜ਼ਾਦ ਅਤੇ ਨਿਰਪੱਖ ਵੋਟਿੰਗ ਲਈ ਅਨੁਕੂਲ ਮਾਹੌਲ ਬਣਾਉਣ ਲਈ ਵੱਖ-ਵੱਖ ਹੁਕਮ ਜਾਰੀ ਕੀਤੇ ਗਏ ਹਨ। ਡਾ. ਹਿਮਾਂਸ਼ੂ ਨੇ ਫੌਜਦਾਰੀ ਜ਼ਾਬਤੇ 1973 ਦੀ ਧਾਰਾ 144 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਜਲੰਧਰ ਦੇ ਅਧਿਕਾਰ ਖੇਤਰ ’ਚ 48 ਘੰਟਿਆਂ ਦੌਰਾਨ 30 ਮਈ ਨੂੰ ਸ਼ਾਮ 6 ਵਜੇ ਤੋਂ 1 ਜੂਨ ਨੂੰ ਵੋਟਾਂ ਦੀ ਸਮਾਪਤੀ ਤਕ 5 ਤੋਂ ਜ਼ਿਆਦਾ ਲੋਕਾਂ ਦੀ ਪਬਲਿਕ ਮੀਟਿੰਗ ’ਤੇ ਪਾਬੰਦੀ ਲਗਾਈ ਹੈ।

## ਵੋਟਰ ਘਰ ਬੈਠੇ ਪੋਲਿੰਗ ਬੂਥ ’ਤੇ ਭੀੜ ਸਬੰਧੀ ਜਾਣਕਾਰੀ ਹਾਸਲ ਕਰ ਸਕਣਗੇ

ਲੋਕ ਸਭਾ ਚੋਣਾਂ ਦੌਰਾਨ ਭਿਆਨਕ ਗਰਮੀ ਨੂੰ ਦੇਖਦਿਆਂ ਜ਼ਿਲ੍ਹਾ ਪ੍ਰਸ਼ਾਸਨ ਨੇ ਵੋਟਰਾਂ ਨੂੰ ਘਰ ਬੈਠੇ ਹੀ ਵੋਟਿੰਗ ਕੇਂਦਰ ’ਤੇ ਲੱਗਣ ਵਾਲੀ ਲਾਈਨ/ਭੀੜ ਦੀ ਜਾਣਕਾਰੀ ਉਪਲੱਬਧ ਕਰਵਾਉਣ ਦੀ ਅਹਿਮ ਪਹਿਲ ਕੀਤੀ ਹੈ। ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਸਾਰੇ 1951 ਵੋਟਿੰਗ ਕੇਂਦਰਾਂ ’ਤੇ ਚੋਣ ਮਿੱਤਰਾਂ ਨੂੰ ਤਾਇਨਾਤ ਕੀਤਾ ਹੈ, ਜੋ ਵੋਟਿੰਗ ਕੇਂਦਰ ’ਤੇ ਵੋਟ ਦੇਣ ਲਈ ਲਾਈਨ ਵਿਚ ਖੜ੍ਹੇ ਲੋਕਾਂ ਦੀ ਜਾਣਕਾਰੀ ਹਰ 15 ਮਿੰਟ ਵਿਚ ਵੈੱਬਸਾਈਟ ’ਤੇ ਅਪਡੇਟ ਕਰਨਗੇ। ਉਨ੍ਹਾਂ ਕਿਹਾ ਕਿ ਇਹ ਵੈੱਬਸਾਈਟ ਜ਼ਿਲ੍ਹਾ ਪ੍ਰਸ਼ਾਸਨ ਅਤੇ ਐੱਨ. ਆਈ. ਟੀ. ਦੀ ਹੈ, ਜਿਸ ਨੂੰ ਜਲੰਧਰ ਦੇ ਕੰਪਿਊਟਰ ਸਾਇੰਸ ਵਿਭਾਗ ਨੇ ਮਿਲ ਕੇ ਤਿਆਰ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਵੈੱਬਸਾਈਟ ਦਾ ਮੁੱਖ ਉਦੇਸ਼ ਲੋਕਾਂ ਦਾ ਸਮਾਂ ਬਚਾਉਣਾ ਹੈ ਤਾਂ ਜੋ ਉਨ੍ਹਾਂ ਨੂੰ ਵੋਟ ਪਾਉਣ ਲਈ ਲੰਮੀ ਉਡੀਕ ਨਾ ਕਰਨੀ ਪਵੇ। ਜਲੰਧਰ ਦੇ ਵੋਟਰ ਇਸ ਵੈੱਬਸਾਈਟ ’ਤੇ ਜਾ ਕੇ ਆਪਣੇ ਚੋਣ ਹਲਕੇ ਅਤੇ ਵੋਟਿੰਗ ਕੇਂਦਰ ਨੰਬਰ ਦਰਜ ਕਰ ਕੇ ਲਾਈਨ ਵਿਚ ਖੜ੍ਹੇ ਲੋਕਾਂ ਬਾਰੇ ਤਾਜ਼ਾ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਚੋਣ ਕਮਿਸ਼ਨ ਵੱਲੋਂ ਲੋਕਾਂ ਲਈ ਵੋਟਰ ਕਿਊ ਇਨਫਾਰਮੇਸ਼ਨ ਜਾਰੀ ਕੀਤਾ ਗਿਆ ਹੈ। ਇਸ ਦੀ ਵਰਤੋਂ ਕਰਨ ਲਈ ਵੋਟਰਾਂ ਨੂੰ ਵ੍ਹਟਸਐਪ ਨੰਬਰ 7447447217 ’ਤੇ ‘ਵੋਟ’ ਟਾਈਪ ਕਰ ਕੇ ਸੰਦੇਸ਼ ਭੇਜਣਾ ਹੋਵੇਗਾ, ਜਿਸ ਤੋਂ ਬਾਅਦ ਇਕ ਲਿੰਕ ਪ੍ਰਾਪਤ ਹੋਵੇਗਾ, ਜਿਸ ਨੂੰ ਕਲਿੱਕ ਕਰਨ ’ਤੇ 2 ਬਦਲ ਮਿਲਣਗੇ, 1. ਲੋਕੇਸ਼ਨ ਵਾਈਜ਼, 2. ਬੂਥ ਵਾਈਜ਼। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਜਿੱਥੇ ਵੋਟਿੰਗ ਦੇ ਦਿਨ ਵੋਟਰਾਂ ਨੂੰ ਗਰਮੀ ਤੋਂ ਬਚਾਉਣ ਲਈ ਸਾਰੇ ਪ੍ਰਬੰਧ ਕੀਤੇ ਗਏ ਹਨ, ਉਥੇ ਹੀ ਦੂਜੇ ਪਾਸੇ ਵੋਟਰ ਕਿਊ ਸਿਸਟਮ ਨਾਲ ਵੋਟਰ ਬੂਥ ’ਤੇ ਉਸ ਸਮੇਂ ਵੋਟ ਪਾ ਸਕਣਗੇ, ਜਦੋਂ ਬੂਥ ’ਤੇ ਭੀੜ ਨਾ ਹੋਵੇ। ਉਨ੍ਹਾਂ ਸਪੱਸ਼ਟ ਕੀਤਾ ਕਿ 48 ਘੰਟਿਆਂ ਦੌਰਾਨ ਸਿਰਫ 4 ਵਿਅਕਤੀਆਂ ਦੇ ਸੀਮਤ ਗਰੁੱਪ ਨਾਲ ਡੋਰ ਟੂ ਡੋਰ ਮੁਹਿੰਮ ਤਹਿਤ ਘਰ-ਘਰ ਜਾਣ ’ਤੇ ਪਾਬੰਦੀ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਸਾਰੇ ਸਿਆਸੀ ਆਗੂ, ਪਾਰਟੀ ਵਰਕਰ, ਜੋ ਲੋਕ ਸਭਾ ਹਲਕਾ ਜਲੰਧਰ ਦੇ ਰਜਿਸਟਰਡ ਵੋਟਰ ਨਹੀਂ ਹਨ, ਉਨ੍ਹਾਂ ਨੂੰ ਇਸ ਨਿਰਧਾਰਿਤ ਸਮਾਂ ਮਿਆਦ ਤਕ ਜਲੰਧਰ ਜ਼ਿਲ੍ਹੇ ਨੂੰ ਛੱਡ ਕੇ ਵਾਪਸ ਜਾਣਾ ਹੋਵੇਗਾ। ਉਨ੍ਹਾਂ ਕਿਹਾ ਕਿ ਕੋਈ ਵੀ ਸਿਆਸੀ ਪਾਰਟੀ ਵੋਟਿੰਗ ਦੇ ਦਿਨ ਪੋਲਿੰਗ ਸਟੇਸ਼ਨ ਦੇ 100 ਮੀਟਰ ਦੇ ਘੇਰੇ ਅੰਦਰ ਚੋਣ ਪ੍ਰਚਾਰ ਨਹੀਂ ਕਰੇਗੀ।

## ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਬਰਤਾਨਵੀ ਸੰਸਦ ਕੀਤੀ ਭੰਗ, 4 ਜੁਲਾਈ ਨੂੰ ਚੋਣਾਂ

**ਲੰਡਨ, 30 ਮਈ (ਆਵਾਜ਼ਿ ਕੌਮ ਬਿਊਰੋ)**-ਬ੍ਰਿਟੇਨ ਦੇ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਬ੍ਰਿਟਿਸ਼ ਸੰਸਦ ਭੰਗ ਕਰ ਦਿੱਤੀ ਹੈ। ਇਸ ਨਾਲ ਬ੍ਰਿਟੇਨ ਦੀ ਸੰਸਦ ’ਚ 650 ਸੰਸਦ ਮੈਂਬਰਾਂ ਦੀਆਂ ਸੀਟਾਂ ਅੱਧੀ ਰਾਤ ਤੋਂ ਇਕ ਝਟਕੇ ’ਚ ਖਾਲੀ ਹੋ ਗਈਆਂ ਹਨ। ਹਾਲਾਂਕਿ ਬ੍ਰਿਟੇਨ ਦੀ ਮੌਜੂਦਾ ਕੰਜ਼ਰਵੇਟਿਵ ਪਾਰਟੀ ਦੀ ਸਰਕਾਰ ਦਾ ਕਾਰਜਕਾਲ ਦਸੰਬਰ ’ਚ ਪੂਰਾ ਹੋਣਾ ਹੈ। ਬ੍ਰਿਟਿਸ਼ ਨਿਯਮਾਂ ਅਨੁਸਾਰ ਇੱਥੇ 28 ਜਨਵਰੀ 2025 ਤੋਂ ਪਹਿਲਾਂ ਅਤੇ 17 ਦਸੰਬਰ ਤੋਂ ਬਾਅਦ ਚੋਣਾਂ ਹੋਣੀਆਂ ਸਨ। ਪਰ ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਛੇ ਮਹੀਨੇ ਪਹਿਲਾਂ ਆਪਣੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਸੰਸਦ ਨੂੰ ਭੰਗ ਕਰ ਦਿੱਤਾ ਹੈ। ਅਜਿਹੇ ’ਚ 4 ਜੁਲਾਈ ਨੂੰ ਬ੍ਰਿਟੇਨ ’ਚ ਚੋਣਾਂ ਹੋਣੀਆਂ ਹਨ। ਹੁਣ 4 ਜੁਲਾਈ ਨੂੰ ਹੋਣ ਵਾਲੀਆਂ ਆਮ ਚੋਣਾਂ ਤੋਂ ਪਹਿਲਾਂ ਬਰਤਾਨਵੀ ਸੰਸਦ ਭੰਗ ਹੋਣ ਤੋਂ ਬਾਅਦ ਚੋਣ ਪ੍ਰਚਾਰ ਲਈ ਕਰੀਬ 5 ਹਫ਼ਤੇ ਬਚੇ ਹਨ। ਸੱਤਾਧਾਰੀ ਕੰਜ਼ਰਵੇਟਿਵ ਪਾਰਟੀ ਦੇ 14 ਸਾਲਾਂ ਦੇ ਰਾਜ ਤੋਂ ਬਾਅਦ ਇਸ ਵਾਰ ਵੱਖ-ਵੱਖ ਸਰਵੇਖਣਾਂ ਵਿੱਚ ਲੇਬਰ ਪਾਰਟੀ ਦੇ ਸੱਤਾ ਵਿੱਚ ਆਉਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਚੋਣ ਪ੍ਰੋਗਰਾਮ ਮੁਤਾਬਕ ਅੱਧੀ ਰਾਤ ਤੋਂ ਇਕ ਮਿੰਟ ਬਾਅਦ ਸੰਸਦ ਮੈਂਬਰਾਂ (ਐਮਪੀਜ਼) ਦੀਆਂ 650 ਸੀਟਾਂ ਖਾਲੀ ਹੋ ਗਈਆਂ। ਇਸ ਦੇ ਨਾਲ ਹੀ ਪੰਜ ਹਫ਼ਤਿਆਂ ਦੀ ਚੋਣ ਮੁਹਿੰਮ ਵੀ ਅਧਿਕਾਰਤ ਤੌਰ ’ਤੇ ਸ਼ੁਰੂ ਹੋ ਗਈ ਹੈ। ਪ੍ਰਧਾਨ ਮੰਤਰੀ ਰਿਸ਼ੀ ਸੁਨਕ ਨੇ ਮੀਂਹ ਦੌਰਾਨ ਇਹ ਚੋਣ ਐਲਾਨ ਕੀਤਾ। ਅਜਿਹੇ ’ਚ ਪਹਿਲੇ ਹਫਤੇ ਚੋਣ ਪ੍ਰਚਾਰ ਦੀ ਸ਼ੁਰੂਆਤ ਹੌਲੀ ਰਹੀ। ਇਸ ਲਈ ਬਹੁਤ ਸਾਰੇ ਨਿਰੀਖਕਾਂ ਨੇ ਮੀਂਹ ਨੂੰ ਉਨ੍ਹਾਂ ਲਈ ਬੁਰਾ ਸ਼ਗਨ ਸਮਝਿਆ। ਹਾਲਾਂਕਿ, ਰਿਸ਼ੀ ਸੁਨਕ ਦੇ ਪਹਿਲੇ ਐਲਾਨ ਤੋਂ ਇਹ ਉਮੀਦ ਕੀਤੀ ਜਾ ਰਹੀ ਸੀ ਕਿ ਉਹ 4 ਜੁਲਾਈ ਤੋਂ ਪਹਿਲਾਂ ਕਿਸੇ ਵੀ ਸਮੇਂ ਸੰਸਦ ਨੂੰ ਭੰਗ ਕਰ ਸਕਦੇ ਹਨ। ਕਿਉਂਕਿ ਸਾਲ ਦੇ ਅੰਤ ’ਚ ਚੋਣਾਂ ਕਰਵਾਉਣ ਦੀ ਬਜਾਏ ਪੀ.ਐੱਮ.ਸੁਨਕ ਨੇ 4 ਜੁਲਾਈ ਦਾ ਸਮਾਂ ਤੈਅ ਕੀਤਾ ਸੀ। ਇਸ ਤੋਂ ਬਾਅਦ ਅਬਜ਼ਰਵਰਾਂ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਓਪੀਨੀਅਨ ਪੋਲ ’ਚ ਪਛੜ ਜਾਣ ਕਾਰਨ ਇਹ ਗਤੀ ਵਧਾਉਣ ਦੀ ਕੋਸ਼ਿਸ਼ ਸੀ। ਜੇਕਰ ਸਰਵੇਖਣਾਂ ਅਨੁਸਾਰ ਇਸ ਵਾਰ ਲੇਬਰ ਪਾਰਟੀ ਸੱਤਾ ਵਿੱਚ ਆਉਂਦੀ ਹੈ ਤਾਂ ਮਨੁੱਖੀ ਅਧਿਕਾਰਾਂ ਦੇ ਸਾਬਕਾ ਵਕੀਲ ਅਤੇ ਉੱਘੇ ਵਿਰੋਧੀ ਧਿਰ ਦੇ ਨੇਤਾ ਕੀਰ ਸਟਾਰਮਰ ਬਰਤਾਨੀਆ ਦੇ ਨਵੇਂ ਪ੍ਰਧਾਨ ਮੰਤਰੀ ਹੋ ਸਕਦੇ ਹਨ। ਲੇਬਰ ਪਾਰਟੀ ਕੋਲ 14 ਸਾਲ ਵਿਰੋਧੀ ਧਿਰ ਵਿੱਚ ਰਹਿਣ ਤੋਂ ਬਾਅਦ ਹੁਣ ਮੁੜ ਸੱਤਾ ਵਿੱਚ ਆਉਣ ਦਾ ਮੌਕਾ ਹੈ। ਚੋਣ ਸਰਵੇਖਣਾਂ ਵਿੱਚ ਸੱਤਾਧਾਰੀ ਕੰਜ਼ਰਵੇਟਿਵ ਲੇਬਰ ਪਾਰਟੀ ਦੋਹਰੇ ਅੰਕਾਂ ਨਾਲ ਪਛੜ ਗਈ ਹੈ। ਇਸ ਕਾਰਨ ਸੱਤਾਧਾਰੀ ਪਾਰਟੀ ਦੇ ਸੰਸਦ ਮੈਂਬਰ ਵੱਡੇ ਪੱਧਰ ’ਤੇ ਪਰਵਾਸ ਕਰ ਗਏ, ਭਾਵ ਪਾਰਟੀ ਛੱਡ ਗਏ। ਇਸ ਦੇ ਨਾਲ ਹੀ ਕੁਝ ਕੰਜ਼ਰਵੇਟਿਵ ਸੰਸਦ ਮੈਂਬਰਾਂ ਨੇ ਜਿੱਤ ਦੀਆਂ ਧੁੰਦਲੀਆਂ ਸੰਭਾਵਨਾਵਾਂ ਦੇ ਮੱਦੇਨਜ਼ਰ ਹਾਰ ਨੂੰ ਸਵੀਕਾਰ ਕਰ ਲਿਆ।



## ਸ਼ਰਧਾਲੂਆਂ ਨਾਲ ਭਰੀ ਬੱਸ 150 ਫੁੱਟ ਡੂੰਘੀ ਖੱਡ ’ਚ ਡਿੱਗੀ, 21 ਲੋਕਾਂ ਦੀ ਦਰਦਨਾਕ ਮੌਤ



**ਸ੍ਰੀਨਗਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਜੰਮੂ-ਕਸ਼ਮੀਰ ਵਿੱਚ ਇੱਕ ਵੱਡਾ ਸੜਕ ਹਾਦਸਾ ਵਾਪਰਿਆ ਹੈ। ਵੀਰਵਾਰ ਨੂੰ ਜੰਮੂ ਜ਼ਿਲੇ ’ਚ ਸ਼ਰਧਾਲੂਆਂ ਨਾਲ ਭਰੀ ਬੱਸ ਸੜਕ ਤੋਂ ਤਿਲਕ ਕੇ ਖਾਈ ’ਚ ਡਿੱਗ ਗਈ, ਜਿਸ ’ਚ 15 ਲੋਕਾਂ ਦੀ ਮੌਤ ਹੋ ਗਈ। ਜੰਮੂ-ਕਸ਼ਮੀਰ ਦੇ ਟਰਾਂਸਪੋਰਟ ਕਮਿਸ਼ਨਰ ਰਜਿੰਦਰ ਸਿੰਘ ਤਾਰਾ ਨੇ ਦੱਸਿਆ ਕਿ 15 ਲੋਕਾਂ ਦੀ ਮੌਤ ਹੋ ਗਈ ਹੈ ਅਤੇ 15 ਜ਼ਖਮੀ ਹਨ। ਅਧਿਕਾਰੀਆਂ ਨੇ ਦੱਸਿਆ ਕਿ ਇਹ ਹਾਦਸਾ ਚੋਕੀ ਚੋਰਾ ਦੇ ਤੰਗਲੀ ਮੋੜ ’ਤੇ ਵਾਪਰਿਆ। ਅਧਿਕਾਰੀ ਨੇ ਦੱਸਿਆ ਕਿ ਬੱਸ ਕਰੀਬ 150 ਫੁੱਟ ਹੇਠਾਂ ਖਾਈ ਵਿੱਚ ਜਾ ਡਿੱਗੀ। ਜਾਣਕਾਰੀ ਅਨੁਸਾਰ ਇਹ ਬੱਸ ਹਰਿਆਣਾ ਦੇ ਕੁਰੂਕਸ਼ੇਤਰ ਇਲਾਕੇ ਤੋਂ ਸ਼ਰਧਾਲੂਆਂ ਨੂੰ ਸ਼ਿਵ ਖੋਰੀ ਇਲਾਕੇ ਵਿੱਚ ਲੈ ਕੇ ਜਾ ਰਹੀ ਸੀ। ਉਪ ਰਾਜਪਾਲ ਮਨੋਜ ਸਿਨਹਾ ਨੇ ਇਸ ਹਾਦਸੇ ’ਤੇ ਦੁੱਖ ਪ੍ਰਗਟ ਕੀਤਾ ਹੈ। ਉਪ ਰਾਜਪਾਲ ਦੇ ਦਫ਼ਤਰ ਨੇ ਕਿਹਾ, “ਅਖਨੂਰ, ਜੰਮੂ ਵਿੱਚ ਵਾਪਰਿਆ ਬੱਸ ਹਾਦਸਾ ਦਿਲ ਦਹਿਲਾਉਣ ਵਾਲਾ ਹੈ। ਮੈਂ ਇਸ ਹਾਦਸੇ ਵਿੱਚ ਹੋਈਆਂ ਮੌਤਾਂ ’ਤੇ ਦੁੱਖ ਪ੍ਰਗਟ ਕਰਦਾ ਹਾਂ ਅਤੇ ਦੁਖੀ ਪਰਿਵਾਰਾਂ ਨੂੰ ਇਹ ਨਾ ਪੂਰਾ ਹੋਣ ਵਾਲਾ ਘਾਟਾ ਸਹਿਣ ਕਰਨ ਦੀ ਤਾਕਤ ਦੇਣ ਲਈ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹਾਂ।” ਪੁਲਿਸ ਅਤੇ ਸਥਾਨਕ ਲੋਕਾਂ ਨੂੰ ਸ਼ਾਮਲ ਕਰਦੇ ਹੋਏ ਇੱਕ ਬਚਾਅ ਮੁਹਿੰਮ ਸ਼ੁਰੂ ਕੀਤੀ ਗਈ ਹੈ ਅਤੇ ਜ਼ਖਮੀਆਂ ਨੂੰ ਅਖਨੂਰ ਹਸਪਤਾਲ ਅਤੇ ਸਰਕਾਰੀ ਮੈਡੀਕਲ ਕਾਲਜ (ਜੀਐਮਸੀ) ਵਿੱਚ ਤਬਦੀਲ ਕੀਤਾ ਗਿਆ ਹੈ। ਬੱਸ ਵਿੱਚ 50 ਦੇ ਕਰੀਬ ਸਵਾਰੀਆਂ ਸਨ। ਇਹ ਹਾਦਸਾ ਅਖਨੂਰ ਸ਼ਹਿਰ ਤੋਂ ਕਰੀਬ 15 ਕਿਲੋਮੀਟਰ ਦੂਰ ਉਸ ਸਮੇਂ ਵਾਪਰਿਆ, ਜਦੋਂ ਬੱਸ ਅਚਾਨਕ ਸੜਕ ਤੋਂ ਫਿਸਲ ਕੇ ਡੂੰਘੀ ਖੱਡ ਵਿੱਚ ਜਾ ਡਿੱਗੀ। ਭਾਰਤੀ ਫੌਜ ਨੇ ਤੁਰੰਤ ਪ੍ਰਤੀਕਿਰਿਆ ਮੈਡੀਕਲ ਟੀਮ ਤਾਇਨਾਤ ਕੀਤੀ ਹੈ। ਬਚਾਅ ਕਾਰਜ ’ਚ ਪ੍ਰਸ਼ਾਸਨ ਦੀ ਮਦਦ ਕਰ ਰਹੇ ਹਨ। ਹਾਦਸੇ ਵਾਲੀ ਥਾਂ ਤੋਂ ਜ਼ਖਮੀ ਵਿਅਕਤੀਆਂ ਨੂੰ ਬਾਹਰ ਕੱਢਿਆ ਜਾ ਰਿਹਾ ਹੈ ਅਤੇ ਹਰ ਸੰਭਵ ਸਹਾਇਤਾ ਦਿੱਤੀ ਜਾ ਰਹੀ ਹੈ।

## ਮਨਮੋਹਨ ਸਿੰਘ ਦਾ ਪੰਜਾਬੀਆਂ ਨੂੰ ਖ਼ਤ, ਪ੍ਰਧਾਨ ਮੰਤਰੀ ਮੋਦੀ ’ਤੇ ਬੋਲਿਆ ਤਿੱਖਾ ਹਮਲਾ, ‘ਨੀਵੇਂ ਪੱਧਰ ਦੀ ਭਾਸ਼ਾ ਅਤੇ ਨਫ਼ਰਤ ਭਰੇ ਭਾਸ਼ਣ...’

**ਨਵੀਂ ਦਿੱਲੀ, 30 ਮਈ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਪ੍ਰਧਾਨ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਡਾ. ਮਨਮੋਹਨ ਸਿੰਘ ਨੇ ਜਿੱਥੇ ਲੋਕ ਸਭਾ ਚੋਣਾਂ 2024 ਦੇ ਆਖਰੀ ਪੜਾਅ ਦੀ ਵੋਟਿੰਗ ਤੋਂ ਪਹਿਲਾਂ ਵੋਟਰਾਂ ਨੂੰ ਵਿਸ਼ੇਸ਼ ਅਪੀਲ ਕੀਤੀ, ਉੱਥੇ ਹੀ ਦੂਜੇ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ’ਤੇ ਵੀ ਜ਼ੋਰਦਾਰ ਹਮਲਾ ਬੋਲਿਆ। ਜਿਸ ਵਿੱਚ ਉਨ੍ਹਾਂ ਨੇ ਪੀਐਮ ਮੋਦੀ ਦੀ ਨੀਤੀਆਂ ਅਤੇ ਭਾਸ਼ਾ ਸੁਧਾਰ ਨੂੰ ਲੈ ਕੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ। ਮਨਮੋਹਨ ਸਿੰਘ ਨੇ ਵੀਰਵਾਰ ਯਾਨੀਕਿ ਅੱਜ 30 ਮਈ ਨੂੰ ਇੱਕ ਪੱਤਰ ਜਾਰੀ ਕਰਦਿਆਂ ਪੰਜਾਬ ਦੇ ਲੋਕਾਂ ਨੂੰ ਕਈ ਹੋਰ ਗੱਲਾਂ ਵੀ ਕਹੀਆਂ। ਡਾ: ਮਨਮੋਹਨ ਸਿੰਘ ਨੇ ਕਿਹਾ, ਮੇਰੇ ਪਿਆਰੇ ਸਾਥੀਓ, ਭਾਰਤ ਇੱਕ ਨਾਜ਼ੁਕ ਮੋੜ ’ਤੇ ਖੜ੍ਹਾ ਹੈ। ਵੋਟਿੰਗ ਦੇ ਅੰਤਿਮ ਦੌਰ ਵਿੱਚ, ਸਾਡੇ ਕੋਲ ਇੱਕ ਤਾਨਾਸ਼ਾਹੀ ਸ਼ਾਸਨ ਨੂੰ ਖਤਮ ਕਰਕੇ ਆਪਣੇ ਲੋਕਤੰਤਰ ਅਤੇ ਸਾਡੇ ਸੰਵਿਧਾਨ ਦੀ ਰੱਖਿਆ ਕਰਨ ਦਾ ਇੱਕ ਆਖਰੀ ਮੌਕਾ ਹੈ। ਪੰਜਾਬ ਅਤੇ ਪੰਜਾਬ ਵਾਸੀ ਯੋਧੇ ਹਨ। ਅਸੀਂ ਆਪਣੀ ਕੁਰਬਾਨੀ ਦੀ ਭਾਵਨਾ ਲਈ ਜਾਣੇ ਜਾਂਦੇ ਹਾਂ। ਲੋਕਤੰਤਰੀ ਪ੍ਰਣਾਲੀ ਵਿੱਚ ਸਾਡੀ ਸਦਭਾਵਨਾ, ਦਯਾ ਭਾਵਨਾ ਅਤੇ ਲੋਕਤੰਤਰਿਕ ਵਿਸ਼ਵਾਸ ਹੀ ਸਾਡੇ ਮਹਾਨ ਦੇਸ਼ ਦੀ ਰੱਖਿਆ ਕਰ ਸਕਦਾ ਹੈ। ਮਨਮੋਹਨ ਸਿੰਘ ਨੇ ਆਪਣੇ ਪੱਤਰ ਵਿੱਚ ਕਿਹਾ, “ਮੈਂ ਇਸ ਚੋਣ ਪ੍ਰਚਾਰ ਦੌਰਾਨ ਸਿਆਸੀ ਚਰਚਾ ਨੂੰ ਬਹੁਤ ਧਿਆਨ ਨਾਲ ਦੇਖ ਰਿਹਾ ਹਾਂ। ਮੋਦੀ ਜੀ ਨੇ ਬਹੁਤ ਸਾਰੇ ਨਫ਼ਰਤ ਭਰੇ ਭਾਸ਼ਣ ਦਿੱਤੇ ਹਨ, ਜੋ ਭਾਈਚਾਰਾ ਅਤੇ ਏਕਤਾ ਨੂੰ ਤੋੜਨ ਵਾਲੇ ਹਨ। ਮੋਦੀ ਜੀ ਪਹਿਲੇ ਪ੍ਰਧਾਨ ਮੰਤਰੀ ਹਨ, ਜਿਨ੍ਹਾਂ ਨੇ ਇਸ ਪਦ ਦੀ ਇੱਜ਼ਤ ਨੂੰ ਘਟਾਇਆ ਹੈ ਅਤੇ ਇਸ ਨਾਲ ਪ੍ਰਧਾਨ ਮੰਤਰੀ ਦੇ ਅਹੁਦੇ ਦੀ ਗੰਭੀਰਤਾ ਨੂੰ ਵੀ ਘਟ ਕਰ ਦਿੱਤਾ ਹੈ। ਇਸ ਤੋਂ ਪਹਿਲਾਂ ਕਿਸੇ ਵੀ ਪ੍ਰਧਾਨ ਮੰਤਰੀ ਨੇ ਕਿਸੇ ਵਿਸ਼ੇਸ਼ ਵਰਗ ਜਾਂ ਵਿਰੋਧੀ ਧਿਰ ਨੂੰ ਨਿਸ਼ਾਨਾ ਬਣਾਉਣ ਲਈ ਅਜਿਹੀ ਘਿਣਾਉਣੀ, ਗੈਰ-ਸੰਸਦੀ ਅਤੇ ਨੀਵੇਂ ਪੱਧਰ ਦੀ ਭਾਸ਼ਾ ਦੀ ਵਰਤੋਂ ਨਹੀਂ ਕੀਤੀ ਸੀ। ਉਨ੍ਹਾਂ ਨੇ ਮੇਰੇ ਬਾਰੇ ਕੁਝ ਗਲਤ ਬਿਆਨ ਵੀ ਦਿੱਤੇ ਹਨ। ਮੈਂ ਆਪਣੀ ਜ਼ਿੰਦਗੀ ਵਿੱਚ ਕਦੇ ਵੀ ਇੱਕ ਭਾਈਚਾਰੇ ਨੂੰ ਦੂਜੇ ਤੋਂ ਵੱਖ ਨਹੀਂ ਕੀਤਾ। ਇਹ ਭਾਜਪਾ ਦਾ ਵਿਸ਼ੇਸ਼ ਅਧਿਕਾਰ ਅਤੇ ਆਦਤ ਹੈ। ਮਨਮੋਹਨ ਸਿੰਘ ਨੇ ਅੱਗੇ ਲਿਖਿਆ, ਪਿਛਲੇ 10 ਸਾਲਾਂ ਵਿੱਚ ਭਾਜਪਾ ਸਰਕਾਰ ਨੇ ਪੰਜਾਬ ਅਤੇ ਪੰਜਾਬੀਅਤ ਨੂੰ ਬਦਨਾਮ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ। ਪੰਜਾਬ ਦੇ 750 ਕਿਸਾਨ ਸ਼ਹੀਦ ਹੋ ਚੁੱਕੇ ਹਨ। ਕਿਸਾਨ ਕਈ ਮਹੀਨਿਆਂ ਤੱਕ ਦਿੱਲੀ ਦੀਆਂ ਸਰਹੱਦਾਂ ’ਤੇ ਉਡੀਕ ਕਰਦੇ ਰਹੇ। ਸਰਕਾਰ ਨੇ ਉਨ੍ਹਾਂ ’ਤੇ ਹਮਲੇ ਕੀਤੇ। ਪਾਰਲੀਮੈਂਟ ਵਿੱਚ ਕਿਸਾਨਾਂ ਨੂੰ ਅੰਦੋਲਨਕਾਰੀ ਅਤੇ ਪਰਜੀਵੀ ਕਿਹਾ ਗਿਆ। ਮੋਦੀ ਜੀ ਨੇ 2022 ਤੱਕ ਸਾਡੇ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਵਾਅਦਾ ਕੀਤਾ ਸੀ, ਪਰ ਇਸ ਦੇ ਉਲਟ 10 ਸਾਲਾਂ ਵਿੱਚ ਕਿਸਾਨਾਂ ਦੀ ਆਮਦਨ ਘੱਟ ਗਈ ਹੈ।



ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
+44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਸੰਤ ਬਾਬਾ ਨਰਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਸੰਤ ਬਾਬਾ ਬਲਵਿੰਦਰ ਸਿੰਘ ਜੀ ਕਾਰਸੇਵਾ ਸ੍ਰੀ ਹਜ਼ੂਰ ਸਾਹਿਬ
ਬਾਬਾ ਸੁਖਵਿੰਦਰ ਸਿੰਘ ਸੁੱਖਾ ਜੀ ਕਾਰਸੇਵਾ ਸੰਪਰਦਾਇ ਭੂਰੀ ਵਾਲੇ
ਸ੍ਰੀ ਮਹੰਤ ਬਾਬਾ ਰੇਸ਼ਮ ਸਿੰਘ ਜੀ ਸ਼ੇਖਵਾਂ ਵਾਲੇ
ਮਹੰਤ ਹਾਕਮ ਸਿੰਘ ਜੀ ਕੋਠਾ ਗੁਰੂ ਵਾਲੇ
ਮਹੰਤ ਚਮਕੌਰ ਸਿੰਘ ਜੀ ਪੰਜਗਰਾਈਆਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਗਿਆਨੀ ਸੁਰਜੀਤ ਸਿੰਘ ਸੋਧੀ ਜੀ ਦਮਦਮੀ ਟਕਸਾਲ ਵਾਲੇ
ਡਾ. ਸੰਤ ਗੁਰਨਾਮ ਸਿੰਘ ਜੀ ਡਰੋਲੀ ਭਾਈਕੇ
ਬਾਬਾ ਸਾਧੂ ਸਿੰਘ ਲੰਡੇਆਣੇ ਵਾਲੇ
ਸੰਤ ਬਾਬਾ ਹਰੀ ਸਿੰਘ ਜੀ ਨਾਨਕਸਰ ਹਰੀਕੇ ਵਾਲੇ
ਬਾਬਾ ਹਰਨਾਮ ਸਿੰਘ ਸੁਆਮੀ ਜੀ ਮਾਹਿਲਪੁਰ ਬੁੰਗੇ ਵਾਲੇ
ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915


ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਬਾਬਾ ਸੁਖਵਿੰਦਰ ਸਿੰਘ ਅਗਵਾਨ ਭਤੀਜੇ ਸ਼ਹੀਦ ਭਾਈ ਸਤਵੰਤ ਸਿੰਘ
ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦਬਾਗ ਵਾਲੇ
ਸੰਤ ਬੀਬੀ ਜਸਪ੍ਰੀਤ ਕੌਰ ਮਾਹਿਲਪੁਰ ਬੁੰਗੇ ਵਾਲੇ
ਸੰਤ ਬਾਬਾ ਸੁਖਵਿੰਦਰ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸਰਵਣ ਸਿੰਘ ਜੀ ਮਲਕਪੁਰ ਵਾਲੇ
ਸੰਤ ਬਾਬਾ ਸੁਰਜੀਤ ਸਿੰਘ ਝਾੜ ਸਾਹਿਬ ਕੈਰੋਂ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਗਿਆਨੀ ਸੁਰਜੀਤ ਸਿੰਘ ਜੀ ਮਹਿਰੋਂ ਵਾਲੇ
ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਵਿਦਿਆਲਾ ਆਸਲ ਉਤਾੜ ਵਾਲੇ
ਸੰਤ ਬਾਬਾ ਮੌਜ ਦਾਸ ਜੀ ਮਾੜੀ ਕੰਬੋਕੀ ਵਾਲੇ
ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੀ ਵਾਲੇ
ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਦਸੂਹੇ ਵਾਲੇ ਸ਼੍ਰੋਮਣੀ ਭਗਤ ਧੰਨਾ ਜੀ ਤਰਨਾ ਦਲ
ਸੰਤ ਬਾਬਾ ਦਰਸ਼ਨ ਸਿੰਘ ਮਾਲੂੰਕਾ ਫੱਤਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915



ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਗਿਆਨੀ ਹਰਪ੍ਰੀਤ ਸਿੰਘ ਜੀ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ
ਬਾਬਾ ਸਰਬਜੋਤ ਸਿੰਘ ਜੀ ਬੇਦੀ ਅੰਸ਼-ਵੰਸ਼ ਸ੍ਰੀ ਗੁਰੂ ਨਾਨਕ ਦੇਵ ਜੀ
ਭਾਈ ਈਸ਼ਰ ਸਿੰਘ ਜੀ ਸਪੁੱਤਰ ਸੰਤ ਭਿੰਡਰਾਂਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਜੀ ਮੁਖੀ ਬੁੱਢਾ ਦਲ 96 ਕਰੋੜੀ
ਜਥੇਦਾਰ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ
ਜਥੇਦਾਰ ਬਾਬਾ ਜੋਗਾ ਸਿੰਘ ਜੀ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਬਾਬਾ ਬਕਾਲਾ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਸੰਤ ਬਾਬਾ ਕਸ਼ਮੀਰ ਸਿੰਘ ਜੀ ਕਾਰ ਸੇਵਾ ਭੂਰੀ ਵਾਲੇ
ਜਥੇਦਾਰ ਸਵਰਨਜੀਤ ਸਿੰਘ ਮੁਖੀ ਤਰਨਾ ਦਲ ਦੋਆਬਾ
ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਜੀ
ਸੰਤ ਬਾਬਾ ਗੁਰਦੇਵ ਸਿੰਘ ਜੀ ਗੁ. ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ
ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ
ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਮੁਖੀ ਦਸ਼ਮੇਸ਼ ਤਰਨਾ ਦਲ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਪਹੁੰਚ ਰਹੀਆਂ ਪੰਥਕ ਸਖਸ਼ੀਅਤਾਂ ਅਤੇ ਸੰਤ ਮਹਾਪੁਰਸ਼
ਆਵਾਜ਼ਿ ਕੌਮ AWAZE QAUM International Newspaper & WEB TV
ਮਹੰਤ ਬਾਬਾ ਕਾਹਨ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਸੰਤ ਬਾਬਾ ਅਵਤਾਰ ਸਿੰਘ ਜੀ ਧੂਲਕੋਟ ਵਾਲੇ
ਭਾਈ ਅਮੋਲਕ ਸਿੰਘ ਜੀ ਅਖਾੜਾ
ਜਥੇਦਾਰ ਬਾਬਾ ਸਰਵਣ ਸਿੰਘ ਜੀ ਰਸਾਲਦਾਰ ਬੁੱਢਾ ਦਲ
ਬਾਬਾ ਅਮਰੀਕ ਸਿੰਘ ਜੀ ਕਾਰਸੇਵਾ ਪਟਿਆਲੇ ਵਾਲੇ
ਬਾਬਾ ਜੋਗਾ ਸਿੰਘ ਜੀ ਕਰਨਾਲ ਵਾਲੇ
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ
ਬਾਬਾ ਬਲਦੇਵ ਸਿੰਘ ਜੀ ਜੋਗੇ ਵਾਲੇ
ਬਾਬਾ ਮਨਮੋਹਨ ਸਿੰਘ ਜੀ ਬਾਰਨ ਵਾਲੇ
ਬਾਬਾ ਸੁੱਖਾ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਬਾਬਾ ਹਾਕਮ ਸਿੰਘ ਜੀ ਕਾਰਸੇਵਾ ਸਰਹਾਲੀ ਸਾਹਿਬ
ਸੰਤ ਬਾਬਾ ਸ਼ਿੰਦਰ ਸਿੰਘ ਜੀ ਗੁ. ਫਤਿਹਗੜ੍ਹ ਸਭਰਾਵਾਂ ਵਾਲੇ
ਬਾਬਾ ਰਣਜੀਤ ਸਿੰਘ ਜੀ ਸੇਵਾ ਪੰਥੀ ਗੋਨਿਆਣਾ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਨਗਰ ਪੰਚਾਇਤਾਂ, ਇਲਾਕਾ ਨਿਵਾਸੀ-ਸੰਗਤਾਂ।
ਸੰਪਰਕ : 98140-29018, 97815-52538, 98140-13915

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਪੀਓ ਪਾਹੁਲ ਖੰਡੇਧਾਰ ਹੋਇ ਜਨਮ ਸੁਹੇਲਾ॥

# ਅੰਮ੍ਰਿਤ ਸੰਚਾਰ

8 ਜੂਨ 2024, ਸ਼ਨਿੱਚਰਵਾਰ 12:00
ਅੰਮ੍ਰਿਤ ਦਾ ਬਾਟਾ ਤਿਆਰ ਹੋਵੇਗਾ

ਅੰਮ੍ਰਿਤ ਅਭਿਲਾਖੀ 11:00 ਵਜੇ
ਪਹੁੰਚਣ ਕਿਰਪਾਲਤਾ ਕਰਨ ਜੀ

## ਪੰਜ ਪਿਆਰੇ ਸਾਹਿਬਾਨ ਯੂ. ਕੇ. ਤੋਂ ਪਹੁੰਚ ਰਹੇ ਹਨ

## ਗੁਰਦੁਆਰਾ ਸਾਹਿਬ ਵੱਲੋਂ ਕੱਕਾਰ ਭੇਟਾਂ ਰਹਿਤ ਮਿਲਣਗੇ

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਅੰਮ੍ਰਿਤ ਦੇ ਅਭਿਲਾਖੀ ਸਮੇਂ ਸਿਰ ਪੁਹੁੰਚ ਕੇ ਅੰਮ੍ਰਿਤਧਾਰੀ ਹੋ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਇਕਾਈ
ਭਾਈ ਰਘਵੀਰ ਸਿੰਘ ਵਾਲਸਾਲ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
ਭਾਈ ਪਰਮਜੀਤ ਸਿੰਘ ਢਾਡੀ ਵੈਨਸਫੀਲਡ ਅੰਤਰਰਾਸ਼ਟਰੀ ਚੀਫ਼ ਆਰਗੇਨਾਈਜ਼ਰ IPD
ਭਾਈ ਕਪਤਾਨ ਸਿੰਘ ਵੁਲਵਰਹੈਂਪਟਨ ਜਨਰਲ ਸਕੱਤਰ ਅਤੇ ਮੁੱਖ ਬੁਲਾਰਾ IPD
ਭਾਈ ਰਘਵੀਰ ਸਿੰਘ ਮਾਲੜੀ, ਨੌਟਿੰਘਮ, ਚੀਫ਼ ਆਰਗੇਨਾਈਜ਼ਰ IPD
ਬਾਬਾ ਬਘੇਲ ਸਿੰਘ, ਬਰਮਿੰਘਮ, ਜਥੇਦਾਰ ਧਾਰਮਿਕ ਵਿੰਗ IPD
ਭਾਈ ਰਘਵੀਰ ਸਿੰਘ ਬੀਰ੍ਹਾ, ਬਰਮਿੰਘਮ, ਮੀਤ ਪ੍ਰਧਾਨ IPD
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਹਰਜਿੰਦਰ ਸਿੰਘ ਬ੍ਰੈਡਫੋਰਡ ਸੀਨੀਅਰ ਮੀਤ ਪ੍ਰਧਾਨ IPD
ਭਾਈ ਸੰਤੋਖ ਸਿੰਘ ਕਵੈਂਟਰੀ ਸੀਨੀਅਰ ਮੀਤ ਸਕੱਤਰ IPD
ਭਾਈ ਬਿਕਰਮਜੀਤ ਸਿੰਘ ਵਾਲਸਾਲ ਮੀਤ ਸਕੱਤਰ IPD
ਭਾਈ ਮਨਜਿੰਦਰ ਸਿੰਘ ਕਵੈਂਟਰੀ ਸਾਊਥ ਆਰਗੇਨਾਈਜ਼ਰ IPD
ਭਾਈ ਸੁਰਿੰਦਰਪਾਲ ਸਿੰਘ ਵਾਲਸਾਲ ਮਿਡਲੈਂਡ ਆਰਗੇਨਾਈਜ਼ਰ IPD
ਭਾਈ ਚਰਨਜੀਤ ਸਿੰਘ ਡਰਬੀ, ਨਾਰਥ ਆਰਗੇਨਾਈਜ਼ਰ IPD
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਇੰਟਰਨੈਸ਼ਨਲ ਪੰਥਕ ਦਲ ਤੇ ਸਮੂਹ ਸੰਗਤਾਂ।
ਸੰਪਰਕ : 98140-29018, 97815-52538, 98140-13915




ਸੰਤ ਭਿੰਡਰਾਂਵਾਲਿਆਂ ਦਾ
ਜਨਮ ਦਿਨ ਸਮਾਗਮ
2 ਜੂਨ ਨੂੰ ਪਿੰਡ ਰੋਡੇ ਪਹੁੰਚੋ
ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ
ਸਭ ਸੰਗਤਾਂ ਨੂੰ ਸਮੇਂ ਸਿਰ ਪਹੁੰਚਣ ਦੀ ਸਨਿਮਰ ਬੇਨਤੀ ਹੈ ਜੀ
ਇੰਟਰਨੈਸ਼ਨਲ ਪੰਥਕ ਦਲ ਇੰਗਲੈਂਡ ਇਕਾਈ
ਭਾਈ ਹਰਦਿਆਲ ਸਿੰਘ ਜੀ ਕਨੇਡਾ ਭਤੀਜੇ ਸੰਤ ਭਿੰਡਰਾਂਵਾਲਿਆਂ ਦੇ
ਜਥੇਦਾਰ ਨਛੱਤਰ ਸਿੰਘ ਜੀ ਅਸਟਰੀਆ ਪ੍ਰਧਾਨ IPD
ਜਥੇਦਾਰ ਪ੍ਰਗਟ ਸਿੰਘ ਜੀ ਇਟਲੀ, ਪ੍ਰਧਾਨ IPD
ਭਾਈ ਜਸਪਾਲ ਸਿੰਘ, ਲੈਸਟਰ ਖਜ਼ਾਨਚੀ IPD
ਭਾਈ ਅਪਿੰਦਰਪਾਲ ਸਿੰਘ ਹੈਪੀ ਬਰਮਿੰਘਮ ਮੀਤ ਖਜ਼ਾਨਚੀ IPD
ਭਾਈ ਸ਼ਮਸ਼ੇਰ ਬਹਾਦਰ ਸਿੰਘ, ਲੈਸਟਰ ਪ੍ਰੈਸ ਸਕੱਤਰ ਮੀਤ ਖਜ਼ਾਨਚੀ IPD
ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ
ਭਾਈ ਮੱਖਣ ਸਿੰਘ ਇਰਾਨੀ ਬਰਮਿੰਘਮ, ਸੀਨੀਅਰ ਮੈਂਬਰ IPD
ਭਾਈ ਗੁਰਵਿੰਦਰ ਸਿੰਘ ਬਾਜਵਾ, ਕਵੈਂਟਰੀ ਸੀਨੀਅਰ ਮੈਂਬਰ IPD
ਭਾਈ ਬਲਜੀਤ ਸਿੰਘ ਕੰਗ ਬਰਮਿੰਘਮ ਸਹਿਯੋਗੀ IPD
ਭਾਈ ਨਛੱਤਰ ਸਿੰਘ ਛੋਕਰ, ਡਰਬੀ ਸਹਿਯੋਗੀ IPD
ਭਾਈ ਅਮਰੀਕ ਸਿੰਘ ਤੂਰ, ਡਰਬੀ ਸੀਨੀਅਰ ਮੈਂਬਰ IPD
ਜਸਵਿੰਦਰ ਸਿੰਘ ਇਟਲੀ
ਬੇਨਤੀ ਕਰਤਾ : ਸਮੂਹ ਬਾਬਾ ਪਰਿਵਾਰ, ਦਮਦਮੀ ਟਕਸਾਲ, ਇੰਟਰਨੈਸ਼ਨਲ ਪੰਥਕ ਦਲ ਤੇ ਸਮੂਹ ਸੰਗਤਾਂ।
ਸੰਪਰਕ : 98140-29018, 97815-52538, 98140-13915




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੋਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA HHALSA
WAHEGURU JI HI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜੇ ਤੱਕ, ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ, 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋੜੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ


ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ।।
ਬਾਬਾ ਬੰਦਾ ਸਿੰਘ ਬਹਾਦਰ ਜੀ
ਬੇਗਮਪੁਰਾ ਖਾਲਸਾ ਰਾਜ ਦੇ ਸੰਸਥਾਪਕ
ਪੇਰੀਆਰ ਜੀ
ਬਾਬਾ ਸਾਹਿਬ ਡਾ. ਅੰਬੇਡਕਰ ਜੀ
ਸਾਹਿਬ ਕਾਂਸ਼ੀ ਰਾਮ ਜੀ
ਮਹਾਰਾਜਾ ਰਣਜੀਤ ਸਿੰਘ ਜੀ
ਜੇਕਰ ਮੈਨੂੰ ਤੁਸੀਂ ਵੋਟਰਾਂ ਨੇ ਹੁਸ਼ਿਆਰਪੁਰ ਤੋਂ ਚੋਣ ਜਿਤਾ ਕੇ ਸਾਂਸਦ ਬਣਾਇਆ ਤਾਂ ਪੰਜਾਬ ਵਿੱਚ ਬਾਘਾ, ਹੁਸੈਨੀਵਾਲਾ, ਅਟਾਰੀਵਾਲਾ ਅਤੇ ਕਰਤਾਰਪੁਰ ਲਾਂਘਾ ਖੋਲ੍ਹਣ ਅਤੇ ਸੜ੍ਹਕੀ ਮਾਰਗ ਦੁਆਰਾ ਕਾਰੋਬਾਰ ਸ਼ੁਰੂ ਕਰਵਾਉਣ ਦੀ ਹਰੇਕ ਸੰਭਵ ਕੋਸ਼ਿਸ਼ ਕਰਾਂਗਾ। ਇਹ ਸਰਹੱਦੀ ਸੜ੍ਹਕੀ ਲਾਂਘੇ ਜੇ ਖੁੱਲ੍ਹ ਗਏ ਤਾ ਕਿਸਾਨ ਟਰੱਕਾਂ ਦੇ ਜ਼ਰੀਏ ਪੰਜਾਬ ਤੋਂ ਪਾਕਿਸਤਾਨ, ਈਰਾਨ ਦੁਆਰਾ ਮੱਧ ਪੂਰਬ ਏਸ਼ੀਆ ਅਤੇ ਯੂਰਪ ਤੀਕਰ ਅਨਾਜ ਅਤੇ ਸਬਜ਼ੀਆਂ ਆਦਿਕ ਦੀ ਤਿਜਾਰਤ ਕਰ ਸਕਣਗੇ, ਜਿਸਦੇ ਫਲਸਰੂਪ ਕਿਸਾਨਾਂ, ਛੋਟੇ ਵੱਡੇ ਵਿਉਪਾਰੀਆਂ ਅਤੇ ਹੋਰ ਕਾਮਗਾਰਾਂ ਅਤੇ ਕਾਰੋਬਾਰੀ ਜਮਾਤਾਂ ਨੂੰ ਸਿੱਧਾ ਫਾਇਦਾ ਹੋਵੇਗਾ।
ਭਾਈ ਅੰਮ੍ਰਿਤਪਾਲ ਸਿੰਘ ਦੀ ਤਲਾਸ਼ ਦੇ ਪੱਜ ਉਹਲੇ ਸ਼ਾਸ਼ਕਾਂ ਦੀ ਸ਼ਹਿ ਤੇ ਪੁਲਿਸ ਨੇ ਹਜ਼ਾਰਾਂ ਹੀ ਨਿਰਦੋਸ਼ ਨੌਜੁਆਨਾਂ ਉੱਤੇ ਫਰਜ਼ੀ ਮੁਕੱਦਮੇ ਦਰਜ ਕੀਤੇ ਹਨ। ਜੇਕਰ ਤੁਸੀਂ ਮੈਨੂੰ ਜਿਤਾ ਕੇ ਸਾਂਸਦ ਬਣਾਇਆ ਤਾਂ ਮੈਂ ਸਾਰੇ ਹੀ ਫਰਜ਼ੀ ਮੁਕੱਦਮੇ ਖਤਮ ਕਰਵਾਉਣ ਵਾਲਾ ਕੰਮ ਕਰਾਂਗਾ।
ਅੱਜ ਪੰਜਾਬ ਵਿੱਚ ਬ੍ਰਾਹਮਣਵਾਦੀ ਸ਼ਕਤੀਆਂ ਹਾਵੀ ਹੋ ਚੁੱਕੀਆਂ ਹਨ। ਇਹ ਬ੍ਰਾਹਮਣਵਾਦੀ ਸ਼ਕਤੀਆਂ ਅਦਿੱਖ ਗੁਪਤ ਰੂਪ ਵਿੱਚ ਪੰਜਾਬੀਆਂ ਨੂੰ ਆਪਸ ਵਿੱਚ ਲੜਾਉਣ ਭਿੜਾਉਣ ਦੀ ਸ਼ਾਜਿਸ਼ ਕਰਦੀਆਂ ਹਨ। ਮੈਂ ਪੰਜਾਬੀ ਵੀਚਾਰਧਾਰਕ ਕੈਦੀਆਂ ਨੂੰ, ਬ੍ਰਾਹਮਣਵਾਦੀ-ਵੀਚਾਰਧਾਰੀ ਜੇਲਾਂ ਤੋਂ ਮੁਕਤ ਕਰਵਾਂਵਾਗਾ, ਪੰਜਾਬ ਨਾਲ ਮੇਰਾ ਇਹ ਵਾਅਦਾ ਹੈ। ਪੰਜਾਬੀ ਇੱਕ ਵਿਲੱਖਣ ਸੱਭਿਆਚਾਰ ਹੈ ਇਸ ਲਈ ਪੰਜਾਬੀਆਂ ਦੀਆਂ ਖੁਸ਼ੀਆਂ ਵੀ ਸਾਂਝੀਆਂ ਹਨ।
ਮੇਰੇ ਵਿਚਾਰ ਅਨੁਸਾਰ ਪ੍ਰਾਂਤਕ ਸਟੇਟ, ਸਵੈਸਾਸਤ ਖੁਦਮੁਖਤਾਰ ਪਿੰਡਾਂ ਦੀ ਇਕਾਈ ਹੋਣੀ ਚਾਹੀਦੀ ਹੈ ਅਤੇ ਇੰਡੀਆ ਸਵੈਸਾਸਤ ਖੁਦਮੁਖਤਾਰ ਪ੍ਰਾਂਤ-ਸਟੇਟਾਂ ਦੀ ਯੂਨੀਅਨ ਹੋਣੀ ਚਾਹੀਦੀ ਹੈ। ਇਸ ਦਸ਼ਾ ਤੋਂ ਬਿਨਾਂ ਲੋਕਾਂ ਉੱਤੇ ਟੁੱਟ ਰਹੇ ਪੁਲਿਸ, ਨੌਕਰਸ਼ਾਹੀ ਅਤੇ ਨਿਆਇਕ ਜ਼ੁਲਮਾਂ ਉੱਤੇ ਠੱਲ੍ਹ ਨਹੀਂ ਪੈ ਸਕਦੀ। ਪੇਂਡੂ ਕਿੱਤਾਕਾਰ ਜਮਾਤਾਂ ਦੇ ਦੁਆਰਾ ਆਪੇ ਨਾਮਜ਼ਦ ਸਿਆਣੇ ਬੰਦਿਆਂ ਦੀ ਸੰਸਥਾਂ ਦੀ ਹੀਂ ਪੰਚਾਇਤ ਬਣਨੀ ਚਾਹੀਦੀ ਹੈ, ਜਿਸ ਦੇ ਫਲਸਰੂਪ ਪੇਂਡੂ ਭਾਈਚਾਰਾ ਅਤੇ ਸਾਂਝ ਅਤੇ ਮੁਕਤ ਜੀਵਨ ਦੀ ਮੁੜ ਬਹਾਲੀ ਸੰਭਵ ਹੋ ਸਕਦੀ ਹੈ।
ਪੰਜਾਬ ਦੀ ਰਾਜਧਾਨੀ ਚੰਡੀਗੜ੍ਹ, ਵਰਤਮਾਨ ਵਿੱਚ ਕੇਂਦਰ ਸਰਕਾਰ ਅਧੀਨ ਯੂਨੀਅਨ ਟੈਰਟਰੀ ਬਣਾ ਦਿੱਤੀ ਗਈ ਹੈ, ਜਿੱਥੇ ਪੰਜਾਬੀਆਂ ਦੇ ਮੁਕਤ ਵਿਚਰਣ ਉੱਤੇ ਪਾਬੰਦੀਆਂ ਲਗਾ ਦਿੱਤੀਆਂ ਗਈਆਂ ਹਨ। ਮੈਂ ਪੰਜਾਬੀਆਂ ਦੀ ਖੁਦਮੁਖਤਿਆਰੀ ਦੀ ਰੱਖਿਆ ਹਿੱਤ ਕੰਮ ਕਰਾਂਗਾ।
ਗੁਰੂ ਗੋਬਿੰਦ ਸਿੰਘ ਜੀ ਦਾ ਨਿਸ਼ਾਨਾ 96 ਕਰੋੜੀ ਖਾਲਸਾ ਹੈ। ਗੁਰੂ ਗੋਬਿੰਦ ਸਿੰਘ ਜੀ ਦਾ ਨਿਸ਼ਾਨਾ ਹੀ ਸਾਡਾ ਨਿਸ਼ਾਨਾ ਹੈ। ਉਸ ਨਿਸ਼ਾਨੇ ਨੂੰ ਹਾਸਿਲ ਕਰਨ ਵਾਸਤੇ ਅਸੀਂ ਨਿਰਵਿਘਨ ਕੋਸ਼ਿਸ਼ਾਂ ਜਾਰੀ ਰੱਖਾਂਗੇ।
ਮੈਂ ਲੰਮੀ ਅਤੇ ਅਨਿਸ਼ਚਿਤ ਕਾਲ ਵਾਲੀ ਜੇਲ੍ਹ ਕੱਟ ਰਹੇ ਸਿੱਖ ਰਾਜਨੀਤਕ ਬੰਦੀਆਂ ਦੀ ਰਿਹਾਈ ਵਾਸਤੇ ਨਿਆਂਪਾਲਿਕਾ ਅਤੇ ਵਿਧਾਨਪਾਲਿਕਾ (ਸੰਸਦ) ਦੋਨਾਂ ਵਿੱਚ ਸੰਘਰਸ਼ ਕਰਾਂਗਾ।
ਚੋਣ ਨਿਸ਼ਾਨ
ਗੰਨਾ ਕਿਸਾਨ
ਲੋਕ ਸਭਾ ਹਲਕਾ 05 ਹੁਸ਼ਿਆਰਪੁਰ ਤੋਂ ਬਹੁਜਨ ਮਿਸ਼ਨਰੀ ਉਮੀਦਵਾਰ
ਜੀਵਨ ਸਿੰਘ ਤਮਿਲ
(ਐਡਵੋਕੇਟ ਸੁਪਰੀਮ ਕੋਰਟ, ਭਾਰਤ)
ਨੂੰ ਮਿਤੀ 1 ਜੂਨ, 2024 ਨੂੰ ਚੋਣ ਨਿਸ਼ਾਨ ਗੰਨਾ ਕਿਸਾਨ ਦੇ ਸਾਹਮਣੇ 8 ਨੰਬਰ ਦਾ ਬਟਨ ਦਬਾ ਕੇ ਕਾਮਯਾਬ ਬਣਾਓ ਜੀ।
ਵਲੋਂ-ਬਹੁਜਨ ਦ੍ਰਵਿੜ੍ਹ ਪਾਰਟੀ, ਯੂਨਿਟ ਹੁਸ਼ਿਆਰਪੁਰ (ਪੰਜਾਬ)
ਮੋਬਾਇਲ - 97800-88518, 97173-66805
ਆਵਾਜ਼ਿ ਕੌਮ AWAZE QAUM International Newspaper & WEB TV


ਜੂਨ 1984 ਦੇ ਘੱਲੂਘਾਰੇ ਸਮੇਂ ਦੀ ਤਸਵੀਰ
ਆਵਾਜ਼ਿ ਕੌਮ AWAZE QAUM International Newspaper & WEB TV
"ਬੇਅੰਤ ਸ਼ਕਤੀਆਂ ਦੇ ਮਾਲਕ ਸਤਿਗੁਰੂ,
ਗਰੀਬ ਬੇਅੰਤ ਨੂੰ ਬਖਸ਼ੋ ਮੌਤ ਮਸਤੀ
ਤਖ਼ਤ ਅਕਾਲ ਦਾ ਜਿਸ ਨੇ ਤੋੜਿਆ ਹੈ
ਖਤਮ ਕਰ ਦੇਵਾਂ ਦੁਨੀਆ ਦੀ ਕੂੜ ਸ਼ਕਤੀ
ਸਿੱਖ ਹਿਰਦਿਆਂ ਨੂੰ ਜਿਸ ਨੇ ਵਿਰੁੰਨਿਆ ਹੈ
ਚੀਰ ਦਿਆਂਗੇ ਉਸ ਦੀ ਦੇਹ ਸਾਰੀ
ਮੈਨੂੰ ਭਰੋਸਾ ਹੈ ਤੇਰੀਆਂ ਰਹਿਮਤਾਂ ਤੇ,
ਇਤਿਹਾਸ ਦੁਹਰਾਇਆ ਹੈ ਸਿੱਖਾਂ ਨੇ ਕਈ ਵਾਰੀ"
ਅਮਰ ਸ਼ਹੀਦ
ਭਾਈ ਬੇਅੰਤ ਸਿੰਘ ਜੀ
ਲੋਕ ਸਭਾ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ
ਅਮਰ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ
ਸ. ਸਰਬਜੀਤ ਸਿੰਘ ਮਲੋਆ
ਸ. ਸਰਬਜੀਤ ਸਿੰਘ ਮਲੋਆ
ਆਓ ਸਾਰੇ ਆਪੋ-ਆਪਣਾ ਫਰਜ਼ ਸਮਝਦਿਆਂ ਉਨ੍ਹਾਂ ਨੂੰ ਆਪਣਾ ਕੀਮਤੀ ਵੋਟ ਪਾ ਕੇ ਕਾਮਯਾਬ ਕਰੀਏ ਤੇ ਹਰ ਤਰ੍ਹਾਂ ਦਾ ਸਹਿਯੋਗ ਦੇਈਏ।
ਸੰਪਰਕ : 95922-30916, 98140-13915




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF MACHINERY.


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

CONTACT- 07831543004

Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

07715 1-28621

# ਪਿੰਡ ਰੋਡੇ ਵਿਖੇ 2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਮਨਾਏ ਜਾ ਰਹੇ ਜਨਮ ਦਿਨ ਸਮਾਗਮ 'ਤੇ ਸੰਗਤਾਂ ਨੂੰ ਪਹੁੰਚਣ ਦੀ ਅਪੀਲ



ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ

ਸਮਾਗਮ ਸਵੇਰੇ 10 ਵਜੇ ਤੋਂ ਸ਼ਾਮ 3 ਵਜੇ ਤੱਕ ਹੋਵੇਗਾ






ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ
ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ
ਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ

## ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਨ ਜਦੋਂ ਮਰਜੀ ਮਨਾਓ, ਪਰ ਖਾਲਸਾ ਪੰਥ 2 ਜੂਨ 1947 ਦੀ ਸਹੀ ਜਨਮ ਤਰੀਕ ਜਰੂਰ ਯਾਦ ਰੱਖੇ

**-ਭਾਈ ਕਪਤਾਨ ਸਿੰਘ**
**ਪੰਥਕ ਆਗੂ ਯੂ ਕੇ**




ਭਾਈ ਕਪਤਾਨ ਸਿੰਘ ਵੱਲੋਂ ਸਿੱਖ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਬਾਬਾ-ਏ-ਕੌਮ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਵਾਲਿਆਂ ਦਾ ਜਨਮ ਜਦੋਂ ਵੀ ਮਰਜੀ ਮਨਾਇਆ ਜਾ ਸਕਦਾ ਹੈ ਪਰ ਸੰਤਾਂ ਦਾ ਜਨਮ 2 ਜੂਨ 1947 ਦਾ ਸਹੀ ਤਰੀਕ ਹੈ ਇਹ ਤਰੀਕ ਸਿੱਖ ਸੰਗਤ ਯਾਦ ਰੱਖੇ। ਇਸੇ ਕਰਕੇ ਇੰਟਰਨੈਸ਼ਨਲ ਪੰਥਕ ਦਲ ਦੇ ਸ੍ਰਪਰਸਤ, ਸ੍ਰੀ ਅਕਾਲ ਤੱਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਦੇ ਉਪਰਾਲੇ ਸਦਕਾ ਸੰਤਾਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਵਿਖੇ 2 ਜੂਨ 2024 ਨੂੰ ਮਨਾਇਆ ਜਾ ਰਿਹਾ ਹੈ ਜਿਸ ਵਿਚ ਪੂਰੇ ਦਿਨ ਦੇ ਸਮਾਗਮ ਵਿੱਚ ਸੰਤ ਮਹਾਪੁਰਖ ਜੰਥੇਬੰਦੀਆ ਤੇ ਪੰਥ ਦੀਆ ਮਾਇਆਨਾਜ ਹਸਤੀਆਂ ਪਹੁੰਚ ਰਹੀਆ ਹਨ, ਸਮੂਹ ਸੰਗਤਾਂ ਨੂੰ ਬੇਨਤੀ ਹੈ ਕੇ ਇਹਨਾ ਸਮਾਗਮਾਂ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਗੁਰੂ ਘਰ ਦੀਆ ਖੁਸ਼ੀਆ ਪ੍ਰਾਪਤ ਕਰੋ ਜੀ ਤੇ ਸੰਤਾਂ ਦੇ ਜੀਵਨ ਤੋਂ ਸੇਧ ਲੈ ਕੇ ਪੰਥ, ਪੰਜਾਬ, ਪੰਜਾਬੀਅਤ ਦੀ ਸੇਵਾ ਵਿੱਚ ਸਹਿਯੋਗ ਕਰੋ ਜੀ।



--✶ ਗੁਰੂ ਪੰਥ ਦਾ ਸੇਵਾਦਾਰ ✶--

## ਭਾਈ ਕਪਤਾਨ ਸਿੰਘ
### (ਇੰਗਲੈਂਡ)
### ਜਨਰਲ ਸਕੱਤਰ ਅਤੇ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਯੂ. ਕੇ.

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
Enjoy Real Taste of PUNJAB
100% VEGETARIAN PURE AND NATURAL
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬ ਨੂੰ ਲੁਟੇਰਿਆਂ ਤੋਂ ਬਚਾਉਣ ਲਈ ਪੰਥਕ ਉਮੀਦਵਾਰਾਂ ਨੂੰ ਜਿਤਾਉਣਾ ਬਹੁਤ ਜਰੂਰੀ :ਬੁਟਾਹਰੀ, ਮਾਜਰੀ





ਐਡਮਿੰਟਨ /ਕਨੇਡਾ (ਜਗਮੀਤ ਸਿੰਘ ਬਾਠ) ਲੋਕ ਸਭਾ ਚੋਣਾਂ ਲਈ ਚੋਣ ਪ੍ਰਚਾਰ ਬੰਦ ਹੋ ਗਿਆ ਹੈ ਚੋਣਾਂ ਵਿੱਚ ਕੁੱਝ ਦਿਨ ਹੀ ਬਾਕੀ ਰਹਿ ਗਏ ਹਨ ਅਤੇ ਹੁਣ ਸਮਾਂ ਆ ਗਿਆ ਹੈ ਆਪਣੇ ਦੋਸਤਾਂ ਮਿੱਤਰਾਂ ਅਤੇ ਰਿਸ਼ਤੇਦਾਰਾਂ ਨੂੰ ਮਿਲ ਕੇ ਜਾਂ ਫੋਨ ਕਰਕੇ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕਰਨ ਦਾ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅਰਬ ਦੇਸ਼ਾਂ ਵਿੱਚ ਬੈਠੇ ਜਾਗਰੂਕ ਨੌਜਵਾਨ ਸਰਦਾਰ ਹਰਬੰਤ ਸਿੰਘ ਮਿੱਟੂ ਬੁਟਾਹਰੀ ਅਤੇ ਸਰਦਾਰ ਹਰਦੀਪ ਸਿੰਘ ਰਿੱਪੀ ਮਾਜਰੀ ਨੇ ਇੱਕ ਫੋਨ ਕਾਲ ਰਾਂਹੀ ਕੀਤਾ ਉਹਨਾਂ ਅੱਗੇ ਕਿਹਾ ਕਿ 2022 ਵਿੱਚ ਜਦੋਂ ਪੰਜਾਬ ਵਿਧਾਨ ਸਭਾ ਚੋਣਾਂ ਵੇਲੇ ਵਿਦੇਸ਼ਾਂ ਵਿੱਚ ਰਹਿੰਦੇ ਪੰਜਾਬੀ ਭਾਈਚਾਰੇ ਨੇ ਆਮ ਆਦਮੀ ਪਾਰਟੀ ਦੀ ਪੂਰੀ ਤਨ, ਮਨ ਅਤੇ ਧਨ ਨਾਲ ਸਪੋਟ ਕੀਤੀ ਸੀ ਉਹਨਾਂ ਨੂੰ ਆਸਾਂ ਸੀ ਕਿ ਬਦਲਾਵ ਹੋਵੇਗਾ ਕਿ ਸਾਡੇ ਪੰਜਾਬ ਰਹਿੰਦੇ ਭਰਾ ਵੀ ਵਧੀਆ ਜੀਵਨ ਬਤੀਤ ਕਰਨਗੇ ਪਰ ਹੋਇਆ ਇਸ ਦੇ ਉਲਟ ਮੌਜੂਦਾ ਸਰਕਾਰ ਦੇ MLA ਅਤੇ ਮੰਤਰੀਆਂ ਵੱਲੋਂ ਵਿਦੇਸ਼ਾਂ ਵਿੱਚ ਰਹਿੰਦੇ NRIs ਦੀਆਂ ਕੋਠੀਆਂ ਅਤੇ ਜਾਇਦਾਦਾਂ ਉਪਰ ਕਬਜੇ ਕਰਨੇ ਸ਼ੁਰੂ ਕਰ ਦਿੱਤੇ ਸੋ ਇਸ ਲਈ ਅਸੀਂ ਸਾਰੇ ਪੰਜਾਬ ਵਾਸੀਆਂ ਨੂੰ ਅਪੀਲ ਕਰਦੇ ਹਾਂ ਕਿ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਵਧੀਆ ਸੋਚ ਵਾਲੇ ਅਜਾਦ ਪੰਥਕ ਉਮੀਦਵਾਰ ਜਿਵੇਂ ਹਲਕਾ ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਮਲੋਆ, ਹਲਕਾ ਖਡੂਰ ਸਾਹਿਬ ਤੋਂ ਭਾਈ ਅਮ੍ਰਿਤਪਾਲ ਸਿੰਘ ਖਾਲਸਾ ਅਤੇ ਹਲਕਾ ਲੁਧਿਆਣਾ ਤੋਂ ਭਾਈ ਕਮਲਜੀਤ ਸਿੰਘ ਬਰਾੜ ਵਰਗੇ ਨਿਧੱੜਕ ਯੋਧਿਆਂ ਨੂੰ ਜਿਤਾਉਣ ਲਈ ਇੱਕ ਨਿਸ਼ਾਨ ਸਾਹਿਬ ਇਕੱਠੇ ਹੋਵੋ ਤਾਂ ਕਿ ਆਉਣ ਵਾਲਾ ਸਮਾਂ ਪੰਜਾਬ ਲਈ ਖੁਸ਼ੀਆ ਭਰਿਆ ਹੋਵੇ।


ਆਵਾਜ਼ਿ ਕੌਮ AWAZE QAUM
International Newspaper & WEB TV

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
ਮੁਕਤਾ ਾ ਕੰਨਾ ਿ ਸਿਹਾਰੀ ੀ ਬਿਹਾਰੀ
ੁ ਔਂਕੜ ੂ ਦੁਲੈਂਕੜ ੇ ਲਾਂ ੈ ਦੁਲਾਵਾਂ
ੋ ਹੋੜਾ ੌ ਕਨੌੜਾ ੰ ਟਿੱਪੀ ਾਂ ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044



ਪਾਪਣ ਇੰਦਰਾ ਨੂੰ ਸੋਧਕੇ ਕੌਮ ਦੀ ਡਿੱਗੀ ਹੋਈ ਪੱਗ ਸਿਰ ਤੇ ਰੱਖਣ
ਵਾਲੇ ਕੌਮ ਦੇ ਹੀਰੇ ਸ਼ਹੀਦ ਭਾਈ ਬੇਅੰਤ ਸਿੰਘ ਜੀ ਦੇ ਹੋਣਹਾਰ ਸਪੁੱਤਰ
ਲੋਕ ਸਭਾ ਹਲਕਾ ਫਰੀਦਕੋਟ ਤੋਂ
ਅਜ਼ਾਦ ਉਮੀਦਵਾਰ
ਭਾਈ ਸਰਬਜੀਤ ਸਿੰਘ ਖਾਲਸਾ
ਸ਼ਹੀਦ ਸੰਤ ਜਰਨੈਲ ਸਿੰਘ ਜੀ ਭਿੰਡਰਾਂਵਾਲੇ
ਚੋਣ ਨਿਸ਼ਾਨ
ਗੰਨਾ ਕਿਸਾਨ
ਆਓ ਸਾਰੇ ਆਪੋ ਆਪਣੇ ਫਰਜ਼ ਸਮਝਦਿਆਂ ਉਨ੍ਹਾਂ
ਦਾ ਹਰ ਤਰ੍ਹਾਂ ਵੱਧ ਤੋਂ ਵੱਧ ਸਾਥ ਦੇਈਏ
ਭਾਈ ਸਰਬਜੀਤ ਸਿੰਘ ਜੀ ਖਾਲਸਾ
ਜਾਰੀ ਕਰਤਾ- ਜੱਥੇਦਾਰ ਸੁਰਜੀਤ ਸਿੰਘ ਖੰਡੇਵਾਲਾ- 0039-3332632483


ਸ੍ਰੀ ਅਕਾਲ ਜੀ ਸਹਾਇ
ਦੇਗ ਤੇਗ ਫਤਿਹ
ਪੰਥ ਕੀ ਜੀਤ
ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ ਵੱਲੋਂ
ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਅਤੇ ਜੂਨ 1984 (ਘੱਲੂਘਾਰੇ) ਦੇ ਸਮੂਹ ਸ਼ਹੀਦਾਂ ਦੀ 40ਵੀਂ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ
ਸ਼ਬਦ ਕੀਰਤਨ ਅਤੇ
ਕਥਾ ਸਮਾਗਮ
1 ਮਈ ਤੋਂ 31 ਮਈ 2024 ਤੱਕ
ਰੋਜ਼ਾਨਾ ਸ਼ਾਮ 6 ਤੋਂ 8 ਵਜੇ ਤੱਕ
ਆਵਾਜ਼ਿ ਕੌਮ
AWAZE QAUM
International Newspaper & WEB TV
ਮਹਿਤਾ ਚੌਂਕ ਤੇ ਆਸ ਪਾਸ ਦੇ ਪਿੰਡਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਜਿਸ ਵਿੱਚ ਦਮਦਮੀ ਟਕਸਾਲ ਦੇ ਮੁਖੀ
ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ 'ਭਿੰਡਰਾਂਵਾਲੇ' ਸ਼ਬਦ ਵਿਚਾਰ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
1 ਮਈ ਬੁੱਧਵਾਰ ਜਬੋਵਾਲ ਸ਼ਾਮ 6 ਤੋਂ 8 ਵਜੇ ਤੱਕ
2 ਮਈ ਵੀਰਵਾਰ ਜੱਫਰਵਾਲ ਸ਼ਾਮ 6 ਤੋਂ 8 ਵਜੇ ਤੱਕ
3 ਮਈ ਸ਼ੁੱਕਰਵਾਰ ਸਹਾਇਪੁਰ ਸ਼ਾਮ 6 ਤੋਂ 8 ਵਜੇ ਤੱਕ
4 ਮਈ ਸ਼ਨੀਵਾਰ ਮੁਰਾਦਪੁਰ ਸ਼ਾਮ 6 ਤੋਂ 8 ਵਜੇ ਤੱਕ
5 ਮਈ ਐਤਵਾਰ ਗੁਰੂ ਕੀ ਬੇਰ ਸਾਹਿਬ ਮੱਤੇਵਾਲ ਸ਼ਾਮ 5 ਤੋਂ 7 ਵਜੇ ਤੱਕ
6 ਮਈ ਸੋਮਵਾਰ ਕਾਹਲਵਾ ਸ਼ਾਮ 6 ਤੋਂ 8 ਵਜੇ ਤੱਕ
7 ਮਈ ਮੰਗਲਵਾਰ ਉੱਦੋ ਨੰਗਲ ਸ਼ਾਮ 6 ਤੋਂ 8 ਵਜੇ ਤੱਕ
8 ਮਈ ਬੁੱਧਵਾਰ ਬਾਬੋਵਾਲ ਸ਼ਾਮ 6 ਤੋਂ 8 ਵਜੇ ਤੱਕ
9 ਮਈ ਵੀਰਵਾਰ ਧਰਦਿਉ ਸ਼ਾਮ 6 ਤੋਂ 8 ਵਜੇ ਤੱਕ
10 ਮਈ ਸ਼ੁੱਕਰਵਾਰ ਧਿਆਨਪੁਰ ਸ਼ਾਮ 6 ਤੋਂ 8 ਵਜੇ ਤੱਕ
11 ਮਈ ਸ਼ਨੀਵਾਰ ਗੁ: ਬਾਬਾ ਪੱਲਾ ਜੀ ਬੁਤਾਲਾ ਸ਼ਾਮ 6 ਤੋਂ 8 ਵਜੇ ਤੱਕ
12 ਮਈ ਐਤਵਾਰ ਸਦਾਰੰਗ ਸ਼ਾਮ 6 ਤੋਂ 8 ਵਜੇ ਤੱਕ
13 ਮਈ ਸੋਮਵਾਰ ਸੂਸਾ ਸ਼ਾਮ 6 ਤੋਂ 8 ਵਜੇ ਤੱਕ
14 ਮਈ ਮੰਗਲਵਾਰ ਗੁ: ਬਾਬਾ ਮਤੁ ਜੀ ਮੀਕੇ ਸ਼ਾਮ 6 ਤੋਂ 8 ਵਜੇ ਤੱਕ
15 ਮਈ ਬੁੱਧਵਾਰ ਭਾਮ ਸ਼ਾਮ 6 ਤੋਂ 8 ਵਜੇ ਤੱਕ
16 ਮਈ ਵੀਰਵਾਰ ਭਲਾਈਪੁਰ ਪੁਰਬਾ ਸ਼ਾਮ 6 ਤੋਂ 8 ਵਜੇ ਤੱਕ
17 ਮਈ ਸ਼ੁੱਕਰਵਾਰ ਨਿੱਕੇ ਘੁੰਮਣ ਸ਼ਾਮ 6 ਤੋਂ 8 ਵਜੇ ਤੱਕ
18 ਮਈ ਸ਼ਨੀਵਾਰ ਗੁ: ਕੰਧ ਸਾਹਿਬ (ਬਟਾਲਾ) ਸ਼ਾਮ 6 ਤੋਂ 8 ਵਜੇ ਤੱਕ
19 ਮਈ ਐਤਵਾਰ ਗੁ: ਬਾਬਾ ਬਕਾਲਾ ਸਾਹਿਬ ਸਵੇਰੇ 10 ਤੋਂ 12 ਵਜੇ ਤੱਕ ਸਿਆਲਕਾ
20 ਮਈ ਸੋਮਵਾਰ ਲੀਲ ਕਲਾਂ ਸ਼ਾਮ 6 ਤੋਂ 8 ਵਜੇ ਤੱਕ
21 ਮਈ ਮੰਗਲਵਾਰ ਚੌਧਰੀਵਾਲ ਸ਼ਾਮ 6 ਤੋਂ 8 ਵਜੇ ਤੱਕ
22 ਮਈ ਬੁੱਧਵਾਰ ਤਰਸਿੱਕਾ ਭਗਤਾਂ ਦਾ ਡੇਰਾ ਸ਼ਾਮ 6 ਤੋਂ 8 ਵਜੇ ਤੱਕ
23 ਮਈ ਵੀਰਵਾਰ ਤਾਹਰਪੁਰ ਸ਼ਾਮ 6 ਤੋਂ 8 ਵਜੇ ਤੱਕ
24 ਮਈ ਸ਼ੁੱਕਰਵਾਰ ਬਾਸਰਪੁਰ ਰਾਤ 8 ਤੋਂ 10 ਵਜੇ ਤੱਕ
25 ਮਈ ਸ਼ਨੀਵਾਰ ਖੱਬੇ ਰਾਜਪੂਤਾਂ ਸ਼ਾਮ 6 ਤੋਂ 8 ਵਜੇ ਤੱਕ
26 ਮਈ ਐਤਵਾਰ ਭੀਲੋਵਾਲ ਸ਼ਾਮ 6 ਤੋਂ 8 ਵਜੇ ਤੱਕ
27 ਮਈ ਸੋਮਵਾਰ ਜੇਠੂਵਾਲ ਸ਼ਾਮ 6 ਤੋਂ 8 ਵਜੇ ਤੱਕ
28 ਮਈ ਮੰਗਲਵਾਰ ਗੁ: ਰਾਮ ਥੰਮਣ ਸਾਹਿਬ ਮਨੋਸ਼ ਸ਼ਾਮ 6 ਤੋਂ 8 ਵਜੇ ਤੱਕ
29 ਮਈ ਬੁੱਧਵਾਰ ਮੌਹਣੀਆ ਕੁਹਾਰਾ ਸ਼ਾਮ 6 ਤੋਂ 8 ਵਜੇ ਤੱਕ
30 ਮਈ ਵੀਰਵਾਰ ਜਲਾਲ ਉਸਮਾ ਸ਼ਾਮ 6 ਤੋਂ 8 ਵਜੇ ਤੱਕ
31 ਮਈ ਸ਼ੁੱਕਰਵਾਰ ਮਹਿਤਾ ਚੌਂਕ ਸ਼ਾਮ 6 ਤੋਂ 8 ਵਜੇ ਤੱਕ
1-2-3-4-5 ਜੂਨ 2024 ਰੋਜ਼ਾਨਾ ਸ਼ਾਮ 4.00 ਤੋਂ 6.00 ਵਜੇ ਤੱਕ
ਸੰਗਤਾਂ ਨੂੰ ਬੇਨਤੀ ਹੈ ਕਿ 6 ਜੂਨ 2024, ਵੀਰਵਾਰ ਨੂੰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼, ਚੌਂਕ ਮਹਿਤਾ ਵਿਖੇ ਪਹੁੰਚੋ ਜੀ
ਪ੍ਰੋਫੈਸ਼ਨਲ ਕਾਲਜ ਆਫ ਗੁਰਮਤਿ ਦਮਦਮੀ ਟਕਸਾਲ ਵਿਖੇ 8ਵੀਂ, 10ਵੀਂ, +1 2, ਬੀ.ਏ., ਐੱਮ.ਏ. ਦਾਖਲੇ ਸ਼ੁਰੂ ਹਨ ਫਰੀ ਵਿੱਦਿਆ ਪ੍ਰਾਪਤ ਕਰੋ
ਜਾਰੀ ਕਰਤਾ:
ਖਾਲਸਾ ਅਕੈਡਮੀ ਨਰਸਰੀ ਤੋਂ +2 ਤੱਕ
ਖਾਲਸਾ ਪ੍ਰੀਮੀਅਮ ਸਕੂਲ I.C.S.E. Board Pre-Nur to 8th
ਖਾਲਸਾ ਹੋਸਟਲ Fully A.C. ਗੁਰਬਾਣੀ ਸੰਥਿਆ
ਖਾਲਸਾ
ਦਾਖ਼ਲਾ ਸ਼ੁਰੂ 99155-85685
ਸੰਪਰਕ: 99158-00904, 97793-10040, 98158-14158, 84376-91626

ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫ਼ਤਹਿ

ਆਵਾਜ਼ਿ ਕੌਮ AWAZE QAUM
International Newspaper & WEB TV

# ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ, ਵੁਲਵਰਹੈਪਟਨ ਇੰਗਲੈਂਡ ਵਿਖੇ




ਘੱਲੂਘਾਰਾ ਜੂਨ 1984 ਦੀ
40ਵੀਂ ਵਰੇਗੰਢ ਤੇ ਸਮੂੰਹ
ਸ਼ਹੀਦਾਂ ਦੀ ਯਾਦ ਵਿੱਚ

# ਮਹਾਨ ਢਾਡੀ ਦਰਬਾਰ



## 1 ਜੂਨ 2024
## ਦਿਨ ਸ਼ਨਿਚਰਵਾਰ
## ਸ਼ਾਮ 6 ਤੋਂ 9 ਵਜੇ ਤੱਕ

ਭਾਈ ਸੁਖਨਿਰੰਜਨ ਸਿੰਘ ਸੁਮਨ,
ਭਾਈ ਨਿਸ਼ਾਨ ਸਿੰਘ ਖਾਲਸਾ
ਅਤੇ ਭਾਈ ਤਰਲੋਚਨ ਸਿੰਘ
ਭੱਵਦੀ ਢਾਡੀ ਜਥੇ ਭਾਗ ਲੈਣਗੇ





Bhai SukhNiranjan Singh




Bhai Nishan Singh Khalsa



Bhai Trilochan Singh Bamaddi

ਪ੍ਰਬੰਧਕਾਂ ਵੱਲੋਂ ਸਮੂਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ ਸ਼ਹੀਦਾਂ ਦੀ ਯਾਦ ਦੇ ਵਿੱਚ ਗੁਰਦੁਆਰਾ ਸਾਹਿਬ ਪਰਿਵਾਰਾਂ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਿਲ ਹੋਵੋ ਜੀ

# GURU NANAK GURDWARA

**96-Well Lane, Wednesfield, Wolverhampton, England (U.K.) Post Code : WV11 1XT**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਭਾਈ ਪਰਮਜੀਤ ਸਿੰਘ ਢਾਡੀ
+44 7917 353349





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖ਼ਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ



# ਜ਼ਿਲ੍ਹਾ ਤਰਨਤਾਰਨ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ

## ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਦੇ ਸਪੁੱਤਰ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਵੱਲੋਂ ਸਿੰਘਾਂ ਦੀ ਜਲ ਪ੍ਰਸ਼ਾਦੇ ਨਾਲ ਬਹੁਤ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ ਗਈ


















ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 20ਵੀ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ 2 ਜੂਨ ਐਤਵਾਰ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਿਲਾ ਮੋਗਾ ਵਿਖੇ ਬਹੁਤ ਉਚ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜ਼ਿਲ੍ਹਾ ਤਰਨਤਾਰਨ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾਂ ਵੱਲੋਂ ਜੰਗੀ ਪੱਧਰ ਤੇ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ।ਜਥੇਬੰਦੀ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਅਤੇ ਬਾਬਾ ਸਤਨਾਮ ਸਿੰਘ ਜੀ ਅਲਗੋਂ ਖੁਰਦ ਇਕਾਈ ਪ੍ਰਧਾਨ ਵੱਲੋਂ ਪਿੰਡ ਕਲੰਜਰ,ਦੂਹਲ ਕੋਹਨਾ,ਸਕੱਤਰਾ,ਭੂਰਾ ਕੋਹਨਾ ਮਹਿਮੂਦਪੁਰਾ,ਫ਼ਰੰਦੀਪੁਰ,ਕਾਲੇ,ਮਾੜੀ ਸਮਰਾ ਅਤੇ ਹੋਰ ਨਗਰਾਂ ਵਿੱਚ ਸੰਗਤਾਂ ਨੂੰ ਮਿਲ ਕੇ 2 ਜੂਨ ਨੂੰ ਪਿੰਡ ਰੋਡੇ ਪਹੁੰਚਣ ਲਈ ਬੇਨਤੀ ਕੀਤੀ ਅਤੇ ਸੱਦਾ ਪੱਤਰ ਦਿੱਤੇ ਗਏ।ਜਥੇਬੰਦੀ ਦੇ ਜਿਲ੍ਹਾ ਤਰਨ ਤਰਨ ਦੇ ਪ੍ਰੈੱਸ ਸਕੱਤਰ ਸ੍ਰ ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ ਬਾਬਾ ਪਰਿਵਾਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਸਮਾਗਮ ਦੀਆਂ ਤਿਆਰੀਆਂ ਪੂਰੀ ਤਨਦੇਹੀ ਅਤੇ ਜਿੰਮੇਵਾਰੀਆਂ ਨਾਲ ਨਿਭਾਈਆਂ ਜਾ ਰਹੀਆਂ ਹਨ। ਅੱਜ ਮਾਝਾ ਖੇਤਰ ਜ਼ਿਲ੍ਹਾ ਤਰਨਤਾਰਨ ਦੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ ਅਤੇ 2 ਜੂਨ ਨੂੰ ਪਿੰਡ ਰੋਡੇ ਸਮਾਗਮ ਵਿੱਚ ਪਹੁੰਚਣ ਲਈ ਸੰਗਤ ਨੂੰ ਵੱਧ ਤੋਂ ਵੱਧ ਪ੍ਰੇਰਿਤ ਕੀਤਾ।ਇਸੇ ਤਰ੍ਹਾਂ ਸ੍ਰ ਮਹਿੰਗਾ ਸਿੰਘ ਜੀ ਸਰਪੰਚ ਨਗਰ ਚੂੰਗ ਨੇੜੇ ਮਹਿਤਾ ਤੋਂ ਇੱਕ ਬੱਸ 2 ਜੂਨ ਨੂੰ ਸੰਗਤ ਲੈ ਕੇ ਆਉਣ ਦਾ ਵਿਸ਼ਵਾਸ ਦਵਾਇਆ। ਪਿੰਡਾਂ ਦੀਆਂ ਸੰਗਤਾਂ ਨੇ ਵਿਸ਼ਵਾਸ ਦਵਾਇਆ ਕਿ ਵੱਧ ਤੋਂ ਵੱਧ ਸੰਗਤਾਂ 2 ਜੂਨ ਨੂੰ ਪਿੰਡ ਰੋਡੇ ਪਹੁੰਚਣਗੀਆਂ। ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਦੇ ਸਪੁੱਤਰ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਵੱਲੋਂ ਸਿੰਘਾਂ ਦੀ ਜਲ ਪ੍ਰਸ਼ਾਦੇ ਨਾਲ ਬਹੁਤ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ ਗਈ।ਇਸ ਮੌਕੇ ਪੰਥ ਰਤਨ ਬਾਬਾ ਹਰਬੰਸ ਸਿੰਘ ਕਾਰ ਸੇਵਾ ਦਿੱਲੀ ਵਾਲੇ , ਮੌਜੂਦਾ ਮੁਖੀ ਸੰਤ ਬਾਬਾ ਬਚਨ ਸਿੰਘ ਜੀ ਕਾਰ ਸੇਵਾ , ਭਾਈ ਕਾਰਜ ਸਿੰਘ ਜੀ ਭੂਰਾ ਕੋਹਨਾ ਜਨਮ ਅਸਥਾਨ ਸੰਤ ਬਾਬਾ ਕਰਤਾਰ ਸਿੰਘ ਜੀ ਭਿੰਡਰਾਵਾਲੇ ਬਾਬਾ ਮਨਜੀਤ ਸਿੰਘ ਜੀ ਕਾਰ ਸੇਵਾ ਦਿੱਲੀ ਵਾਲੇ,ਸ੍ਰ ਰਣਜੀਤ ਸਿੰਘ ਸਕੱਤਰਾ, ਸ੍ਰ ਸਰਵਣ ਸਿੰਘ ਮਹਿਮੂਦਪੁਰ, ਬਾਬਾ ਲਵਪ੍ਰੀਤ ਸਿੰਘ ਗ੍ਰੰਥੀ ਕਲੰਜਰ, ਬਾਬਾ ਗੁਰਸਾਹਿਬ ਸਿੰਘ ਜੀ ਕਾਲੇ, ਬਾਬਾ ਹਰਚੰਦ ਸਿੰਘ ਜੀ ਮਾੜੀ ਸਮਰਾ ਅਤੇ ਹੋਰ ਸਮੂਹ ਪਤਵੰਤੇ ਹਾਜਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



2 ਜੂਨ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ

# ਜ਼ਿਲ੍ਹਾ ਤਰਨਤਾਰਨ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ

## ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਪਹੁੰਚਣ ਲਈ ਜ਼ਿਲ੍ਹਾ ਤਰਨਤਾਰਨ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾਂ ਵੱਲੋਂ ਜੰਗੀ ਪੱਧਰ 'ਤੇ ਤਿਆਰੀਆਂ ਆਰੰਭ


















ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੀ ਸਤਿਕਾਰਯੋਗ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ 20ਵੀ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ 2 ਜੂਨ ਐਤਵਾਰ ਨੂੰ ਸੰਤ ਭਿੰਡਰਾਂਵਾਲਿਆਂ ਦੇ ਜਨਮ ਅਸਥਾਨ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਿਲਾ ਮੋਗਾ ਵਿਖੇ ਬਹੁਤ ਉਚ ਪੱਧਰ ਤੇ ਮਨਾਇਆ ਜਾ ਰਿਹਾ ਹੈ। ਜ਼ਿਲ੍ਹਾ ਤਰਨਤਾਰਨ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਸਾਹਿਬਾਨਾਂ ਵੱਲੋਂ ਜੰਗੀ ਪੱਧਰ ਤੇ ਤਿਆਰੀਆਂ ਆਰੰਭ ਹੋ ਚੁੱਕੀਆਂ ਹਨ ।ਜਥੇਬੰਦੀ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨਤਾਰਨ ਅਤੇ ਬਾਬਾ ਸਤਨਾਮ ਸਿੰਘ ਜੀ ਅਲਗੋਂ ਖੁਰਦ ਇਕਾਈ ਪ੍ਰਧਾਨ ਵੱਲੋਂ ਪਿੰਡ ਚੂਸਲੇਵੜ, ਧਾਰੀਵਾਲ, ਭਿੱਖੀਵਿੰਡ,ਸਾਂਡਪੁਰਾ,ਵਾੜਾ ਤੇਲੀਆਂ,ਡਿੱਬੀਪੁਰ ਅਤੇ ਹੋਰ ਨਗਰਾਂ ਵਿੱਚ ਸੰਗਤਾਂ ਨੂੰ ਮਿਲ ਕੇ 2 ਜੂਨ ਨੂੰ ਪਿੰਡ ਰੋਡੇ ਪਹੁੰਚਣ ਲਈ ਬੇਨਤੀ ਕੀਤੀ ਅਤੇ ਸੱਦਾ ਪੱਤਰ ਦਿੱਤੇ ਗਏ ।ਜਥੇਬੰਦੀ ਦੇ ਜਿਲ੍ਹਾ ਤਰਨ ਤਰਨ ਦੇ ਪ੍ਰੈੱਸ ਸਕੱਤਰ ਸ੍ਰ ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਅਤੇ ਸਮੂਹ ਬਾਬਾ ਪਰਿਵਾਰ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਸਮਾਗਮ ਦੀਆਂ ਤਿਆਰੀਆਂ ਪੂਰੀ ਤਨਦੇਹੀ ਅਤੇ ਜਿੰਮੇਵਾਰੀਆਂ ਨਾਲ ਨਿਭਾਈਆਂ ਜਾ ਰਹੀਆਂ ਹਨ। ਅੱਜ ਮਾਝਾ ਖੇਤਰ ਜ਼ਿਲ੍ਹਾ ਤਰਨਤਾਰਨ ਦੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਗਈਆਂ ਅਤੇ 2 ਜੂਨ ਨੂੰ ਪਿੰਡ ਰੋਡੇ ਸਮਾਗਮ ਵਿੱਚ ਪਹੁੰਚਣ ਲਈ ਸੰਗਤ ਨੂੰ ਵੱਧ ਤੋਂ ਵੱਧ ਪ੍ਰੇਰਿਤ ਕੀਤਾ ਅਤੇ ਪਿੰਡਾਂ ਦੀਆਂ ਸੰਗਤਾਂ ਨੇ ਵਿਸ਼ਵਾਸ ਦਵਾਇਆ ਕਿ ਵੱਧ ਤੋਂ ਵੱਧ ਸੰਗਤਾਂ 2 ਜੂਨ ਨੂੰ ਪਿੰਡ ਰੋਡੇ ਪਹੁੰਚਣਗੀਆਂ। ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜਥੇਦਾਰ ਬਾਬਾ ਨਛੱਤਰ ਸਿੰਘ ਜੀ ਦੇ ਸਪੁੱਤਰ ਭਾਈ ਗੁਰਭੇਜ ਸਿੰਘ ਜੀ ਭੈਣੀ ਮੱਸਾ ਸਿੰਘ ਵੱਲੋਂ ਸਿੰਘਾਂ ਦੀ ਜਲ ਪ੍ਰਸ਼ਾਦੇ ਨਾਲ ਬਹੁਤ ਸ਼ਰਧਾ ਭਾਵਨਾ ਨਾਲ ਸੇਵਾ ਕੀਤੀ ਗਈ ।ਇਸ ਮੌਕੇ ਬਾਬਾ ਗੁਰਸੇਵਕ ਸਿੰਘ ਜੀ ਚੂਸਲੇਵੜ, ਸ੍ਰ ਨਿਰਮਲ ਸਿੰਘ ਜੀ ਪ੍ਰਧਾਨ ਸਾਂਡਪੁਰਾ, ਸ੍ਰ ਗੁਰਭੇਜ ਸਿੰਘ ਸਾਂਡਪੁਰਾ,ਬਾਬਾ ਜਸਬੀਰ ਸਿੰਘ ਜੀ ਰੱਬ ਧਾਰੀਵਾਲ,ਮਾਸਟਰ ਸ੍ਰ ਸਤਨਾਮ ਸਿੰਘ ਜੀ ਮਨਾਵਾਂ ,ਪ੍ਰਧਾਨ ਸੁਖਦੇਵ ਸਿੰਘ ਜੀ ਭਿੱਖੀਵਿੰਡ , ਸ੍ਰ ਗੁਰਦੇਵ ਸਿੰਘ, ਸ੍ਰ ਜਸਵੰਤ ਸਿੰਘ ਜੱਸਾ ਮਾੜੀ ਮੇਘਾ , ਸ੍ਰ ਪਰਮਜੀਤ ਸਿੰਘ, ਸ੍ਰ ਹਰਪ੍ਰੀਤ ਸਿੰਘ, ਸ੍ਰ ਬਚਨਪਾਲ ਸਿੰਘ, ਸ੍ਰ ਜਗਮੋਹਨ ਸਿੰਘ, ਸਾਜਨ ਸਿੰਘ , ਸ੍ਰ ਚਰਨਜੀਤ ਸਿੰਘ ਵਾੜਾ ਤੇਲੀਆਂ, ਸ੍ਰ ਬੋਹੜ ਸਿੰਘ ਜੀ ਡਿੱਬੀਪੁਰ ਅਤੇ ਹੋਰ ਸਮੂਹ ਪਤਵੰਤੇ ਹਾਜਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਅੱਜ ਗੁਰਗੱਦੀ ਦਿਵਸ 'ਤੇ ਵਿਸ਼ੇਸ਼

# ਮੀਰੀ ਪੀਰੀ ਦੇ ਮਾਲਿਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ

## ਪੰਜ ਪਿਆਲੇ ਪੰਜ ਪੀਰ ਛਠਮ ਪੀਰ ਬੈਠਾ ਗੁਰ ਭਾਰੀ।। ਅਰਜਨ ਕਾਇਆ ਪਲਟ ਕੈ ਮੁਰਤਿ ਹਰਿਗੋਬਿੰਦ ਸਵਾਰੀ।।

**ਸੰਨ** 1581 ਈ: ਨੂੰ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਜਦ ਗੁਰਗੱਦੀ ਤੇ ਬਿਰਾਜ਼ਮਾਨ ਹੋਏ ਤਾਂ ਉਹਨਾਂ ਦੇ ਵੱਡੇ ਭਰਾ ਪ੍ਰਿਥੀ ਚੰਦ ਨੇ ਬੁਰਾ ਮਨਾਇਆ ਤੇ ਘਰ ਵਿੱਚੋਂ ਵੱਡਾ ਭਰਾ ਹੋਣ ਦੇ ਨਾਤੇ ਗੁਰਗੱਦੀ ਤੇ ਆਪਣਾ ਹੱਕ ਜਤਾਇਆ। ਕੋਈ ਚਾਰਾ ਨਾ ਚੱਲਦਾ ਵੇਖ ਕੇ ਪ੍ਰਿਥੀ ਚੰਦ ਇਹ ਸੋਚਦਾ ਰਹਿੰਦਾ ਕਿ ਚਲੋ ਕੋਈ ਗੱਲ ਨਹੀ, ਗੁਰੂ ਅਰਜਨ ਦੇ ਘਰ ਸ਼ਾਦੀ ਤੋਂ 14 ਸਾਲ ਬੀਤ ਜਾਣ ਤੇ ਵੀ ਕੋਈ ਬੱਚਾ ਨਹੀ ਹੋਇਆ ਤੇ ਨਾ ਹੀ ਅਗਾਂਹ ਹੋਏਗਾ। ਗੁਰੂ ਅਰਜਨ ਦੇਵ ਜੀ ਪ੍ਰਿਥੀ ਚੰਦ ਦੇ ਪੁੱਤਰ ਮਿਹਰਬਾਨ ਨੂੰ ਹਮੇਸ਼ਾ ਆਪਣੇ ਨਾਲ ਰੱਖਦੇ ਸਨ। ਇਸ ਗੱਲ ਨੂੰ ਲੈ ਕੇ ਪ੍ਰਿਥੀ ਚੰਦ ਮਨ ਹੀ ਮਨ ਇਹ ਸੋਚ ਕੇ ਖੁਸ਼ ਹੋ ਲੈਂਦਾ ਸੀ ਕਿ ਗੱਦੀ ਦੇ ਮਾਲਕ ਤਾਂ ਅਸੀ ਹੀ ਹਾਂ। ਉੱਧਰ ਮਾਤਾ ਗੰਗਾ ਜੀ ਦਰਾਣੀਆਂ ਜਠਾਣੀਆਂ ਦੇ ਤਾਅਨੇ ਮਿਅਨੇ ਸੁਣ ਕੇ ਤੰਗ ਆ ਚੁੱਕੇ ਸਨ।

ਗੁਰੂ ਅਰਜਨ ਦੇਵ ਜੀ ਦੇ ਕਹਿਣ ਤੇ ਮਾਤਾ ਗੰਗਾ ਜੀ ਇੱਕ ਦਿਨ ਅੰਮ੍ਰਿਤਸਰ ਤੋਂ 9-10 ਮੀਲ ਦੂਰ ਬੀੜ ਸਾਹਬ ਬਾਬਾ ਬੁੱਢਾ ਜੀ ਕੋਲ ਪੁੱਤਰ ਦਾ ਵਰ ਪ੍ਰਾਪਤ ਕਰਨ ਲਈ ਪਹੁੰਚੇ ਤਾਂ ਬਾਬਾ ਬੁੱਢਾ ਜੀ ਬੜੇ ਪ੍ਰਸੰਨ ਹੋਏ ਤੇ ਪੁੱਤਰ ਦਾ ਵਰ ਦਿੱਤਾ ਤੇ ਕਿਹਾ ਕਿ 'ਤੁਮਰੇ ਗ੍ਰਹਿ ਪ੍ਰਗਟੇਗਾ ਜੋਧਾ ਜਾ ਕੋ ਬਲ ਗੁਨ ਕਿਨਹੂੰ ਨਾ ਸੋਧਾ' ਤਾਂ ਬਾਬਾ ਬੁੱਢਾ ਜੀ ਦੇ ਵਰ ਨਾਲ 21 ਹਾੜ ਸੰਮਤ 1652 (14 ਜੂਨ 1595) ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਗੁਰੂ ਕੀ ਵਡਾਲੀ ਜਿਲ੍ਹਾ ਅੰਮ੍ਰਿਤਸਰ ਵਿੱਚ ਪਿਤਾ ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਮਾਤਾ ਗੰਗਾ ਜੀ ਦੇ ਉੱਦਰ ਤੋਂ ਹੋਇਆ। ਇਸੇ ਖੁਸ਼ੀ ਵਿੱਚ ਗੁਰੂ ਪਿਤਾ ਜੀ ਨੇ ਛੇ ਹਰਟਾਂ ਵਾਲਾ ਖੂਹ ਲਗਵਾਇਆ ਜੋ ਅੱਜ ਕੱਲ ਗੁਰਦੁਆਰਾ ਛੇਹਰਟਾ ਸਾਹਿਬ ਦੇ ਨਾਂ ਨਾਲ ਜਾਣਿਆ ਜਾਂਦਾ ਹੈ। ਵੱਡੇ ਭਰਾ ਪ੍ਰਿਥੀ ਚੰਦ ਨੇ ਕਈ ਵਾਰ ਸ੍ਰੀ ਗੁਰੂ ਹਰਿਗੋਬਿੰਦ ਸਾਹਬ ਜੀ ਨੂੰ ਮਾਰਨ ਦੀਆਂ ਕੋਝੀਆਂ ਚਾਲਾਂ ਚੱਲੀਆਂ, ਪਰ ਕਾਮਯਾਬ ਇੱਕ ਵੀ ਨਾ ਹੋਈ।ਜਦ 16 ਜੂਨ 1606 ਈ: ਨੂੰ ਲਾਹੌਰ ਵਿਖੇ ਸ਼ਾਤੀ ਦੇ ਪੁੰਜ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਹੋਈ ਤਾਂ ਗੁਰਗੱਦੀ ਸਮੇਂ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਉਮਰ ਮਹਿਜ਼ 11 ਸਾਲ ਸੀ। ਭਾਈ ਗੁਰਦਾਸ ਜੀ ਨੇ ਪਹਿਲੀ ਵਾਰ ਦੀ 48 ਵੀਂ ਪਉੜੀ ਵਿੱਚ ਫੁਰਮਾਇਆ ਹੈ ਕਿ

**ਪੰਜ ਪਿਆਲੇ ਪੰਜ ਪੀਰ ਛਠਮ ਪੀਰ ਬੈਠਾ ਗੁਰ ਭਾਰੀ।।**

**ਅਰਜਨ ਕਾਇਆ ਪਲਟ ਕੈ ਮੁਰਤਿ ਹਰਿਗੋਬਿੰਦ ਸਵਾਰੀ।।**

ਇਤਿਹਾਸ ਵਿੱਚ ਆਪ ਜੀ ਦੇ ਤਿੰਨ ਵਿਆਹਾਂ ਦਾ ਜ਼ਿਕਰ ਆਉਂਦਾ ਹੈ। ਆਪ ਜੀ ਦਾ ਪਹਿਲਾਂ ਵਿਆਹ ਡੱਲਾ ਨਿਵਾਸੀ ਸ੍ਰੀ ਨਰਾਇਣ ਦਾਸ ਦੀ ਸਪੁੱਤਰੀ ਦਮੋਦਰੀ ਜੀ ਨਾਲ (1608 ਈ:) ਨੂੰ ਹੋਇਆ। ਜਿੰਨ੍ਹਾਂ ਦੇ ਉੱਦਰ ਤੋਂ ਬਾਬਾ ਗੁਰਦਿੱਤਾ ਜੀ (1613 ਈ:), ਬੀਬੀ ਵੀਰੋ ਜੀ (1615 ਈ: ) ਅਤੇ ਅਣੀ ਰਾਏ ਜੀ (1618 ਈ:) ਵਿੱਚ ਪੈਦਾ ਹੋਏ। ਦੂਜਾ ਵਿਆਹ ਬਾਬਾ ਬਕਾਲਾ ਨਿਵਾਸੀ ਸ੍ਰੀ ਹਰੀ ਚੰਦ ਦੀ ਸਪੁੱਤਰੀ ਨਾਨਕੀ ਜੀ ਨਾਲ (1613 ਈ:) ਵਿੱਚ ਹੋਇਆ। ਜਿੰਨ੍ਹਾਂ ਦੇ ਉੱਦਰ ਤੋਂ ਬਾਬਾ ਅਟੱਲ ਰਾਏ (1619 ਈ:) ਅਤੇ ਗੁਰੂ ਤੇਗ ਬਹਾਦਰ ਜੀ (1621 ਈ:) ਨੂੰ ਪੈਦਾ ਹੋਏ। ਤੀਜਾ ਵਿਆਹ ਮੰਡਿਆਲਾ ਵਾਸੀ ਸ੍ਰੀ ਦਇਆ ਰਾਮ ਦੀ ਸਪੁੱਤਰੀ ਮਹਾਂਦੇਵੀ ਜੀ ਨਾਲ (1615 ਈ:) ਨੂੰ ਹੋਇਆ। ਜਿੰਨ੍ਹਾਂ ਦੇ ਉੱਦਰ ਤੋਂ ਸੂਰਜ ਮੱਲ (1617 ਈ:) ਪੈਦਾ ਹੋਏ।

ਜਦੋ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗੁਰਗੱਦੀ ਤੇ ਬਿਰਾਜਮਾਨ ਹੋਏ ਤਾਂ ਉਹਨਾਂ ਨੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਧਾਰਨ ਕੀਤੀਆਂ। ਸਿਰ ਤੇ ਕਲਗੀ ਸਜਾਈ। ਆਪ ਨੇ ਸੰਗਤਾਂ ਨੂੰ ਰੁਪੈ ਪੈਸੇ ਦੀ ਜਗ੍ਹਾ ਗੁਰੂ ਘਰ ਲਈ ਸ਼ਸਤਰ ਅਤੇ ਘੋੜੇ ਭੇਟਾ ਲਿਆਉਣ ਦਾ ਆਦੇਸ਼ ਕੀਤਾ। ਆਪ ਜੀ ਨੇ 1609 ਈ: ਵਿੱਚ ਅਕਾਲ ਬੁੰਗੇ ਦੀ ਨੀਂਹ ਰੱਖੀ, ਜਿਹੜਾ ਕਿ ਪੰਥ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਨਾਂ ਨਾਲ ਪ੍ਰਸਿੱਧ ਹੋਇਆ।




ਗੁਰੂ ਜੀ ਨੇ ਆਪਣੇ ਜਾਨ ਤੋਂ ਪਿਆਰੇ ਸਿੱਖਾਂ ਵਿੱਚ ਜੋਸ਼ ਅਤੇ ਉਤਸ਼ਾਹ ਭਰਨ ਲਈ ਢਾਡੀਆਂ ਦੁਆਰਾ ਵਾਰਾਂ ਦਾ ਗਾਇਨ ਆਰੰਭ ਕਰਾਇਆ।

ਗੁਰੂ ਸਾਹਿਬ ਨੇ ਆਪਣੇ ਜੀਵਨ ਕਾਲ ਦੌਰਾਨ ਚਾਰ ਜੰਗਾਂ ਲੜੀਆਂ ਅਤੇ ਚਾਰਾਂ ਹੀ ਤੇ ਜਿੱਤ ਹਾਸਲ ਕੀਤੀ। ਪਹਿਲੀ ਜੰਗ 1629 ਈ: ਵਿੱਚ ਕਿਲ੍ਹਾ ਲੋਹਗੜ੍ਹ ਵਿੱਚ ਸ਼ਾਹੀ ਮੁਗਲ ਸੈਨਾ ਨਾਲ ਹੋਈ। ਬਾਦਸ਼ਾਹ ਸ਼ਾਹਜਹਾਨ ਦੇ ਚਿੱਟੇ ਬਾਜ਼ ਨੂੰ ਸਿੱਖਾਂ ਨੇ ਫੜ ਲਿਆ ਤਾਂ ਬਾਦਸ਼ਾਹ ਨੇ ਮੀਰ ਸ਼ਿਕਾਰੀ ਨੂੰ ਬਾਜ਼ ਲੈਣ ਲਈ ਭੇਜਿਆ ਤਾਂ ਸਿੱਖਾਂ ਨੇ ਬਾਜ਼ ਦੇਣ ਤੋਂ ਨਾਹ ਕਰ ਦਿੱਤੀ ਤਾਂ ਬਾਦਸ਼ਾਹ ਨੇ ਆਪਣੇ ਇੱਕ ਖਾਸ ਅਹਿਲਕਾਰ ਮੁਖਲਿਸ ਖਾਂ

ਨੂੰ 7000 ਫੌਜ਼ ਨਾਲ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਚੜਾਈ ਕਰਨ ਲਈ ਭੇਜ ਦਿੱਤਾ। ਇਸ ਮੁਕਾਮ ਤੇ ਗੁਰੂ ਜੀ ਦਾ ਤੁਰਕਾਂ ਨਾਲ ਭਾਰੀ ਯੁੱਧ ਹੋਇਆ ਤੇ ਆਖਰ ਪਿੰਡ ਚੱਬੇ ਦੇ ਮੈਦਾਨ ਵਿੱਚ ਸ੍ਰੀ ਸੰਗਰਾਣਾ ਸਾਹਿਬ ਚੱਬਾ ਵਿਖੇ ਜਿੱਤ ਦਾ ਪਰਚਮ ਲਹਿਰਾਇਆ। ਦੂਜਾ ਯੁੱਧ 1630 ਈ: ਵਿੱਚ ਹਰਿਗੋਬਿੰਦਪੁਰ ਵਿਖੇ ਹੋਇਆ। ਤੀਜਾ ਯੁੱਧ 1632 ਈ: ਨੂੰ ਲਾਹੌਰ ਦੇ ਸੂਬੇਦਾਰ ਨਾਲ ਹੋਇਆ। ਚੌਥਾ ਯੁੱਧ 1634 ਈ: ਨੂੰ ਕਾਲੇ ਖਾਂ ਨਾਲ ਹੋਇਆ। ਇਸ ਯੁੱਧ ਵਿੱਚ ਬਾਬਾ ਗੁਰਦਿੱਤਾ ਜੀ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਆਪਣੀ ਤਲਵਾਰ ਦੇ ਜੌਹਰ ਵਿਖਾਏ। ਇਸ ਸਮੇਂ ਇੰਨ੍ਹਾਂ ਦੀ ਉਮਰ ਮਹਿਜ 14 ਸਾਲ ਸੀ।

ਗੁਰੂ ਜੀ ਦੀ ਚੜ੍ਹਤ ਵੇਖ ਕੇ ਗੁਰੂ ਘਰ ਦੇ ਵਿਰੋਧੀਆਂ ਨੇ ਸਰਗਰਮੀਆਂ ਤੇਜ਼ ਕਰ ਦਿੱਤੀਆ ਤੇ ਸਮੇਂ ਦੇ ਹਾਕਮਾਂ ਦੇ ਕੰਨ ਭਰਨੇ ਸ਼ੁਰੂ ਕਰ ਦਿੱਤੇ ਕਿ ਗੁਰੂ ਹਰਿਗੋਬਿੰਦ ਨੇ ਆਪਣੇ ਵੱਡੇ ਵਡੇਰਿਆ ਦੀ ਮਰਿਆਦਾ ਨੂੰ ਛੱਡ ਕੇ ਧਾੜਵੀਆਂ ਵਾਲਾ ਰੁੱਖ ਅਪਣਾਇਆਂ ਹੋਇਆਂ ਹੈ। ਗੁਰੂ ਘਰ ਦੇ ਵਿਰੋਧੀਆਂ ਦੀ ਹਮੇਸ਼ਾ ਤੋ ਇਹ ਸੋਚ ਰਹੀ ਹੈ ਕਿ ਗੁਰੂ ਘਰ ਨੂੰ ਦਬਾ ਕੇ ਰੱਖਿਆ ਜਾਵੇ ਤਾਂ ਕਿ ਇਹ ਸਮੇਂ ਦੀਆ ਸਰਕਾਰਾਂ ਵਿਰੁੱਧ ਬਗਾਵਤ ਨਾ ਕਰ ਸਕਣ। ਇਸੇ ਕਰਕੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਗਵਾਲੀਅਰ ਦੇ ਕਿਲੇ ਵਿੱਚ ਕੈਦ ਹੋਣਾ ਪਿਆ। ਜਦੋਂ ਸਾਂਈ ਮੀਆਂ ਮੀਰ ਜੀ ਨੇ ਬਾਦਸ਼ਾਹ ਨੂੰ ਸਾਰੀ ਗੱਲ ਸਮਝਾਈ ਤਾਂ ਗੁਰੂ ਸਾਹਿਬ ਜੀ ਦੀ ਰਿਹਾਈ ਸੰਭਵ ਹੋਈ ਤੇ ਨਾਲ ਹੀ ਗੁਰੂ ਜੀ ਨੇ ਹੋਰ ਰਿਆਸਤਾ ਦੇ ਬਵੰਜਾ ਰਾਜਿਆਂ ਨੂੰ ਵੀ ਰਿਹਾ ਕਰਵਾਇਆ। ਗੁਰੂ ਜੀ ਅਤੇ ਬਾਦਸ਼ਾਹ ਦੇ ਸਬੰਧਾਂ ਵਿੱਚ ਮਿਠਾਸ ਆਈ ਤਾਂ ਉਹ ਦੇਸ਼ ਰਟਨ ਦੇ ਕਈ ਮੌਕਿਆ ਤੇ ਗੁਰੂ ਜੀ ਨੂੰ ਆਪਣੇ ਨਾਲ ਲੈ ਕੇ ਗਿਆ। ਇਸੇ ਕਰਕੇ ਗੁਰੂ ਘਰ ਦੇ ਦੋਖੀ ਚੰਦੂ ਨੂੰ ਸਿੱਖਾਂ ਦੇ ਹਵਾਲੇ ਕਰ ਦਿੱਤਾ ਗਿਆ ਤਾਂ ਸਿੱਖਾਂ ਨੇ ਉਸਨੂੰ ਨਕੇਲ ਪਾ ਕੇ ਸ਼ਹਿਰ ਵਿੱਚ ਘੁਮਾਇਆ ਤੇ ਉਸਦਾ ਬਹੁਤ ਬੁਰਾ ਅੰਤ ਹੋਇਆ।

ਗੁਰੂ ਘਰ ਦੇ ਉਪਦੇਸ਼ਾ ਤੋਂ ਪ੍ਰਭਾਵਿਤ ਹੋ ਕੇ ਬਹੁਤ ਸਾਰੇ ਹਿੰਦੂ, ਮੁਸਲਮਾਨ ਵੀ ਗੁਰੂ ਘਰ ਦੇ ਉਪਾਸ਼ਕ ਬਣਨ ਲੱਗੇ ਜੋ ਗੁਰੂ ਘਰ ਦੇ ਦੋਖੀਆਂ ਲਈ ਖਤਰੇ ਦੀ ਘੰਟੀ ਸੀ। ਗੁਰੂ ਸਾਹਿਬ ਜੀ ਆਪਣੇ ਭਗਤਾਂ ਦਾ ਦਿਲੋਂ ਸਤਿਕਾਰ ਕਰਦੇ ਸਨ। ਜੰਗਾਂ ਯੁੱਧਾਂ ਵਿੱਚ ਸ਼ਹੀਦ ਹੋਏ ਸਿੱਖਾਂ ਅਤੇ ਮੁਸਲਮਾਨਾਂ ਦੇ ਸਰੀਰ ਉਹਨਾਂ ਦੇ ਅਕੀਦੇ ਮੁਤਾਬਿਕ ਅੰਤਿਮ ਸਸਕਾਰ ਕੀਤੇ ਜਾਂਦੇ ਸਨ। ਦੁਸ਼ਮਣਾਂ ਦੀਆਂ ਲੋਥਾਂ ਨੂੰ ਵੀ ਦਫਨਾ ਦਿੱਤਾ ਜਾਂਦਾ ਸੀ। ਗੁਰੂ ਜੀ ਦੇ ਮਨ ਵਿੱਚ ਕਿਸੇ ਪ੍ਰਤੀ ਕੋਈ ਗਿਲਾ ਨਹੀ ਸੀ ਜੋ ਵੀ ਸ਼ਰਧਾ ਭਾਵਨਾ ਨਾਲ ਗੁਰੂ ਜੀ ਦੇ ਚਰਨਾਂ ਦਾ ਮੁਰੀਦ ਬਣ ਕੇ ਆਇਆ, ਗੁਰੂ ਜੀ ਵੀ ਹਮੇਸ਼ਾਂ-ਹਮੇਸ਼ਾਂ ਲਈ ਉਸਦੇ ਹੋ ਕੇ ਰਹਿ ਗਏ। ਕਿਹਾ ਜਾਦਾ ਹੈ ਕਿ ਬੀਬੀ ਕੌਲਾਂ ਜੀ ਇੱਕ ਕਾਜ਼ੀ ਦੀ ਬੇਟੀ ਸੀ ਅਤੇ ਗੁਰੂ ਘਰ ਦੀ ਸ਼ਰਧਾਲੂ ਸੀ। ਕਾਜ਼ੀ ਨੇ ਸ਼ਰ੍ਹਾ ਵਿੱਚ ਈਮਾਨ ਰੱਖਦੇ ਹੋਏ ਹੋਰ ਕਾਜ਼ੀਆਂ ਨਾਲ ਮੌਤ ਦਾ ਫਤਵਾ ਜਾਰੀ ਕਰ ਦਿੱਤਾ ਤਾਂ ਜਦੋਂ ਇਸ ਗੱਲ ਦਾ ਪਤਾ ਸਾਂਈ ਮੀਆਂ ਮੀਰ ਜੀ ਨੂੰ ਲੱਗਾ ਤਾਂ ਉਹ ਬੀਬੀ ਕੌਲਾਂ ਜੀ ਨੂੰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਕੋਲ ਲੈ ਆਏ। ਉਸ ਤੋਂ ਬਾਅਦ ਬੀਬੀ ਜੀ ਨੇ ਆਪਣਾ ਸਾਰਾ ਜੀਵਨ ਗੁਰੂ ਘਰ ਦੇ ਲੇਖੇ ਲਾ ਦਿੱਤਾ ਸੀ। ਗੁਰੂ ਜੀ ਨੇ ਵੀ ਬੀਬੀ ਜੀ ਨੂੰ ਸਦੀਵੀਂ ਤੋਰ ਤੇ ਜਿਉਂਦਾ ਰੱਖਣ ਲਈ ਇੱਕ ਸਰੋਵਰ ਦੀ ਉਸਾਰੀ ਕਰਵਾਈ, ਜਿਸ ਦਾ ਨਾਂ ਕੌਲਸਰ ਰੱਖਿਆ ਗਿਆ।

ਗੁਰੂ ਜੀ ਨੇ ਜਗਤ ਨੂੰ ਸੰਦੇਸ਼ਾ ਦਿੱਤਾ ਕਿ ਜ਼ੁਲਮ ਨਹੀ ਕਰਨਾ ਤੇ ਨਾ ਹੀ ਸਹਿਣਾ ਹੈ। ਵੰਡ ਕੇ ਛਕਣਾ, ਹੱਥੀਂ ਕਿਰਤ ਕਰਨ ਨੂੰ ਪਹਿਲ ਦਿੱਤੀ, ਦੀਨ ਦੁਖੀਆਂ ਦੀ ਸੇਵਾ ਕਰਨੀ, ਆਪਣੀ ਦਸਾਂ ਨਹੁੰਆਂ ਦੀ ਕਮਾਈ ਵਿੱਚੋਂ ਗੁਰੂ ਘਰ ਲਈ ਦਸਵੰਧ ਕੱਢਣਾ, ਨਾਮ ਜੱਪਣਾ, ਨਾਮ ਜਪਾਉਣਾ ਤੇ ਸਦਾ ਮਾਲਕ ਦੇ ਭਾਣੇ ਵਿੱਚ ਰਹਿਣਾ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਆਪਣੇ ਪੋਤੇ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਨੂੰ ਗੁਰਗੱਦੀ ਪੁਰ ਥਾਪ ਕੇ 7 ਚੇਤ ਸੰਮਤ 1701 (3 ਮਾਰਚ ਸੰਨ 1644) ਨੂੰ ਜੋਤੀ ਜੋਤ ਸਮਾ ਗਏ।

**-ਧਰਮਿੰਦਰ ਸਿੰਘ (ਚੱਬਾ)**
**ਪਿੰਡ ਤੇ ਡਾਕ: ਚੱਬਾ, ਤਰਨਤਾਰਨ ਰੋਡ, ਅੰਮ੍ਰਿਤਸਰ**-143022

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਪੰਜਾਬ ਅਤੇ ਮਨੁੱਖਤਾ ਦੇ ਹੱਕਾਂ ਦੀ ਰਾਖੀ ਲਈ ਪੰਥਕ ਉਮੀਦਵਾਰਾਂ ਨੂੰ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਿਆ ਜਾਵੇ**

# ਭਾਈ ਵਰਿੰਦਰ ਸਿੰਘ ਜੀ ਜੌਹਲ ਮੁੱਖ ਬੁਲਾਰਾ ਅਸਟਰੀਆ ਇੰਟਰਨੈਸ਼ਨਲ ਪੰਥਕ ਦਲ





(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) 2024 ਦੀਆਂ ਲੋਕ ਸਭਾ ਚੋਣਾਂ ਵਿੱਚ ਪੰਥਕ ਉਮੀਦਵਾਰਾਂ ਨੂੰ ਰਿਕਾਰਡ ਤੋੜ ਵੋਟਾਂ ਨਾਲ ਜਿਤਾ ਕੇ ਪਾਰਲੀਮੈਂਟ ਵਿੱਚ ਭੇਜਿਆ ਜਾਵੇ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਮੁੱਖ ਬੁਲਾਰੇ ਭਾਈ ਵਰਿੰਦਰ ਸਿੰਘ ਜੀ ਜੌਹਲ ਹੁਰਾਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਪੰਜਾਬ ਆ ਕੇ ਸਿੱਖੀ ਦੇ ਪ੍ਰਚਾਰ ਦੀ ਗੱਲ ਕੀਤੀ ਨੌਜਵਾਨਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕਾਇਆ ਅਤੇ ਨਸ਼ਿਆਂ ਤੋਂ ਦੂਰ ਕੀਤਾ ਜਿਸ ਨੂੰ ਸਰਕਾਰ ਨੇ ਐਨਐਸਏ ਲਗਾਕੇ ਡਿਬਰੂਗੜ੍ਹ ਦੀ ਜੇਲ ਵਿੱਚ ਸਾਥੀਆਂ ਸਮੇਤ ਨਜ਼ਰਬੰਦ ਕੀਤਾ ਹੋਇਆ ਹੈ ਉਹਨਾਂ ਦੀ ਰਿਹਾਈ ਲਈ ਹਲਕਾ ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਜਿਤਾਇਆ ਜਾਵੇ। ਇਸੇ ਤਰ੍ਹਾਂ ਭਾਈ ਵਰਿੰਦਰ ਸਿੰਘ ਜੀ ਜੌਹਲ ਹੁਰਾਂ ਨੇ ਸੰਗਤਾਂ ਨੂੰ ਬੇਨਤੀ ਕੀਤੀ ਹੈ ਹਲਕਾ ਫਰੀਦਕੋਟ ਤੋਂ ਆਜ਼ਾਦ ਉਮੀਦਵਾਰ ਸ਼ਹੀਦ ਭਾਈ ਬੇਅੰਤ ਸਿੰਘ ਜੀ ਦੇ ਸਪੁੱਤਰ ਭਾਈ ਸਰਬਜੀਤ ਸਿੰਘ ਮਲੋਆ, ਹਲਕਾ ਲੁਧਿਆਣੇ ਤੋਂ ਉਮੀਦਵਾਰ ਸ੍ਰ ਕਮਲਜੀਤ ਸਿੰਘ ਬਰਾੜ ਅਤੇ ਹੋਰ ਪੰਥਕ ਉਮੀਦਵਾਰਾਂ ਨੂੰ ਭਾਰੀ ਵੋਟਾਂ ਨਾਲ ਜਿਤਾ ਕੇ ਕਾਮਯਾਬ ਬਣਾਇਆ ਜਾਵੇ ਅਤੇ ਪਾਰਲੀਮੈਂਟ ਵਿੱਚ ਭੇਜਿਆ ਜਾਵੇ।ਇਸ ਮੌਕੇ ਯੂਥ ਮਾਝਾ ਗਰੁੱਪ ਗਰਾਸ ਪ੍ਰਧਾਨ ਭਾਈ ਵਰਿੰਦਰ ਸਿੰਘ ਜੀ ਜੌਹਲ ਮੁੱਖ ਬੁਲਾਰੇ ਅਸਟਰੀਆ, ਸ੍ਰ ਗੁਰਪ੍ਰੀਤ ਸਿੰਘ ਪ੍ਰਧਾਨ ਇੰਸਬਰੁੱਕ, ਸ੍ਰ ਜਨਮੀਤ ਸਿੰਘ ਅਟਵਾਲ ਕਮੇਟੀ ਮੈਂਬਰ ਗਰਾਸ, ਸ੍ਰ ਹਰਵੰਤ ਸਿੰਘ ਔਲਖ , ਸ੍ਰ ਗੁਰਪ੍ਰੀਤ ਸਿੰਘ ਔਲਖ, ਸ੍ਰ ਸ਼ਮਸ਼ੇਰ ਸਿੰਘ ਔਲਖ, ਸ੍ਰ ਸਾਬ ਸਿੰਘ ਔਲਖ, ਸ੍ਰ ਏਕਮਜੋਤ ਸਿੰਘ ਭੰਗੂ, ਸ੍ਰ ਰਾਜਨਦੀਪ ਸਿੰਘ ਜੌਹਲ, ਸ੍ਰ ਦਿਲਾਵਾਰ ਸਿੰਘ ਜੌਹਲ, ਸ੍ਰ ਹਿੰਮਤ ਸਿੰਘ ਜੌਹਲ, ਸ੍ਰ ਜਗਦੀਪ ਸਿੰਘ ਜੌਹਲ, ਸ੍ਰ ਗੁਰਜੰਟ ਸਿੰਘ, ਸ੍ਰ ਲਵਪ੍ਰੀਤ ਸਿੰਘ ਖਹਿਰਾ, ਸ੍ਰ ਹਰਪਾਲ ਸਿੰਘ ਵਿਆਨਾ, ਪ੍ਰਧਾਨ ਸ੍ਰ ਸੁਰਜੀਤ ਸਿੰਘ ਕਾਹਲੋਂ, ਸ੍ਰ ਬਲਕਾਰ ਸਿੰਘ, ਸ੍ਰ ਗੁਰਕੀਰਤ ਸਿੰਘ ਹਾਜ਼ਰ ਸਨ।

**ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਮਾਪੇ ਅਧਿਆਪਕ ਮਿਲਣੀ ਮੌਕੇ ਸਾਖਰਤਾ ਭਾਰਤੀ ਅਭਿਆਨ ਦੀ ਕੀਤੀ ਸ਼ੁਰੂਆਤ**

# ਸਾਖਰਤਾ ਭਾਰਤੀ ਅਭਿਆਨ ਦੀ ਸ਼ੁਰੂਆਤ ਇੱਕ ਅੱਛਾ ਕਦਮ : ਹੈੱਡ ਟੀਚਰ ਮੈਡਮ ਸੀਮਾ ਰਾਣੀ



**ਜਗਰਾਉਂ, (ਵਰਿਆਮ ਹਠੂਰ)**- ਇਤਿਹਾਸਕ ਕਸਬਾ ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਮਾਪੇ ਅਤੇ ਅਧਿਆਪਕ ਮਿਲਣੀ ਹੋਈ ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਜਿੱਥੇ ਅੱਤ ਦੀ ਪੈ ਰਹੀ ਗਰਮੀ ਤੋਂ ਬਚਣ ਲਈ ਜਾਗਰੂਕ ਕੀਤਾ, ਉੱਥੇ ਸਾਖਰਤਾ ਭਾਰਤੀ ਅਭਿਆਨ ਦੀ ਸ਼ੁਰੂਆਤ ਵੀ ਕੀਤੀ ਗਈ, ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਕਿਹਾ ਕਿ ਸਮਾਜਿਕ ਜੀਵਨ ਦੀ ਸਮਝ ਰੱਖਣ ਲਈ ਸਾਖ਼ਰਤਾ ਦੀ ਮਹੱਤਤਾ ਨੂੰ ਸਮਝਣਾ ਜ਼ਰੂਰੀ ਹੈ। ਸਾਖਰਤਾ ਹਰ ਉਸ ਵਿਆਕਤੀ ਲਈ ਮਹੱਤਵਪੂਰਨ ਹੈ। ਜਿਸ ਦੀ ਇੱਛਾ ਜ਼ਿੰਦਗੀ ਵਿੱਚ ਸਾਧਾਰਨ ਤੋਂ ਕੁਝ ਵੱਧ ਕਰਨ ਦੀ ਹੁੰਦੀ ਹੈ। ਪੜ੍ਹਿਆ ਲਿਖਿਆ ਇਨਸਾਨ ਹੀ ਆਪਣੀ ਅਤੇ ਸਮਾਜ ਦੀ ਸੋਚ ਬਦਲ ਸਕਦਾ ਹੈ। ਇਸ ਲਈ ਸਾਖ਼ਰਤਾ ਭਾਰਤੀ ਅਭਿਆਨ ਦੀ ਸ਼ੁਰੂਆਤ ਇੱਕ ਅੱਛਾ ਕਦਮ ਹੈ। ਜਿਸ ਅਧੀਨ ਅਨਪੜ੍ਹ ਲੋਕਾਂ ਨੂੰ

ਆਵਾਜ਼ਿ ਕੌਮ AWAZE QAUM International Newspaper & WEB TV

ਪੜ੍ਹਾਉਣ ਦਾ ਉਪਰਾਲਾ ਹੋਵੇਗਾ। ਤੇ ਸਮਾਜ ਵਿੱਚ ਬਦਲਾਅ ਵੇਖਣ ਨੂੰ ਮਿਲੇਗਾ, ਇਸ ਲਈ ਅਨਪੜ੍ਹ ਲੋਕਾਂ ਨੂੰ ਸਾਖ਼ਰਤਾ ਭਾਰਤੀ ਅਭਿਆਨ ਨਾਲ ਜੁੜਨਾ ਚਾਹੀਦਾ ਹੈ। ਮੀਟਿੰਗ ਵਿੱਚ ਪੁੱਜੇ ਮਾਪਿਆਂ ਨੇ ਸਾਖ਼ਰਤਾ ਭਾਰਤੀ ਅਭਿਆਨ ਦੀ ਸ਼ੁਰੂਆਤ ਦੀ ਸ਼ਲਾਘਾ ਕੀਤੀ, ਇਸ ਮੌਕੇ ਹੈੱਡ ਟੀਚਰ ਮੈਡਮ ਸੀਮਾ ਰਾਣੀ, ਮੈਡਮ ਮੋਨਿਕਾ ਜੈਨ, ਰਾਜਵੰਤ ਕੌਰ, ਕਰਮਜੀਤ ਕੌਰ, ਮਨਪ੍ਰੀਤ ਕੌਰ, ਗੁਰਜੀਤ ਕੌਰ, ਅਨੂ ਰਾਣੀ, ਜਸਪ੍ਰੀਤ ਕੌਰ, ਗੁਰਪ੍ਰੀਤ ਕੌਰ ਆਦਿ ਹਾਜ਼ਰ ਸਨ।

# ਆਇਆ ਵੋਟਾਂ ਦਾ ਦਿਹਾੜਾ

ਆਇਆ ਵੋਟਾਂ ਦਾ ਦਿਹਾੜਾ
ਸੋਚ ਸਮਝ ਕੇ ਵੋਟ ਹੈ ਪਾਉਣਾ
ਇੱਕ ਜੂਨ ਦਾ ਦਿਨ ਹੈ ਨੇੜੇ
ਵੋਟਾਂ ਲੈਣ ਦੇ ਦਾਅਵੇਦਾਰ ਬਥੇਰੇ
ਗੱਲਾਂ ਨਾਲ ਸਭ ਨੇ ਹੈ ਵਰਗਲਾਉਣਾ
ਆਇਆ ਵੋਟਾਂ ਦਾ ਦਿਹਾੜਾ
ਸੋਚ ਸਮਝ ਕੇ ਵੋਟ ਹੈ ਪਾਉਣਾ
ਤੁਸੀਂ ਹੀ ਆਪਣਾ ਪ੍ਰਧਾਨ ਮੰਤਰੀ ਬਣਾਉਣਾ
ਸੋਚ ਵਿਚਾਰ ਕੇ ਬਟਨ ਦਬਾਉਣਾ
ਫਿਰ ਨਾ ਪਏ ਪਿੱਛੋਂ ਪਛਤਾਉਣਾ
ਆਇਆ ਵੋਟਾਂ ਦਾ ਦਿਹਾੜਾ
ਸੋਚ ਸਮਝ ਕੇ ਵੋਟ ਹੈ ਪਾਉਣਾ
ਵੋਟ ਨਹੀਂ ਬਿਨਾਂ ਵਿਚਾਰੇ ਪਾਉਣੀ
ਆਪਣੀ ਕੀਮਤ ਆਪ ਹੈ ਪਾਉਣੀ
ਹੱਕ ਤੇ ਫ਼ਰਜ਼ ਦੋਨੋਂ ਨਿਭਾਉਣਾ
ਆਇਆ ਵੋਟਾਂ ਦਾ ਦਿਹਾੜਾ
ਸੋਚ ਸਮਝ ਕੇ ਵੋਟ ਹੈ ਪਾਉਣਾ
ਕਰਨੀ ਹੱਕ ਸੱਚ ਦੀ ਰਾਖੀ
'ਅਮਨ' ਨੇ ਸੱਚੀ ਗੱਲ ਹੈ ਆਖੀ
ਆਪਣੀ ਸੋਚ ਸਮਝ ਵਿਖਾਉਣਾ
ਵੋਟਾਂ ਦਾ ਮੌਸਮ ਫਿਰ ਪੰਜ ਸਾਲ ਬਾਅਦ ਆਉਣਾ
ਆਇਆ ਵੋਟਾਂ ਦਾ ਦਿਹਾੜਾ
ਸੋਚ ਸਮਝ ਕੇ ਕੇ ਵੋਟ ਹੈ ਪਾਉਣਾ

ਆਵਾਜ਼ਿ ਕੌਮ AWAZE QAUM International Newspaper & WEB TV

**-ਅਮਰਜੀਤ ਕੌਰ 'ਅਮਨ'**
#1138/63-ਏ, ਗੁਰੂ ਤੇਗ. ਬਹਾਦਰ ਨਗਰ
ਗਲੀ ਨੰਬਰ 1, ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ।

# ਡਾਕਟਰਾਂ ਵਿਰੁੱਧ ਹਿੰਸਾ ਵੱਡਾ ਗੁਨਾਹ ਹੈ: ਡਾ ਦਲੇਰ ਸਿੰਘ ਮੁਲਤਾਨੀ



ਚੌਕ ਮਹਿਤਾ, 30 ਮਈ (ਬਾਬਾ ਸੁਖਵੰਤ ਸਿੰਘ ਚੰਨਣਕੇ)-ਮਰੀਜ ਦਾ ਇਲਾਜ ਕਿਸੇ ਚਮਤਕਾਰ ਨਾਲ ਨਹੀਂ ਹੁੰਦਾ ਬਲਕਿ ਮਰੀਜ ਦਾ ਇਲਾਜ ਡਾਕਟਰ ਦੀ ਸੋਚ/ ਪੜ੍ਹਾਈ, ਦਵਾਈ ਦਾ ਅਸਰ ਤੇ ਮਰੀਜ ਦੀ ਹਾਲਤ ਤੇ ਨਿਰਭਰ ਕਰਦਾ ਹੈ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਰਿਟਾ ਸਿਵਲ ਸਰਜਨ ਡਾ ਦਲੇਰ ਸਿੰਘ ਮੁਲਤਾਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝਾ ਕੀਤਾ ਉਨ੍ਹਾਂ ਕਿਹਾ ਕਿ ਜੋ ਲੋਕ ਡਾਕਟਰਾਂ ਵਿਰੁੱਧ ਹਿੰਸਾ ਕਰਦੇ ਹਨ ਉਹਨਾਂ ਵਿਰੁਧ 2008 ਵਿਚ ਪੰਜਾਬ ਸਰਕਾਰ ਵੱਲੋਂ ਬਣਾਏ ਕਨੂੰਨ ਤਹਿਤ ਗੈਰ ਜ਼ਮਾਨਤੀ ਪਰਚਾ ਦਰਜ ਹੋਣਾ ਚਾਹੀਦਾ ਜਿੱਥੇ ਡਾਕਟਰਾਂ ਵਿਰੁੱਧ ਹਿੰਸਾ ਗੁਨਾਹ ਹੈ ਉੱਥੇ ਪੁਲਿਸ ਨੂੰ ਵੀ ਯਾਦ ਰੱਖਣਾ ਚਾਹੀਦਾ ਕਿ ਕਿਸੇ ਵੀ ਅਣਗਹਿਲੀ ਲਈ ਡਾਕਟਰਾਂ ਵਿਰੁੱਧ ਐਫ ਆਈ ਆਰ ਦਰਜ ਕਰਨ ਅਤੇ ਅਰੈਸਟ ਕਰਨ ਤੋ ਪਹਿਲਾਂ ਸਿਵਲ ਸਰਜਨ ( ਕਨੂੰਨ ਮੁਤਾਬਕ ਪੰਜ ਮੈਂਬਰੀ ਕਮੇਟੀ ਬਣੀ ਹੋਈ ) ਕੋਲ਼ੋਂ ਪੂਰੀ ਜਾਂਚ ਕਰਨ ਉਪਰੰਤ ਹੀ ਐਫ ਆਈ ਆਰ ਦਰਜ ਕਰਨ ਨਹੀਂ ਤਾਂ ਕੋਰਟ ਦੇ ਆਡਰਾਂ ਦੀ ਅਪਮਾਣਤਾ ਮੰਨੀ ਜਾਵੇਗੀ ਤੀਸਰਾ ਡਾਕਟਰਾਂ ਨੂੰ ਕੰਨਜ਼ੂਮਰ ਡਿਸਪਿਊਟ ਰੀਡਰੈਸਿਲ ਐਕਟ ਤੋਂ ਬਾਹਰ ਕਰ ਦੇਣਾ ਚਾਹੀਦਾ ਤਾਂ ਕਿ ਡਾਕਟਰ ਮੈਡੀਕਲ ਕਿੱਤੇ ਨੂੰ ਬਿਜਨਸ ਕਹਿ ਕੇ ਲੋਕਾਂ ਦੀ ਲੁੱਟ ਨਾ ਕਰ ਸਕਣ ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਯੂਨੀਵਰਸਿਟੀ ਤੋਂ ਡਾ. ਕੋਮਲਪ੍ਰੀਤ ਕੌਰ 27ਵੀਂ ਪੰਜਾਬ ਸਾਇੰਸ ਕਾਂਗਰਸ 'ਚ ਯੰਗ ਸਾਇੰਟਿਸਟ ਐਵਾਰਡ ਨਾਲ ਸਨਮਾਨਿਤ





ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)- ਅਕਾਲ ਯੂਨੀਵਰਸਿਟੀ ਦੇ ਜ਼ੂਆਲੋਜੀ ਅਤੇ ਮੈਡੀਕਲ ਸਾਇੰਸਜ਼ ਵਿਭਾਗ ਦੀ ਮੁਖੀ ਡਾ. ਕੋਮਲਪ੍ਰੀਤ ਕੌਰ ਨੂੰ 27ਵੀਂ ਪੰਜਾਬ ਸਾਇੰਸ ਕਾਂਗਰਸ ਵਿੱਚ ਵੱਕਾਰੀ ਯੰਗ ਸਾਇੰਟਿਸਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਹੈ। ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਵਿਖੇ ਆਯੋਜਿਤ ਨੈਸ਼ਨਲ ਕਾਨਫਰੰਸ ਦੌਰਾਨ ਦਿੱਤੇ ਗਏ ਇਸ ਪੁਰਸਕਾਰ ਵਿੱਚ ਇੱਕ ਮੈਡਲ, ਸਰਟੀਫਿਕੇਟ ਅਤੇ ਨਕਦ ਇਨਾਮ ਸ਼ਾਮਲ ਹੈ। ਇਹ ਯੰਗ ਸਾਇੰਟਿਸਟ ਅਵਾਰਡ ਡਾ. ਕੋਮਲਪ੍ਰੀਤ ਦੇ ਸਮਰਪਣ, ਮੁਹਾਰਤ ਅਤੇ ਵਿਗਿਆਨਕ ਭਾਈਚਾਰੇ ਲਈ ਮਹੱਤਵਪੂਰਨ ਯੋਗਦਾਨ ਦਾ ਪ੍ਰਮਾਣ ਹੈ। ਡਾ. ਕੋਮਲਪ੍ਰੀਤ ਦੀ ਇਹ ਪ੍ਰਾਪਤੀ ਅਕਾਲ ਯੂਨੀਵਰਸਿਟੀ ਖੋਜ ਅਤੇ ਅਕਾਦਮਿਕ ਖੇਤਰ ਵਿੱਚ ਉੱਤਮਤਾ ਲਈ ਸੰਸਥਾ ਦੀ ਵਚਨਬੱਧਤਾ ਦੀ ਪ੍ਰਭਾਵੀ ਪੇਸ਼ਕਾਰੀ ਕਰਦੀ ਹੈ। ਇਸ ਪ੍ਰਾਪਤੀ ਲਈ ਉਹਨਾਂ ਨੂੰ ਯੂਨੀਵਰਸਿਟੀ ਦੇ ਪ੍ਰਬੰਧਕਾਂ ਤੇ ਸਾਥੀ ਅਧਿਆਪਕਾਂ ਨੈ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਵਾਸੀਓ, ਭਾਈ ਅੰਮ੍ਰਿਤਪਾਲ ਸਿੰਘ ਅਤੇ ਹੋਰ

# ਪੰਥਕ ਉਮੀਦਵਾਰਾਂ ਨੂੰ ਜਿਤਾਓ : ਜਨਰਲ ਸੁਬੇਗ ਸਿੰਘ ਸਪੋਰਟਸ ਕਲੱਬ ਕੈਨੇਡਾ



**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਾਸੀਓ ਤੁਹਾਡੇ ਪੁਰਖਿਆ ਕਦੇ ਸਿਰ ਦੇਣ ਲੱਗਿਆ ਕਸਰ ਨਹੀ ਛੱਡੀ।ਅੱਜ ਤਾਂ ਗੱਲ ਹੀ ਕਲਮ ਦੀ ਲੜਾਈ ਦੀ ਏ। ਦੇਸ਼ ਪੰਜਾਬ ਦੇ ਵਿੱਚ ਹੋ ਰਹੀਆਂ ਲੋਕ ਸਭਾ ਦੀਆਂ ਚੋਣਾਂ ਨੂੰ ਮੁੱਖ ਰੱਖਦਿਆਂ ਹੋਇਆਂ ਗਦਰੀ ਬਾਬਿਆਂ ਦੀ ਧਰਤੀ ਕਨੇਡਾ ਤੋਂ ਵਾਰਿਸ ਪੰਜਾਬ ਜਥੇਬੰਦੀ, ਸ਼ਹੀਦ ਜਨਰਲ ਸੁਬੇਗ ਸਿੰਘ ਸਪੋਰਟਸ ਕਲੱਬ ਕਨੇਡਾ , ਨੌਰਥ ਅਮੈਰਿਕਨ ਸਿੱਖ ਐਸੋਸੀਏਸ਼ਨ ਅਤੇ ਹੋਰ ਸਮੂਹ ਸਿੱਖ ਜਥੇਬੰਦੀਆਂ ਵੱਲੋਂ ਸਾਂਝੇ ਤੌਰ ਦੇ ਉੱਤੇ ਇੱਕ ਕਾਰ ਰੈਲੀ ਦਾ ਆਯੋਜਨ ਕੀਤਾ ਗਿਆ ਜੋ ਸ਼ਹੀਦਾਂ ਦੇ ਪਾਵਨ ਅਸਥਾਨ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਡੈਲਟਾ ਤੋਂ ਆਰੰਭ ਹੋ ਕਿ ਗੁਰਦੁਆਰਾ ਸੁਖਸਾਗਰ ਨਿਊਵੈਸਟ ਮਨਿਸਟਰ,ਗੁਰਦੁਆਰਾ ਦੂਖ ਨਿਵਾਰਨ ਤੋਂ ਹੁੰਦੀ ਹੋਈ ਗੁਰਦੁਆਰਾ ਦਸਮੇਸ਼ ਦਰਬਾਰ ਵਿਖੇ ਸਮਾਪਿਤ ਹੋਈ ਜਿਸ ਦੇ ਵਿੱਚ ਸੈਂਕੜਿਆਂ ਦੀ ਤਾਦਾਦ ਦੇ ਵਿੱਚ ਸੰਗਤਾਂ ਨੇ ਗੱਡੀਆਂ ਲੈ ਕੇ ਸ਼ਮੂਲੀਅਤ ਕੀਤੀ ਅਤੇ ਪੰਜਾਬ ਦੇ ਵਿੱਚ ਹੋ ਰਹੀਆਂ ਲੋਕ ਸਭਾ ਦੀਆਂ ਚੋਣਾਂ ਵਿੱਚ ਖਡੂਰ ਸਾਹਿਬ ਤੋਂ ਵਾਰਿਸ ਪੰਜਾਬ ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ,ਸੰਗਰੂਰ ਤੋਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਮੁਖੀ ਸਰਦਾਰ ਸਿਮਰਨਜੀਤ ਸਿੰਘ ਮਾਨ ,ਲੁਧਿਆਣਾ ਤੋਂ ਸ਼ਹੀਦ ਭਾਈ ਰਛਪਾਲ ਸਿੰਘ ਛੰਦੜਾ ਦੇ ਸਪੁੱਤਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਅਤੇ ਫਰੀਦਕੋਟ ਤੋਂ ਕੌਮ ਦੇ ਅਮਰ ਸ਼ਹੀਦ ਸ਼ਹੀਦ ਭਾਈ ਬੇਅੰਤ ਸਿੰਘ ਦੇ ਸਪੁੱਤਰ ਭਾਈ ਸਰਬਜੀਤ ਸਿੰਘ ਜਿਹੜੇ ਲੋਕ ਸਭਾ ਦੀ ਚੋਣ ਲੜ ਰਹੇ ਨੇ ਇਹਨਾਂ ਸਮੂਹ ਉਮੀਦਵਾਰਾਂ ਦੀ ਹਮਾਇਤ ਕਰਨ ਦਾ ਸਾਂਝੇ ਤੌਰ ਦੇ ਉੱਤੇ ਐਲਾਨ ਕੀਤਾ ਗਿਆ ਅਤੇ ਸਮੂਹ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਇਹਨਾਂ ਉਮੀਦਵਾਰਾਂ ਦਾ ਚੜ੍ਹਦੀ ਕਲਾ ਦੇ ਨਾਲ ਸਾਥ ਦਿੱਤਾ ਜਾਵੇ ਅਤੇ ਇਹਨਾਂ ਨੂੰ ਕਾਮਯਾਬ ਕਰਕੇ ਪਾਰਲੀਮੈਂਟ ਦੇ ਵਿੱਚ ਭੇਜਿਆ ਜਾਵੇ ਤਾਂ ਜੋ ਉਥੇ ਪਹੁੰਚ ਕੇ ਪੰਜਾਬ ਵਿਰੁੱਧ ਦਿੱਲੀ ਹਕੂਮਤ ਦੁਆਰਾ ਕੀਤੀ ਜਾ ਰਹੀ ਧੱਕੇਸ਼ਾਹੀ ਅਤੇ ਸਿੱਖ ਕੌਮ ਪ੍ਰਤੀ ਅਪਣਾਏ ਜਾ ਰਹੇ ਦੋਹਰੇ ਮਾਪਦੰਡ ਦੇ ਵਿਰੁੱਧ ਆਵਾਜ਼ ਉਠਾ ਸਕਣ ॥ ਇਹ ਜਿੱਤ ਸੱਚ ਤੇ ਝੂਠ ਦੀ ਹੋਵੇਗੀ ਇਹ ਜਿੱਤ ਸਿੱਖ ਉਹਨਾਂ ਸ਼ਹੀਦਾ ਦੀ ਹੋਵੇਗੀ ਜਿੰਨਾਂ ਕੌਮ ਲਈ ਆਪਾ ਵਾਰ ਦਿੱਤਾ ਇਹ ਜਿੱਤ ਬੰਦੀ ਸਿੰਘਾ ਨੂੰ ਬਾਹਰ ਲੈਕੇ ਆਉਣ ਦੀ ਹੋਵੇਗੀ ਸਿੱਖ ਤੇ ਅਣਖੀ ਪੰਜਾਬੀਆਂ ਇੱਕ-ਜੁੱਟ ਹੋਵਣ ਦੀ ਲੋੜ ਹੈ ।ਜੇਕਰ ਇੱਕ ਨਚਾਰ ਦੇ ਮਗਰ ਸਾਰੇ ਨਚਾਰ ਆ ਸਕਦੇ ਹਨ ਤਾਂ ਕੌਮੀ ਸ਼ਹੀਦਾਂ ਦੇ ਪਰਿਵਾਰਾਂ ਨਾਲ ਕੌਮ ਦੇ ਸਮੂਹ ਪ੍ਰਚਾਰਕਾਂ ਨੂੰ ਖੜ੍ਹੇ ਹੋਣਾ ਚਾਹੀਦਾ ਹੈ ਨਹੀਂ ਤਾਂ ਇਤਿਹਾਸ ਮੁਆਫ ਨਹੀਂ ਕਰੇਗਾ ।ਪੰਥ ਦਾ ਮਿਹਣਾ ਸਦੀਆਂ ਤੱਕ ਪਿੱਛਾ ਨਹੀਂ ਛੱਡਦਾ ।ਵਿਦੇਸ਼ਾਂ ਵਿੱਚ ਬੈਠਾ ਸਮੁੱਚਾ ਸਿੱਖ ਭਾਈਚਾਰਾ ਤੁਹਾਡੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹਾ ਹੈ ।ਸਾਡੀ ਵੀ ਪੰਜਾਬ ਦੇ ਵਾਸੀਆ ਨੂੰ ਅਪੀਲ ਹੈ ਕਿ ਪੰਥ ਵਿਰੋਧੀ ਧਿਰ ਨੂੰ ਦੱਸ ਦਿਓ ਕੇ ਪੰਜਾਬ ਚ' ਅਜੇ ਅਣਖ ਗੈ਼ਰਤ ਜਿਊਂਦੀ ਹੈ।

### ਰਾਮਗੜ੍ਹੀਆ ਭਾਈਚਾਰੇ ਨੇ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਬੋਬੀ ਮਾਨ ਨੂੰ ਵੋਟਾਂ ਪਾਉਣ ਦਾ ਦਿੱਤਾ ਭਰੋਸਾ

# ਸ਼੍ਰੋਮਣੀ ਅਕਾਲੀ ਦਲ ਬੀ.ਸੀ ਵਿੰਗ ਵੱਲੋਂ ਰਾਮਗੜ੍ਹੀਆ ਭਾਈਚਾਰੇ ਨਾਲ ਹੋਈ ਮੀਟਿੰਗ



**ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ)** :— ਲੋਕ ਸਭਾ ਚੋਣਾਂ ਨੂੰ ਵੇਖਦੇ ਹੋਏ ਫ਼ਿਰੋਜ਼ਪੁਰ ਵਿਖੇ ਰਾਮਗੜੀਆ ਭਾਈਚਾਰੇ ਦੀ ਮੀਟਿੰਗ ਪਰਮਜੀਤ ਸਿੰਘ ਕਲਸੀ ਮੈਂਬਰ ਜਨਰਲ ਕੌਂਸਲ ਪੰਜਾਬ ਅਤੇ ਦਵਿੰਦਰ ਸਿੰਘ ਕਲਸੀ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਬੀ.ਸੀ ਵਿੰਗ ਮਨਪ੍ਰੀਤ ਸਿੰਘ ਖਾਲਸਾ ਸਰਕਲ ਪ੍ਰਧਾਨ ਦੀ ਅਗਵਾਈ ਵਿੱਚ ਹੋਈ। ਇਹ ਦੌਰਾਨ ਰਾਮਗੜੀਆ ਭਾਈਚਾਰੇ ਦੀ ਮੀਟਿੰਗ ਵਿੱਚ ਹਲਕਾ ਇੰਚਾਰਜ ਸ੍ਰੀ ਰੋਹਿਤ ਕੁਮਾਰ ਮੋਂਟੂ ਵੋਹਰਾ ਵਿਸ਼ੇਸ਼ ਤੌਰ ਤੇ ਪੁੱਜੇ ਅਤੇ ਇਸ ਮੀਟਿੰਗ ਵਿੱਚ ਰਾਮਗੜੀਆ ਭਾਈਚਾਰੇ ਨਾਲ ਖੁੱਲ ਕੇ ਵਿਚਾਰਾਂ ਹੋਈਆਂ ਅਤੇ ਸਾਰੇ ਹੀ ਭਾਈਚਾਰੇ ਦੇ ਆਗੂਆਂ ਨੇ ਸ਼੍ਰੋਮਣੀ ਅਕਾਲੀ ਦਲ ਨਾਲ ਸਹਿਮਤੀ ਜਤਾਈ। ਇਸ ਮੌਕੇ ਰੋਹਿਤ ਕੁਮਾਰ ਮੋਂਟੂ ਵੋਹਰਾ ਨੇ ਭਾਈਚਾਰੇ ਨੂੰ ਅਪੀਲ ਕੀਤੀ ਕਿ ਨਰਦੇਵ ਸਿੰਘ ਬੋਬੀ ਮਾਨ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾਓ, ਜਿਸ ਦੇ ਚਲਦਿਆਂ ਰਾਮਗੜੀਆ ਭਾਈਚਾਰੇ ਦੇ ਆਗੂਆਂ ਨੇ ਸ੍ਰੀ ਰੋਹਿਤ ਕੁਮਾਰ ਮੋਂਟੂ ਵੋਹਰਾ ਨੂੰ ਵਿਸ਼ਵਾਸ ਦਿਵਾਇਆ ਕੀ ਰਾਮਗੜੀਆ ਭਾਈਚਾਰਾ ਖੁੱਲ ਕੇ ਸ਼੍ਰੋਮਣੀ ਅਕਾਲੀ ਦਲ ਦੀ ਹਮਾਇਤ ਕਰੇਗਾ। ਇਸ ਮੀਟਿੰਗ ਵਿੱਚ ਹਰੀ ਓਮ ਬਜਾਜ ਮੈਂਬਰ ਜਨਲ ਕੌਂਸਲ, ਵਰਜਿੰਦਲ ਸਿੰਘ ਪਿੰਕਾ ਸਰਕਲ ਪ੍ਰਧਾਨ, ਸੁਰਜੀਤ ਸਿੰਘ, ਕੁਲਦੀਪ ਸਿੰਘ ਆਰੇ ਵਾਲੇ, ਗਰਵਿੰਦਰ ਸਿੰਘ ਨਕਸ਼ਿਆਂ ਵਾਲੇ, ਅਮਨਪ੍ਰੀਤ ਸਿੰਘ ਕਲਸੀ, ਪਰਦੀਪ ਸਿੰਘ ਭੁੱਲਰ, ਕਲਵੰਤ ਸਿੰਘ, ਅਵਤਾਰ ਸਿੰਘ, ਸੁਰਿੰਦਰ ਸਿੰਘ ਨਾਗੀ, ਗੁਰਸੇਵਕ ਸਿੰਘ, ਸਤਿਨਾਮ ਸਿੰਘ, ਬੂਟਾ ਸਿੰਘ, ਗੁਰਮੁਖ ਸਿੰਘ, ਜਗਜੀਤ ਸਿੰਘ ਭੁੱਲਰ, ਡਾਕਟਰ ਪ੍ਰਿੰਸ, ਜਰਨੈਲ ਸਿੰਘ ਗਾਬੜੀਆ, ਸਵਰਨ ਸਿੰਘ ਪੰਜਵੜ, ਅਮਰ ਸਿੰਘ ਗਾਬੜੀਆ, ਅਵਤਾਰ ਸਿੰਘ ਮਠਾੜੂ, ਕਰਨੈਲ ਸਿੰਘ, ਗੁਰਜੀਤ ਸਿੰਘ ਠੇਕੇਦਾਰ, ਤਰਲੋਕ ਸਿੰਘ, ਕੁਲਵੰਤ ਸਿੰਘ ਕੀਤੂ, ਸੁਖਦੇਵ ਸਿੰਘ ਸੋਨੂੰ ਡੈਂਟਿੰਗ ਵਾਲਾ, ਗੁਰਵੰਤ ਸਿੰਘ ਭੁੱਲਰ, ਸੁਖਚੈਨ ਸਿੰਘ ਜੈਨ ਚੱਕੀ ਵਾਲੇ, ਮਨਪ੍ਰੀਤ ਸਿੰਘ ਕਲਸੀ ਚੱਕੀ ਵਾਲੇ, ਗੁਰਮੀਤ ਸਿੰਘ, ਇੰਦਰਜੀਤ ਸਿੰਘ ਕਲਸੀ, ਭੁਪਿੰਦਰ ਸਿੰਘ ਕਲਸੀ, ਜਗਤਾਰ ਸਿੰਘ ਕਲਸੀ, ਗੁਰਪ੍ਰੀਤ ਸਿੰਘ ਕਲਸੀ, ਜਸਵਿੰਦਰ ਸਿੰਘ ਆਦਿ ਹਾਜ਼ਰ ਸਨ।

# ਸ਼੍ਰੋਮਣੀ ਅਕਾਲੀ ਦਲ ਮਾਨ ਦੇ ਲੋਕ ਸਭਾ ਹਲਕਾ ਫ਼ਿਰੋਜ਼ਪੁਰ ਦੇ ਗੁਰਚਰਨ ਸਿੰਘ ਭੁੱਲਰ ਆਪਣੇ ਸਾਥੀਆਂ ਨਾਲ ਪਿੰਡਾਂ ਵਿਚ ਕੀਤਾ ਤੂਫਾਨੀ ਦੌਰਾ





**ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ)** :— ਜਿਉਂ ਜਿਉਂ ਵੋਟਾਂ ਪੈਣ ਦਾ ਦਿਨ ਨੇੜੇ ਆ ਰਿਹਾ ਹੈ, ਸਾਰੀਆਂ ਪਾਰਟੀਆਂ ਦੇ ਉਮੀਦਵਾਰ ਆਪਣਾ ਅੱਡੀ ਚੋਟੀ ਦਾ ਜ਼ੋਰ ਲਾ ਰਹੇ ਹਨ, ਭਾਵੇਂ ਕਿ ਅੱਜ ਚੋਣ ਪ੍ਰਚਾਰ ਖਤਮ ਹੋ ਗਿਆ ਹੈ ਅਤੇ ਵੱਖ—ਵੱਖ ਪਾਰਟੀਆਂ ਦੇ ਉਮੀਦਵਾਰ ਡੋਰ ਟੂ ਡੋਰ ਘਰਾਂ ਵਿਚ ਜਾ ਰਹੇ ਹਨ, ਕਿਉਂਕਿ ਲੋਕ ਸਭਾ ਹਲਕਾ ਬਹੁਤ ਵੱਡਾ ਹੈ, ਕੁਝ ਉਮੀਦਵਾਰ ਤਾਂ ਹਰ ਪਿੰਡ—ਪਿੰਡ ਨਹੀਂ ਪਹੁੰਚ ਸਕੇ, ਫਿਰ ਵੀ ਕੁਝ ਉਮੀਦਵਾਰ ਗੁਰੂ ਆਸਰੇ ਤੇ ਹਨ, ਇਸੇ ਤਰ੍ਹਾਂ ਸ: ਗੁਰਚਰਨ ਸਿੰਘ ਭੁੱਲਰ ਜਿਨ੍ਹਾਂ ਦਾ ਚੋਣ ਨਿਸ਼ਾਨ ਬਾਲਟੀ ਹੈ, ਉਹ ਵੀ ਆਪਣੀ ਚੋਣ ਪ੍ਰਚਾਰ ਤੂਫਾਨੀ ਪੱਧਰ ਤੇ ਕਰ ਰਹੇ ਹਨ ਅਤੇ ਆਪਣੇ ਸਾਥੀਆਂ ਸਮੇਤ ਅੱਜ ਪਿੰਡ ਭੂਰੇ ਖੁਰਦ, ਤਾਰੇ ਵਾਲਾ, ਨਵਾਂ ਪੁਰਬਾ ਤੋਂ ਇਲਾਵਾ ਕਾਫੀ ਪਿੰਡਾਂ ਦਾ ਚੋਣ ਪ੍ਰਚਾਰ ਕੀਤਾ। ਇਸ ਮੌਕੇ ਤੇ ਗੁਰਮੇਜ਼ ਸਿੰਘ ਪਰਨਾਮ ਸਿੰਘ, ਬਲਵਿੰਦਰ ਸਿੰਘ, ਦਿਲਬਾਗ ਸਿੰਘ, ਕਾਬਲ ਸਿੰਘ, ਮਾਸਟਰ ਬੂਟਾ ਸਿੰਘ, ਲਖਬੀਰ ਸਿੰਘ, ਸੁਖਵਿੰਦਰ ਸਿੰਘ, ਜ਼ਸਬੀਰ ਸਿੰਘ, ਡਾ: ਬਲਵੰਤ ਸਿੰਘ, ਬਿੱਟੂ, ਦਰਬਾਰਾ ਸਿੰਘ, ਮਦਨ ਕੁਮਾਰ, ਨਿਸ਼ਾਨ ਸਿੰਘ, ਚਰਨ ਸਿੰਘ, ਬਖਸੀਸ਼ ਸਿੰਘ, ਆਜ਼ਾਦ ਸਿੰਘ ਵੀ ਹਾਜ਼ਰ ਸਨ। ਇਸ ਮੌਕੇ ਤੇ ਭਾਈ ਤੇਜਿੰਦਰ ਦਿਉਲ ਪ੍ਰਧਾਨ ਯੂਥ ਵਿੰਗ ਪੰਜਾਬ, ਭਾਈ ਜਗਜੀਤ ਸਿੰਘ ਸੂਸ਼ਕ ਦਫਤਰ ਸਕੱਤਰ ਜ਼ਿਲ੍ਹਾ ਫ਼ਿਰੋਜ਼ਪੁਰ ਨੇ ਵੱਖ—ਵੱਖ ਪਿੰਡਾਂ ਵਿਚ ਬੋਲਦਿਆਂ ਕਿਹਾ ਕਿ ਸ: ਗੁਰਚਰਨ ਸਿੰਘ ਭੁੱਲਰ ਜਿਨ੍ਹਾਂ ਨੇ ਸ਼੍ਰੋਮਣੀ ਅਕਾਲੀ ਦਲ ਮਾਨ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਚਲੇ ਅਤੇ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ ਅਤੇ ਪੀ.ਪੀ ਮੈਂਬਰ ਪੰਜਾਬ ਵੀ ਹਨ ਅਤੇ ਉਨ੍ਹਾਂ ਸਾਰੀ ਉਮਰ ਇਮਾਨਦਾਰੀ ਨਾਲ ਜੀਵਨ ਬਤੀਤ ਕੀਤਾ ਅਤੇ ਹਮੇਸ਼ਾ ਸੱਚ ਦਾ ਸਾਥ ਦਿੱਤਾ ਅਤੇ ਹਮੇਸ਼ਾ ਲੋਕਾਂ ਦੇ ਕੰਮ ਕਰਵਾਉਂਦੇ ਹਨ, ਇਸ ਲਈ ਅਸੀਂ ਵੋਟਰਾਂ ਨੂੰ ਅਪੀਲ ਕਰਦੇ ਹਾਂ ਕਿ ਇਸ ਵਾਰ ਸ: ਗੁਰਚਰਨ ਸਿੰਘ ਭੁੱਲਰ ਨੂੰ ਭਾਰੀ ਗਿਣਤੀ ਵਿਚ ਵੋਟਾਂ ਪਾ ਕੇ ਜਿਤਾਉ ਅਤੇ ਸ: ਸਿਮਰਨਜੀਤ ਸਿੰਘ ਮਾਨ ਦੇ ਹੱਥ ਮਜ਼ਬੂਤ ਕਰੋ।

# ਪੁਲਿਸ ਅਧਿਕਾਰੀਆਂ ਨੂੰ ਮਿਲਿਆ ਸਿੱਖ ਜਥੇਬੰਦੀਆਂ ਦਾ ਜਥਾ — ਰਪਟ ਨੰਬਰ 30 ਰੱਦ ਕਰਨ ਦੀ ਕੀਤੀ ਮੰਗ



**ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ)** :— ਸਿੱਖ ਜਥੇਬੰਦੀਆਂ ਦੀ ਮੀਟਿੰਗ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਫ਼ਿਰੋਜ਼ਪੁਰ ਵਿਖੇ ਹੋਈ, ਜਿਸ ਦੀ ਅਗਵਾਈ ਲਖਬੀਰ ਸਿੰਘ ਮਹਾਲਮ ਸਰਪ੍ਰਸਤ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਵੱਲੋਂ ਕੀਤੀ ਗਈ। ਇਸ ਮੌਕੇ ਬਾਬਾ ਸਤਨਾਮ ਸਿੰਘ ਵੱਲੀਆ ਪ੍ਰਧਾਨ ਇੰਟਰਨੈਸ਼ਨਲ ਦਲ ਫ਼ਿਰੋਜ਼ਪੁਰ, ਲਖਵੀਰ ਸਿੰਘ ਮਹਾਲਮ ਏਕਨੂਰ ਖਾਲਸਾ ਫੌਜ਼, ਭਾਈ ਬਲਕਾਰ ਸਿੰਘ ਇਲਮੇਵਾਲਾ ਕਲਗੀਧਰ ਅੰਮ੍ਰਿਤ ਸੰਚਾਰ ਜਥਾ, ਕੁਲਦੀਪ ਸਿੰਘ ਸਿੱਖ ਸਟੂਡੈਂਟ ਫੈਡਰੇਸ਼ਨ ਆਦਿ ਨੇ ਭਾਗ ਲਿਆ, ਜਿਸ ਵਿਚ ਮਿਤੀ 04.05.2024 ਨੂੰ ਪਿੰਡ ਬੰਡਾਲਾ ਦੇ ਬਾਬਾ ਬੀਰ ਸਿੰਘ ਗੁਰਦੁਆਰਾ ਸਾਹਿਬ ਵਿਚ ਹੋਈ ਬੇਦਖਲ ਦੀ ਘਟਨਾ ਬਾਰੇ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਸਿੱਖ ਜਥੇਬੰਦੀਆਂ ਆਗੂਆਂ ਨੇ ਮੰਗ ਕੀਤੀ ਕਿ ਦੋਸ਼ੀ ਬਖਸ਼ੀਸ਼ ਸਿੰਘ ਪੁੱਤਰ ਲਖਵਿੰਦਰ ਸਿੰਘ ਵੱਲੋਂ ਗੁਰਦੁਆਰਾ ਸਾਹਿਬ ਵਿਚ ਦਾਖਲ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਕੇ ਅੰਗ ਪਾੜੇ ਗਏ ਸਨ, ਜਿਸ ਤੇ ਗੁਰਦੁਆਰਾ ਸਾਹਿਬ ਵਿਚ ਮੌਜੂਦ ਸੰਗਤ ਵੱਲੋਂ ਦੋਸ਼ੀ ਬਖਸ਼ੀਸ਼ ਸਿੰਘ ਨੂੰ ਮਾਰਕੁਟ ਕੀਤੀ ਗਈ ਸੀ ਤੇ ਉਸਦੇ ਪਰਿਵਾਰ ਵੱਲੋਂ ਉਸ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ ਸੀ, ਜਿਥੇ ਉਸਦੀ ਮੌਤ ਹੋ ਗਈ ਸੀ। ਇਸ ਮਾਮਲੇ ਨੂੰ ਲੈ ਕੇ ਲਖਬੀਰ ਸਿੰਘ ਮਹਾਲਮ ਦੇ ਬਿਆਨਾਂ ਤੇ ਦੋਸ਼ੀ ਖਿਲਾਫ ਮੁਕੱਦਮਾ ਨੰਬਰ 24 ਮਿਤੀ 04.05.2024 ਨੂੰ ਦੋਸ਼ੀ ਖਿਲਾਫ ਪਰਚਾ ਦਰਜ ਕੀਤਾ ਸੀ, ਪਰ ਦੋਸ਼ੀ ਦੀ ਮੌਤ ਹੋਣ ਕਾਰਨ ਉਸ ਦੇ ਪਰਿਵਾਰ ਵੱਲੋਂ ਥਾਣਾ ਆਰਿਫ ਕੇ ਵਿਚ ਰਪਟ ਨੰਬਰ 30 ਮਿਤੀ 4—5—24 ਦਰਜ ਕਰਵਾਈ ਗਈ ਸੀ। ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਦੋਸ਼ੀ ਦੇ ਪਰਿਵਾਰ ਵੱਲੋਂ ਦਰਜ ਕਰਵਾਏ ਕੇਸ ਵਿਚ ਜਾਣਬੁਝ ਕੇ ਇਸ ਕੇਸ ਵਿਚ ਲੋਕਾਂ ਦੇ ਨਾਮ ਲਿਖਵਾਏ ਜਾ ਰਹੇ ਹਨ, ਦੋਸ਼ੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਾਰਨ ਸੰਗਤ ਵਿਚ ਭਾਰੀ ਰੋਸ ਸੀ, ਜਿਸ ਕਾਰਨ ਦੋਸ਼ੀ ਦੀ ਮਾਰਕੁਟ ਕੀਤੀ ਗਈ। ਉਨ੍ਹਾਂ ਕਿਹਾ ਕਿ ਦੋਸ਼ੀ ਦੇ ਨਾਲ ਕਿਸੇ ਦੀ ਕੋਈ ਨਿੱਜੀ ਰੰਜਿਸ਼ ਨਹੀਂ ਸੀ, ਦੋਸ਼ੀ ਵੱਲੋਂ ਕੀਤੀ ਬੇਅਦਬੀ ਕਾਰਨ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਸੀ, ਜਿਸ ਕਾਰਨ ਸੰਗਤ ਵੱਲੋਂ ਦੋਸ਼ੀ ਦੀ ਮਾਰਕੁੱਟ ਕੀਤੀ ਗਈ ਸੀ। ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਮੰਗ ਕੀਤੀ ਕਿ ਦੋਸ਼ੀ ਦੇ ਪਰਿਵਾਰ ਵੱਲੋਂ ਦਰਜ ਕਰਵਾਏ ਮਾਮਲੇ ਨੂੰ ਖਾਰਜ ਕੀਤਾ ਜਾਵੇ ਅਤੇ ਇਸ ਮੰਗ ਨੂੰ ਲੈ ਕੇ ਸਿੱਖ ਜਥੇਬੰਦੀਆਂ ਵੱਲੋਂ ਐਸ.ਐਸ.ਪੀ ਫ਼ਿਰੋਜ਼ਪੁਰ ਨੂੰ ਇਕ ਦਰਖਾਸਤ ਦੇ ਕੇ ਉਕਤ ਰਪਟ ਨੰਬਰ 30 ਕੈਂਸਲ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇਕਰ ਪੁਲਿਸ ਵੱਲੋਂ ਇਹ ਰਪਟ ਨੰਬਰ 30 ਖਾਰਜ ਨਹੀਂ ਕੀਤੀ ਜਾਂਦੀ ਤਾਂ ਸਿੱਖ ਜਥੇਬੰਦੀਆਂ ਵੱਲੋਂ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਬਾਬਾ ਪ੍ਰਤਾਪ ਸਿੰਘ, ਭਾਈ ਮਲੂਕ ਸਿੰਘ ਦਲ ਪੰਥ ਬਾਬਾ ਬਿਧੀ ਚੰਦ, ਲਖਵਿੰਦਰ ਸਿੰਘ ਦਮਦਮੀ ਟਕਸਾਲ, ਭਾਈ ਅਮਰੀਕ ਸਿੰਘ ਅਜਨਾਲਾ ਪ੍ਰਾਰਕ ਗੁਰਦੁਆਰਾ ਜਾਮਨੀ ਸਾਹਿਬ ਕਮੇਟੀ, ਦਰਸ਼ਨ ਸਿੰਘ ਸ਼ੇਰਖਾਂ, ਗੁਰਪ੍ਰੀਤ ਸਿੰਘ ਆਨੰਦਪੁਰ ਸਾਹਿਬ ਅੱਠੇ ਪਹਿਰ ਟਹਿਲ ਸੇਵਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਬਾਬਾ ਸ਼ਾਮ ਸਿੰਘ ਅਟਾਰੀ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸਰਪੰਚ ਸੁਖਦੇਵ ਸਿੰਘ ਮਹਾਲਮ, ਕਸ਼ਮੀਰ ਸਿੰਘ ਪਿੰਡ ਬੰਡਾਲਾ, ਰਛਪਾਲ ਸਿੰਘ, ਸੁਖਦੇਵ ਸਿੰਘ ਸਰਪੰਚ, ਮੋਹਨ ਸਿੰਘ, ਪਿਰਥਾ ਸਿੰਘ ਬੰਡਾਲਾ, ਹਰਦੇਵ ਸਿੰਘ ਸਰਪੰਚ ਬੰਡਾਲਾ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਤੋਂ ਬਹਾਦਰ ਸਿੰਘ ਨਿਰੰਜਣ ਸਿੰਘ ਆਦਿ ਮੌਜੂਦ ਸਨ।

### ਪੰਜਾਬ ਵਾਸੀਓ, 1 ਜੂਨ ਨੂੰ ਬਾਦਲਕਿਆਂ, ਕਾਂਗਰਸੀਆਂ ਭਾਜਪਾਈਆਂ ਤੇ ਝਾੜੂ ਪਾਰਟੀ ਨੂੰ ਭਜਾਓ ਅਤੇ

# ਪੰਥਕ /ਖਾਲਿਸਤਾਨੀ ਧਿਰਾਂ ਨੂੰ ਜਿਤਾਓ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ



**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹਲਕਾ ਮੁਕੇਰੀਆਂ ਤੋਂ ਪੰਥਕ ਉਮੀਦਵਾਰ ਸ. ਜਸਵੰਤ ਸਿੰਘ ਫੌਜੀ ਦੇ ਹੱਕ ਚ ਮੁਕੇਰੀਆਂ ਦੇ ਟਾਕ ਪੈਲਸ ਵਿੱਚ ਪੰਥਕ ਇਕੱਠ ਨੂੰ ਸੰਬੋਧਨ ਕਰਦਿਆਂ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ 1 ਜੂਨ ਨੂੰ ਵੋਟਾਂ ਪਾ ਕੇ ਕਾਂਗਰਸੀਆਂ, ਬਾਦਲਕਿਆਂ, ਭਾਜਪਾਈਆਂ ਤੇ ਝਾੜੂ ਪਾਰਟੀ ਵਾਲਿਆਂ ਨੂੰ ਭਜਾਓ ਅਤੇ ਪੰਥਕ ਤੇ ਖਾਲਿਸਤਾਨੀ ਧਿਰਾਂ ਨੂੰ ਜਿਤਾਓ। ਉਹਨਾਂ ਕਿਹਾ ਕਿ ਪੰਥ ਅਤੇ ਪੰਜਾਬ ਦੇ ਸੁਨਹਿਰੇ ਭਵਿੱਖ ਲਈ ਪੰਥਕ ਧਿਰਾਂ ਦੇ ਉਮੀਦਵਾਰਾਂ ਨੂੰ ਸਿਆਸੀ ਤਾਕਤ ਦੇਣੀ ਬੇਹੱਦ ਜਰੂਰੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ, ਸਜ਼ਾਵਾਂ ਪੂਰੀਆਂ ਕਰਨ ਦੇ ਬਾਵਜੂਦ ਵੀ ਬੰਦੀ ਸਿੰਘਾਂ ਦੀਆਂ ਰਿਹਾਈਆਂ ਨਾ ਹੋਣੀਆਂ, ਪੰਜਾਬ ਚ ਨਸ਼ਿਆਂ ਦਾ ਵਪਾਰ ਅਤੇ ਨਸ਼ਿਆਂ ਰਾਹੀਂ ਪੰਜਾਬ ਦੀ ਨੌਜਵਾਨੀ ਦੀ ਨਸਲਕੁਸ਼ੀ, ਸਿੱਖਿਆ ਪ੍ਰਬੰਧਾਂ ਦੀ ਮਾੜੀ ਕਾਰਗੁਜ਼ਾਰੀ, ਸਿਹਤ ਸਹੂਲਤਾਂ ਦਾ ਨਾ ਮਿਲਣਾ, ਬੇਰੁਜ਼ਗਾਰੀ, ਭ੍ਰਿਸ਼ਟਾਚਾਰੀ ਵਧਣਾ, ਕਿਸਾਨਾਂ ਨੂੰ ਘਸਿਆਰੇ ਬਣਾਉਣਾ, ਅਧਿਆਪਕਾਂ ਨੂੰ ਸੜਕਾਂ ਤੇ ਉਤਰਨ ਲਈ ਮਜਬੂਰ ਕਰਨਾ, ਨੌਜਵਾਨਾਂ ਦਾ ਪੰਜਾਬ ਨੂੰ ਛੱਡ ਕੇ ਵਿਦੇਸ਼ਾਂ ਵੱਲ ਰੁੱਖ ਕਰਨਾ ਅਤੇ ਹੋਰ ਵੀ ਪੰਥ ਅਤੇ ਪੰਜਾਬ ਉੱਤੇ ਚਾਰੇ ਪਾਸਿਓਂ ਹਮਲੇ ਹੋ ਰਹੇ ਹਨ। ਉਹਨਾਂ ਕਿਹਾ ਕਿ ਖਾਲਿਸਤਾਨ ਦੇ ਸੰਘਰਸ਼ ਦੀ ਮਜਬੂਤੀ ਲਈ ਭਾਰਤੀ ਵੋਟ ਤੰਤਰ ਨੂੰ ਵਰਤਣਾ ਇੱਕ ਨੀਤੀ ਹੈ। ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਵਾਰਸਾਂ ਅਤੇ ਪੰਜਾਬ ਦੇ ਅਣਖੀ ਪੁੱਤਰਾਂ ਨੂੰ ਅੱਜ ਜਿਤਾਉਣ ਦੀ ਲੋੜ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਕੌਮੀ ਜਰਨੈਲ ਸ. ਸਿਮਰਨਜੀਤ ਸਿੰਘ ਮਾਨ ਦੀ ਵੱਡੀ ਕੁਰਬਾਨੀ ਹੈ, ਉਹਨਾਂ ਨੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਆਰੰਭੇ ਸੰਘਰਸ਼ ਨੂੰ ਜਾਰੀ ਰੱਖਿਆ, ਖਾਲਿਸਤਾਨ ਦੇ ਸੰਘਰਸ਼ ਨੂੰ ਅੰਤਰਰਾਸ਼ਟਰੀ ਪੱਧਰ ਤੇ ਪਹੁੰਚਾਇਆ, ਹਰੇਕ ਮੋਰਚੇ ਅਤੇ ਸੰਘਰਸ਼ ਚ ਮੋਹਰੀ ਰੋਲ ਨਿਭਾਇਆ, ਉਹ ਆਪਣੇ ਸਟੈਂਡ ਉੱਤੇ ਦ੍ਰਿੜ ਰਹੇ, ਕੌਮੀ ਯੋਧੇ ਭਾਈ ਸੰਦੀਪ ਸਿੰਘ ਦੀਪ ਸਿੱਧੂ ਨੇ ਵੀ ਆਪਣੇ ਕੌਮੀ ਜਰਨੈਲ ਸ. ਸਿਮਰਨਜੀਤ ਸਿੰਘ ਮਾਨ ਦੀ ਪਹਿਚਾਣ ਕਰ ਲਈ ਸੀ ਇਸੇ ਤਰ੍ਹਾਂ ਸਾਡੇ ਲੋਕਾਂ ਨੂੰ ਵੀ ਆਪਣੀ ਹੋਂਦ ਅਤੇ ਪਹਿਚਾਣ ਦਾ ਅਹਿਸਾਸ ਹੋਣਾ ਚਾਹੀਦਾ ਹੈ ਤੇ ਸਿੱਖ ਕੌਮੀਅਤ ਵੱਲ ਮੁੜਨਾ ਚਾਹੀਦਾ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਅਤੇ ਮੌਜੂਦਾ ਐਮ.ਪੀ. ਸਿਮਰਨਜੀਤ ਸਿੰਘ ਮਾਨ ਨੂੰ ਸੰਗਰੂਰ ਤੋਂ ਵੋਟਾਂ ਪਾ ਕੇ ਕਾਮਯਾਬ ਕੀਤਾ ਜਾਵੇ, ਪਿਛਲੇ ਸਮੇਂ ਵਿੱਚ ਮਾਨ ਸਾਹਿਬ ਨੇ ਭਾਈ ਹਰਦੀਪ ਸਿੰਘ ਨਿੱਝਰ, ਭਾਈ ਪਰਮਜੀਤ ਸਿੰਘ ਪੰਜਵੜ, ਭਾਈ ਅਵਤਾਰ ਸਿੰਘ ਖੰਡਾ, ਭਾਈ ਸੰਦੀਪ ਸਿੰਘ ਦੀਪ ਸਿੱਧੂ ਅਤੇ ਸ਼ੁਭਦੀਪ ਸਿੰਘ ਸਿੱਧੂ ਮੂਸੇ ਵਾਲਾ ਦੇ ਕਤਲਾਂ ਦਾ ਮੁੱਦਾ ਬੇਬਾਕੀ ਨਾਲ ਉਠਾਇਆ ਅਤੇ ਬੰਦੀ ਸਿੰਘਾਂ ਦੀ ਰਿਹਾਈ ਦੀ ਗੱਲ ਵੀ ਕੀਤੀ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਇਸੇ ਤਰ੍ਹਾਂ ਭਿੰਡਰਾਂਵਾਲਾ ਟਾਈਗਰ ਫੋਰਸ ਆਫ ਖਾਲਿਸਤਾਨ ਦੇ ਮੁਖੀ ਜਰਨੈਲ ਭਾਈ ਰਛਪਾਲ ਸਿੰਘ ਛੰਦੜਾ ਦੀ ਵੀ ਮਹਾਨ ਕੁਰਬਾਨੀ ਹੈ, ਉਹਨਾਂ ਦੇ ਸਪੁੱਤਰ ਸ. ਅੰਮ੍ਰਿਤਪਾਲ ਸਿੰਘ ਛੰਦੜਾ ਜੋ ਹਲਕਾ ਲੁਧਿਆਣਾ ਤੋਂ ਲੋਕ ਸਭਾ ਚੋਣਾਂ ਵਿੱਚ ਖੜ੍ਹੇ ਹਨ ਉਹਨਾਂ ਨੂੰ ਜਿਤਾਇਆ ਜਾਵੇ ਅਤੇ ਰਾਜਾ ਵੜਿੰਗ ਤੇ ਰਵਨੀਤ ਬਿੱਟੂ ਵਰਗੇ ਪੰਥ ਅਤੇ ਪੰਜਾਬ ਵਿਰੋਧੀਆਂ ਨੂੰ ਨਕਾਰਿਆ ਜਾਏ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਇੰਦਰਾ ਗਾਂਧੀ ਨੂੰ ਸੋਧ ਕੇ ਸ੍ਰੀ ਦਰਬਾਰ ਸਾਹਿਬ ਦੀ ਹੋਈ ਬੇਅਦਬੀ ਦਾ ਬਦਲਾ ਲੈਣ ਵਾਲੇ ਸ਼ਹੀਦ ਭਾਈ ਬੇਅੰਤ ਸਿੰਘ ਦੀ ਸ਼ਹਾਦਤ ਅਤੇ ਬੀਬੀ ਬਿਮਲ ਕੌਰ ਖਾਲਸਾ ਦੀ ਕੁਰਬਾਨੀ ਅੱਗੇ ਸਮੁੱਚੀ ਸਿੱਖ ਕੌਮ ਦਾ ਸਿਰ ਝੁਕਦਾ ਹੈ, ਉਹਨਾਂ ਦੇ ਪੁੱਤਰ ਸਰਬਜੀਤ ਸਿੰਘ ਨੂੰ ਹਲਕਾ ਫਰੀਦਕੋਟ ਤੋਂ ਵੋਟਾਂ ਪਾ ਕੇ ਕਾਮਯਾਬ ਕੀਤਾ ਜਾਵੇ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਦੀਪ ਸਿੱਧੂ ਦੇ ਵਿਛੋੜੇ ਤੋਂ ਬਾਅਦ ਭਾਈ ਅੰਮ੍ਰਿਤਪਾਲ ਸਿੰਘ ਨੇ ਦੁਬਈ ਤੋਂ ਪੰਜਾਬ ਆ ਕੇ ਸਿੱਖੀ ਦੇ ਪ੍ਰਚਾਰ ਦੀ ਗੱਲ ਕੀਤੀ, ਨੌਜਵਾਨਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕਾਇਆ ਅਤੇ ਨਸ਼ਿਆਂ ਤੇ ਪਤਿਤਪੁਣੇ ਤੋਂ ਹਟਾਇਆ ਅਤੇ ਖਾਲਿਸਤਾਨ ਦਾ ਸੰਘਰਸ਼ ਬੁਲੰਦ ਕੀਤਾ ਜਿਸ ਨੂੰ ਸਰਕਾਰ ਨੇ ਐਨ.ਐਸ.ਏ. ਅਧੀਨ ਡਿਬਰੂਗੜ੍ਹ ਦੀ ਜੇਲ੍ਹ ਵਿੱਚ ਸਾਥੀਆਂ ਸਮੇਤ ਨਜ਼ਰਬੰਦ ਕੀਤਾ ਹੋਇਆ ਹੈ। ਉਹਨਾਂ ਦੀ ਰਿਹਾਈ ਅਤੇ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਹਲਕਾ ਖਡੂਰ ਸਾਹਿਬ ਤੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਜਤਾਇਆ ਜਾਵੇ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਪਿਛਲੇ ਸਾਲਾਂ ਵਿੱਚ ਲਖਬੀਰ ਸਿੰਘ ਲੱਖਾ ਸਿਧਾਣਾ ਨੇ ਪੰਜਾਬੀ ਬੋਲੀ ਦਾ ਸਤਿਕਾਰ ਬਹਾਲ ਰੱਖਣ ਵਿੱਚ ਜੋਰਦਾਰ ਸੰਘਰਸ਼ ਕੀਤਾ ਹੈ, ਲੱਖੇ ਸਿਧਾਣੇ ਦੀ ਬਠਿੰਡੇ ਤੋਂ ਜਿੱਤ ਯਕੀਨੀ ਬਣਾਈ ਜਾਵੇ ਅਤੇ ਸਿੱਖ ਕੌਮ ਦੇ ਗਦਾਰ ਬਾਦਲਾਂ ਨੂੰ ਮੂੰਹ ਨਾ ਲਾਇਆ ਜਾਵੇ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਹਲਕਾ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਸ. ਸਿਮਰਨਜੀਤ ਸਿੰਘ ਮਾਨ ਦੇ ਸਪੁੱਤਰ ਭਾਈ ਇਮਾਨ ਸਿੰਘ ਮਾਨ ਦੀ ਜਿੱਤ ਯਕੀਨੀ ਬਣਾਈ ਜਾਵੇ ਤਾਂ ਜੋ ਉਹ ਗੁਰੂ ਨਗਰੀ ਦੀ ਪਵਿੱਤਰਤਾ ਅਤੇ ਸੁੰਦਰਤਾ ਨੂੰ ਬਹਾਲ ਕਰਵਾਉਣ। ਫੈਡਰੇਸ਼ਨ ਨੇ ਪਟਿਆਲਾ ਤੋਂ ਪ੍ਰੋਫੈਸਰ ਮਹਿੰਦਰਪਾਲ ਸਿੰਘ, ਗੁਰਦਾਸਪੁਰ ਤੋਂ ਗੁਰਿੰਦਰ ਸਿੰਘ ਬਾਜਵਾ, ਹੁਸ਼ਿਆਰਪੁਰ ਤੋਂ ਜਸਵੰਤ ਸਿੰਘ ਫ਼ੌਜੀ ਹੋਰ ਪੰਥਕ ਉਮੀਦਵਾਰਾਂ ਦੀ ਹਮਾਇਤ ਕੀਤੀ। ਉਹਨਾਂ ਕਿਹਾ ਕਿ ਸਾਡੀਆਂ ਪੰਥ ਅਤੇ ਪੰਜਾਬ ਦੀਆਂ ਸੰਸਥਾਵਾਂ ਦੇ ਉੱਤੇ ਸਿਆਸਤਦਾਨਾਂ ਦਾ ਕਬਜ਼ਾ ਹੋ ਚੁੱਕਾ ਹੈ, ਇਹਨਾਂ ਸੰਸਥਾਵਾਂ ਦਾ ਵਕਾਰ ਅਤੇ ਸ਼ਾਨ ਬਹਾਲ ਕਰਨ ਦੇ ਲਈ ਪੰਥਕ ਧਿਰਾਂ ਨੂੰ ਰਾਜਸੀ ਸ਼ਕਤੀ ਦੀ ਲੋੜ ਹੈ।

### ਪੰਚਾਇਤ ਸੰਮਤੀ ਤੇ ਜਿਲ੍ਹਾ ਪ੍ਰੀਸ਼ਦ ਪੈਨਸ਼ਨਰ ਯੂਨੀਅਨ ਪੰਜਾਬ ਨੇ

# ਆਪ ਦੇ ਲਾਲਜੀਤ ਸਿੰਘ ਭੁੱਲਰ ਨੂੰ ਦਿੱਤਾ ਸਮਰਥਨ



**ਚੌਂਕ ਮਹਿਤਾ, 30 ਮਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਪੰਚਾਇਤ ਸੰਮਤੀ ਤੇ ਜਿਲ੍ਹਾ ਪ੍ਰੀਸ਼ਦ ਪੈਨਸ਼ਨਰ ਯੂਨੀਅਨ ਪੰਜਾਬ ਦੀ ਇਕ ਅਹਿਮ ਮੀਟਿੰਗ ਕਸਬਾ ਪੁਲ ਨਹਿਰ ਤਰਸਿੱਕਾ ਵਿਖੇ ਰਾਜਵਿੰਦਰ ਸਿੰਘ ਤਰਸਿੱਕਾ ਸੂਬਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ।ਜਿਸ ਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਹਲਕਾ ਖਡੂਰ ਸਾਹਿਬ ਤੋਂ ਆਮ ਆਦਮੀ ਪਾਰਟੀ ਦੇ ਪਾਰਲੀਮੈਂਟ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਨੂੰ ਚੋਣਾਂ ਚ ਸਮਰਥਨ ਦੇਣ ਦਾ ਐਲਾਨ ਕੀਤਾ ਗਿਆ। ਉਹਨਾਂ ਦਸਿਆ ਕਿ ਛੇਵੇਂ ਪੇ ਕਮਿਸ਼ਨ ਨੂੰ ਲਾਗੂ ਕਰਨ ਤੇ ਸਾਨੂੰ ਲਾਭ ਪਹੁੰਚਾਉਣ ਚ ਲਾਲਜੀਤ ਸਿੰਘ ਭੁੱਲਰ ਹੁਰਾਂ ਨੇ ਅਹਿਮ ਭੂਮਿਕਾ ਨਿਭਾਈ ਹੈ ।ਇਸ ਮੌਕੇ ਯੂਨੀਅਨ ਦੇ ਆਗੂ ਤੇ ਵਰਕਰਾਂ ਨੇ ਬਲਾਕ ਤਰਸਿੱਕਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਡੇਹਰੀਵਾਲਾ, ਬੇਰੀਆਂ ਵਾਲਾ, ਤਰਸਿੱਕਾ,ਸਿੰਘਪੁਰਾ ,ਜੋਧਾ ਨਗਰੀ, ਰਸੂਲਪੁਰ ਖ਼ੁਰਦ, ਜਬੋਵਾਲ,ਕੋਟ ਖਹਿਰਾ, ਦਸਮੇਸ਼ ਨਗਰ, ਅਕਾਲਗੜ੍ਹ ਢਪਈਆਂ, ਜੀਵਨ ਪੰਧੇਰ, ਖਜਾਲਾ ਤੇ ਸੈਦੋਲੇਲ ਆਦਿ ਪਿੰਡਾਂ ਚ ਜਾ ਕੇ ਵੋਟਰਾਂ ਨਾਲ ਸੰਪਰਕ ਕੀਤਾ ਤੇ ਉਹਨਾਂ ਨੂੰ ਆਮ ਆਦਮੀ ਪਾਰਟੀ ਦੇ ਪਾਰਲੀਮੈਂਟ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਨੂੰ ਵੋਟਾਂ ਪਾਉਣ ਲਈ ਪ੍ਰੇਰਿਆ ।ਇਸ ਮੌਕੇ ਨਿਰਮਲ ਸਿੰਘ ਰੰਧਾਵਾ, ਰਣਜੀਤ ਸਿੰਘ, ਨਰਿੰਦਰਪਾਲ ਸਿੰਘ, ਸੁਖਪਾਲ ਸਿੰਘ, ਨਰੰਜਣ ਸਿੰਘ ,ਰਾਮ ਸਿੰਘ ਸੈਦਪੁਰ,ਗੁਰਚਰਨ ਸਿੰਘ, ਕੁਲਦੀਪ ਸਿੰਘ, ਹਰਪਾਲ ਸਿੰਘ ਜੀਵਨ ਪੰਧੇਰ ਤੇ ਰਾਮ ਸਿੰਘ ਬਾਠ ਆਦਿ ਹਾਜ਼ਰ ਸਨ।

# ਸਾਬਕਾ ਐਮ.ਸੀ ਪਰਮਿੰਦਰ ਸਿੰਘ ਪਿੰਟੂ ਦੇ ਸਤਿਕਾਰਯੋਗ ਪਿਤਾ ਦਰਸ਼ਨ ਸਿੰਘ ਦੀ ਅੰਤਿਮ ਅਰਦਾਸ ਤੇ ਸ੍ਰੀ ਆਖੰਡ ਪਾਠ ਦਾ ਭੋਗ 31 ਮਈ ਨੂੰ



ਫ਼ਿਰੋਜ਼ਪੁਰ, 30 ਮਈ (ਮਨੋਹਰ ਲਾਲ) :— ਸਾਬਕਾ ਐਮ.ਸੀ ਪਰਮਿੰਦਰ ਸਿੰਘ ਪਿੰਟੂ ਦੇ ਸਤਿਕਾਰਯੋਗ ਪਿਤਾ ਜੀ ਦੀ ਅੰਤਿਮ ਅਰਦਾਸ ਅਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ 31 ਮਈ 2024 ਦਿਨ ਸ਼ੁਕਰਵਾਰ ਨੂੰ ਪਰਮਾਰਥ ਭਵਨ ਨੇੜੇ ਸ਼ਿਵਾਲਿਆ ਮੰਦਿਰ ਵਿਖੇ ਸਮਾਂ 12 ਵਜੇ ਤੋਂ ਇਕ ਵਜੇ ਤੱਕ ਪਾਇਆ ਜਾਵੇਗਾ। ਸ: ਦਰਸ਼ਨ ਸਿੰਘ ਆਪਣੀ ਜਿੰਦਗੀ ਦੀਆਂ 74 ਕੁ ਬਹਾਰਾਂ ਵੇਖ ਕੇ ਸਦਾ—ਸਦਾ ਲਈ 21 ਮਈ 2024 ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਸ: ਦਰਸ਼ਨ ਸਿੰਘ ਪੁੱਤਰ ਸ: ਮੇਹਰ ਸਿੰਘ ਆਪਣੇ ਪਿਛੇ ਸੁਰਿੰਦਰ ਕੌਰ ਸੁਪਤਨੀ, ਸਪੁੱਤਰ ਪਰਮਿੰਦਰ ਸਿੰਘ ਪਿੰਟੂ, ਮਨਦੀਪ ਕੌਰ ਨੂੰਹ, ਸਪੁੱਤਰ ਇਪਨਿੰਦਰ ਸਿੰਘ ਹੈਪੀ, ਸੰਦੀਪ ਕੌਰ ਪੁੱਤਰ ਨੂੰਹ, ਸਪੁੱਤਰੀ ਪ੍ਰਭਲੀਨ ਕੌਰ ਜਵਾਈ ਪਰਮਪਾਲ ਸਿੰਘ ਨੂੰ ਵਾਹਿਗੁਰੂ ਆਸਰੇ ਛੱਡ ਗਏ। ਸ: ਦਰਸ਼ਨ ਸਿੰਘ ਇਲਾਕੇ ਵਿਚ ਸਮਾਜ ਸੇਵੀ ਸਖਸ਼ੀਅਤ ਵਜੋਂ, ਮੇਹਰ ਸਿੰਘ ਚੱਕੀ ਵਾਲੇ ਵਜੋਂ ਜਾਣੇ ਜਾਂਦੇ ਸਨ। ਇਸ ਮੌਕੇ ਤੇ ਸ: ਪਰਮਿੰਦਰ ਸਿੰਘ ਪਿੰਟਾ ਅਤੇ ਇਪਨਿੰਦਰ ਸਿੰਘ ਹੈਪੀ ਨਾਲ ਵੱਖ—ਵੱਖ ਸਮਾਜ ਸੇਵੀ ਜਥੇਬੰਦੀਆਂ ਦੇ ਆਗੂ, ਧਾਰਮਿਕ ਆਗੂ, ਸਿਆਸੀ ਆਗੂ ਅਤੇ ਦੁਕਾਨਦਾਰ, ਵਿਉਪਾਰੀਆਂ ਨੇ ਦੁੱਖ ਸਾਂਝਾ ਕੀਤਾ ਅਤੇ ਵਾਹਿਗੁਰੂ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ ਕਿ ਉਹ ਸ: ਦਰਸ਼ਨ ਸਿੰਘ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਅਤੇ ਪਿਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ਣ।

# ਬਠਿੰਡੇ ਦੀਆਂ ਸਮਾਜ ਸੇਵੀ ਸੰਸਥਾਵਾਂ ਵੱਲੋਂ ਰਿਕਾਰਡ ਤੋੜ ਮਤਦਾਨ ਦਾ ਹੋਕਾ



ਬਠਿੰਡਾ/ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)- ਅਗਰਵਾਲ ਸਭਾ (ਰਜਿ) ਪੰਜਾਬ ਵੱਲੋਂ ਬਠਿੰਡਾ ਦੇ ਨਿਜੀ ਸੰਸਥਾਨ ਵਿਖੇ "ਜਨ-ਸੰਵਾਦ" ਨਾਂ ਦਾ ਸਮਾਰੋਹ ਆਯੋਜਿਤ ਕੀਤਾ ਗਿਆ। ਜਿਸ ਵਿੱਚ ਪਰਮਪਾਲ ਕੌਰ ਮਲੂਕਾ, ਉਮੀਦਵਾਰ ਭਾਰਤੀ ਜਨਤਾ ਪਾਰਟੀ, ਗੁਰਪ੍ਰੀਤ ਸਿੰਘ ਮਲੂਕਾ, ਸਰੂਪ ਚੰਦ ਸਿੰਗਲਾ ਤੇ ਬਠਿੰਡਾ ਸ਼ਹਿਰ ਦੀਆਂ ਵੱਖ-ਵੱਖ ਸੰਸਥਾਵਾਂ ਨੇ ਹਿੱਸਾ ਲਿਆ। ਇਸ ਮੌਕੇ ਮਹਿਮਾਨਾਂ ਵੱਲੋਂ ਇਲਾਕੇ ਦੇ ਵਿਕਾਸ ਲਈ ਸੰਭਾਵੀ ਯੋਜਨਾਵਾਂ 'ਤੇ ਵਿਚਾਰ ਚਰਚਾ ਕੀਤੀ ਗਈ, ਤੇ ਬੁਲਾਰਿਆਂ ਨੇ ਇਸ ਹਿੱਤ ਆਪਣੇ ਵਿਚਾਰ ਰੱਖੇ। ਇਸ ਮੌਕੇ ਸੰਸਥਾਵਾਂ ਦੇ ਨੁੰਮਾਇੰਦਿਆਂ ਨੇ ਲੋਕਾਂ ਨੂੰ 18ਵੀਂ ਲੋਕ ਸਭਾ ਦੀਆਂ ਚੋਣਾ ਲਈ ਇਮਾਨਦਾਰੀ ਨਾਲ ਵੱਧ ਚੜ੍ਹ ਕੇ ਮਤਦਾਨ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਭਾਰਤ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਹੈ ਤੇ ਇਹ ਚੋਣਾਂ ਲੋਕਤੰਤਰ ਦਾ ਸਭ ਤੋਂ ਵੱਡਾ ਤਿਉਹਾਰ ਹੁੰਦੀਆਂ ਹਨ, ਇਸ ਲਈ ਸੱਚੇ ਨਾਗਿਰਕਾਂ ਨੂੰ ਗਰਮੀ, ਸਰਦੀ, ਬਾਰਿਸ਼ ਦੀ ਪਰਵਾਹ ਨਾ ਕਰਦੇ ਸੂਝਵਾਨ, ਇਮਾਨਦਾਰ, ਨਿਰਪੱਖ ਅਤੇ ਦੂਰ ਦ੍ਰਿਸ਼ਟੀ ਵਾਲੇ ਪ੍ਰਤੀਨਿਧੀ ਚੁਣ ਕੇ ਲੋਕ ਸਭਾ ਵਿੱਚ ਭੇਜਣੇ ਚਾਹੀਦੇ ਹਨ, ਤਾਂ ਕਿ ਭਾਰਤ ਦੇ ਲੋਕਤੰਤਰ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਵੋਟ ਨਾ ਪਾਉਣ ਦੇ ਹਾਲਾਤ ਵਿੱਚ ਜਨਤਾ ਨੂੰ ਫਿਰ ਪੰਜ ਸਾਲ ਪਛਤਾਵਾ ਕਰਨਾ ਪਵੇਗਾ। ਮਤਦਾਨ ਸਾਡਾ ਅਧਿਕਾਰ ਹੈ, ਤੇ ਦੇਸ਼ ਦੇ ਵਿਕਾਸ ਅਤੇ ਅਖੰਡਤਾ ਲਈ ਬਠਿੰਡਾ ਵਾਸੀਆਂ ਨੂੰ ਰਿਕਾਰਡ ਤੋੜ ਵੋਟਾਂ ਪਾਉਣੀਆਂ ਚਾਹੀਦੀਆਂ ਹਨ, ਜੋ ਬਾਕੀ ਲੋਕਾਂ ਲਈ ਵੀ ਪ੍ਰੇਰਣਾਸਰੋਤ ਬਣ ਸਕਣ। ਆਯੋਜਕਾਂ ਵੱਲੋਂ ਪਾਰਟੀਆਂ ਦੇ ਪ੍ਰਤੀਨਿਧੀਆਂ ਨੂੰ ਸਨਮਾਨਿਤ ਕੀਤਾ ਗਿਆ।

# ਚੋਣ ਪ੍ਰਚਾਰ ਦੇ ਆਖਰੀ ਦਿਨ ਸਿੱਧੂ ਵੱਲੋਂ ਧੂੰਆਂਧਾਰ ਪ੍ਰਚਾਰ, ਕਿਹਾ ਆਪਣਾ ਅਤੇ ਬੇਗਾਨਾ ਦੇਖ ਪਾਇਓ ਵੋਟ



ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)- 1 ਜੂਨ ਨੂੰ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਲਈ ਚੋਣ ਪ੍ਰਚਾਰ ਦੇ ਆਖਿਰੀ ਦਿਨ ਅੱਜ ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸੀ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਨੇ ਹਲਕੇ ਚ ਧੂੰਆਂਧਾਰ ਚੋਣ ਪ੍ਰਚਾਰ ਕਰਦਿਆਂ ਹਲਕੇ ਦੇ ਲੋਕਾਂ ਨੂੰ ਭਾਵੁਕ ਅਪੀਲ ਕੀਤੀ ਕਿ ਉਹ ਆਪਣਾ ਅਤੇ ਬੇਗਾਨੇ ਦਾ ਫਰਕ ਸਮਝ ਕੇ ਆਪਣੇ ਨੂੰ ਵੋਟ ਪਾਉਣ ਜੋ ਪਿਛਲੇ ਤੀਹ ਵਰ੍ਹਿਆਂ ਤੋਂ ਹਲਕੇ ਦੇ ਲੋਕਾਂ ਦੀ ਨਿਰੰਤਰ ਸੇਵਾ ਕਰ ਰਿਹਾ ਹੈ। ਸੰਬੋਧਨ ਦੌਰਾਨ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਪਿਛਲੇ ਕਰੀਬ 30 ਸਾਲਾਂ 'ਚ ਉਨਾਂ ਨੇ ਹਲਕੇ 'ਚ ਅਨੇਕਾਂ ਵਿਕਾਸ ਕਾਰਜ ਕਰਵਾਏ ਜਿਸਦੀ ਗਵਾਹੀ ਪਿੰਡਾਂ/ਸ਼ਹਿਰਾਂ 'ਚ ਲੱਗੇ ਨੀਂਹ ਪੱਥਰ ਭਰਦੇ ਹਨ ਅਤੇ ਸਰਕਾਰ ਹੋਵੇ ਭਾਂਵੇ ਨਾ ਹਮੇਸ਼ਾ ਲੋਕਾਂ ਦੇ ਕੰਮਾਂ ਲਈ ਅਫਸਰਸ਼ਾਹੀ ਤੱਕ ਪਹੁੰਚ ਕੀਤੀ। ਉਨਾਂ ਕਿਹਾ ਕਿ ਹਲਕਾ ਤਲਵੰਡੀ ਸਾਬੋ ਨੇ ਉਨਾਂ ਨੂੰ ਚਾਰ ਵਾਰ ਵਿਧਾਇਕ ਬਣਾ ਕੇ ਮਾਣ ਬਖਸ਼ਿਆ ਹੈ ਤਾਂ ਐਤਕੀਂ ਵੀ ਸਾਥ ਦਿਉ। ਉਨਾਂ ਕਿਹਾ ਕਿ ਕੋਰੋਨਾ ਕਾਲ ਵੇਲੇ ਜਦੋਂ ਬੀਬਾ ਹਰਸਿਮਰਤ ਕੌਰ ਅਤੇ ਗੁਰਮੀਤ ਸਿੰਘ ਖੁੱਡੀਆਂ ਵਰਗੇ ਆਗੂ ਆਪਣੀਆਂ ਸੈਨੀਟਾਈਜ਼ ਕੀਤੀਆਂ ਕੋਠੀਆਂ 'ਚੋਂ ਬਾਹਰ ਨਹੀ ਸਨ ਨਿਕਲੇ ਤਾਂ ਮੈਂ ਇਲਾਕੇ ਦੇ ਲੋਕਾਂ 'ਚ ਵਿਚਰ ਕੇ ਉਨਾਂ ਦੀਆਂ ਤਕਲੀਫਾਂ ਸਮਝ ਕੇ ਹੱਲ ਕਰਵਾਉਣ ਦੇ ਯਤਨ ਕੀਤੇ ਕਿਉਂਕਿ ਮੈਂ ਹਲਕੇ ਨੂੰ ਪਰਿਵਾਰ ਸਮਝਦਾ ਹਾਂ। ਸਿੱਧੂ ਨੇ ਕਿਹਾ ਕਿ ਅਕਾਲੀ ਉਮੀਦਵਾਰ ਦਾ ਆਲਮ ਤਾਂ ਇਹ ਹੈ ਕਿ ਪਿਛਲੇ ਪੰਦਰਾਂ ਵਰ੍ਹਿਆਂ ਤੋਂ ਉਨਾਂ ਲਈ ਦਿਨ ਰਾਤ ਇੱਕ ਕਰਨ ਵਾਲੇ ਕਈ ਪਿੰਡਾਂ ਦੇ ਮੋਹਰੀ ਅਕਾਲੀ ਆਗੂਆਂ ਦੇ ਨਾਂ ਤੱਕ ਉਨਾਂ ਨੂੰ ਪਤਾ ਨਹੀ ਅਤੇ ਕਿਸੇ ਆਗੂ ਕੋਲ ਉਨਾਂ ਦਾ ਨਿੱਜੀ ਮੋਬਾਈਲ ਨੰਬਰ ਨਹੀ ਜਦੋਂਕਿ ਹਲਕਾ ਤਲਵੰਡੀ ਸਾਬੋ ਦੇ ਬੱਚਿਆਂ ਤੱਕ ਨੂੰ ਮੇਰਾ ਫੋਨ ਨੰਬਰ ਪਤਾ ਹੈ। ਸਿੱਧੂ ਨੇ ਕਿਹਾ ਕਿ ਇੱਕ ਜੂਨ ਨੂੰ ਕਾਂਗਰਸ ਦੇ ਹੱਕ 'ਚ ਵੋਟ ਦੇ ਕੇ ਮੈਨੂੰ ਕਾਮਯਾਬ ਬਣਾਉਣ ਤਾਂ ਕਿ ਸਮੁੱਚੇ ਲੋਕ ਸਭਾ ਹਲਕੇ ਦੇ ਨਾਲ ਨਾਲ ਤਲਵੰਡੀ ਸਾਬੋ ਹਲਕੇ ਦੇ ਰਹਿੰਦੇ ਵਿਕਾਸ ਕਾਰਜ ਕਰਵਾਏ ਜਾ ਸਕਣ। ਕਾਂਗਰਸ ਹਲਕਾ ਇੰਚਾਰਜ ਖੁਸ਼ਬਾਜ ਸਿੰਘ ਜਟਾਣਾ ਨੇ ਵੀ ਜਨਸਭਾਵਾਂ ਨੂੰ ਸੰਬੋਧਨ ਕੀਤਾ।

ਸਮੂਹ ਸ਼ਹੀਦਾਂ ਦੀ ਯਾਦ ‘ਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ

# 40ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ



ਚੌਂਕ ਮਹਿਤਾ,30ਮਈ(ਬਾਬਾ ਸੁਖਵੰਤ ਸਿੰਘ ਚੰਨਣਕੇ)- ਜੂਨ 1984 ਨੂੰ ਵਾਪਰੇ ਤੀਸਰੇ ਘੱਲੂਘਾਰੇ ਦੇ ਸਮੂਹ ਸ਼ਹੀਦਾਂ ਦੀ ਯਾਦ ‘ਚ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਹਿਨੁਮਾਈ ਹੇਠ 1 ਤੋਂ 6 ਜੂਨ ਤੱਕ ਮਨਾਏ ਜਾ ਰਹੇ 40ਵੇਂ ਸ਼ਹੀਦੀ ਜੋੜ ਮੇਲੇ ਦੀਆਂ ਤਿਆਰੀਆਂ ਆਰੰਭ ਕਰ ਦਿੱਤੀਆਂ ਗਈਆ ਹਨ,ਜਿਸਦੇ ਪ੍ਰਬੰਧਾਂ ਨੂੰ ਅੰਤਿਮ ਛੋਹਾਂ ਦੇਣ ਲਈ ਅੱਜ ਇੱਥੇ ਦਮਦਮੀ ਟਕਸਾਲ ਦੇ ਹੈੱਡ ਕੁਆਰਟਰ ਗੁ.ਗੁਰਦਰਸਨ ਪ੍ਰਕਾਸ ਮਹਿਤਾ ਜਥਾ ਭਿੰਡਰਾਂ ਵਿਖੇ ਸਿਖਰਲੀ ਮੀਟਿੰਗ ਕੀਤੀ ਗਈ ਇਸ ਮੀਟਿੰਗ ‘ਚ ਸੰਤ ਸਮਾਜ ਤੋਂ ਇਲਾਵਾ ਇਲਾਕੇ ਦੇ ਆਸ ਪਾਸ ਦੇ ਨਗਰਾਂ ਤੋਂ ਵੱਡੀ ਗਿਣਤੀ ‘ਚ ਸੰਗਤਾਂ ਨੇ ਹਾਜ਼ਰੀ ਭਰੀ।

ਇਸ ਮੌਕੇ ਹੋਈ ਮੀਟਿੰਗ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਕਿਹਾ ਕਿ ਸਾਕਾ ਨੀਲਾ ਤਾਰਾ ਦੇ ਸਮੂਹ ਸ਼ਹੀਦਾਂ ਦੀ ਯਾਦ ’ਚ ਕੀਤੇ ਜਾ ਰਹੇ ਇਹ ਵਿਸ਼ਾਲ ਸ਼ਹੀਦੀ ਸਮਾਗਮ ਪੂਰੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਏ ਜਾਣਗੇ,ਜੋ ਤੀਸਰੇ ਘੱਲਘਾਰੇ ਦੇ ਸਮੂਹ ਸ਼ਹੀਦਾਂ ਦੀ 40 ਸਾਲਾ ਸ਼ਹੀਦੀ ਵਰ੍ਹੇਗੰਢ ਨੂੰ ਸਮਰਪਿਤ ਹੋਣਗੇ।ਉਨ੍ਹਾਂ ਕਿਹਾ ਕਿ 1 ਜੂਨ ਤੋਂ 5 ਜੂਨ ਤੱਕ ਹਰ ਸ਼ਾਮ 4 ਤੋਂ 8 ਵਜੇ ਤਕ ਦੇ ਦੀਵਾਨ ਦਮਦਮੀ ਟਕਸਾਲ ਦੇ ਦੀਵਾਨ ਹਾਲ ‘ਚ ਸਜਾਏ ਜਾਣਗੇ,ਜਿਸ ਵਿੱਚ ਉੱਘੇ ਰਾਗੀ ਢਾਡੀ ਤੇ ਵਿਦਵਾਨਾਂ ਤੋਂ ਇਲਾਵਾ ਸ੍ਰੀ ਹਰਿਮੰਦਿਰ ਸਾਹਿਬ ਦੇ ਹਜ਼ੂਰੀ ਰਾਗੀ ਸੰਗਤਾਂ ਨੂੰ ਕੀਰਤਨ ਰਾਹੀ ਨਿਹਾਲ ਕਰਨਗੇ,ਉਪਰੰਤ 6 ਜੂਨ ਦੇ ਮੁੱਖ ਤੇ ਮਹਾਨ ਸ਼ਹੀਦੀ ਸਮਾਗਮ ਪੂਰੀ ਚੜ੍ਹਦੀ ਕਲਾ ਨਾਲ ਮਨਾਏ ਜਾਣਗੇ।ਇਸ ਸਮਾਗਮ ‘ਚ ਕੌਮ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਲਈ ਵਿਸ਼ਾਲ ਪੰਥਕ ਇਕੱਠ ਹੋਵੇਗਾ ਤੇ ਬਹੁਤ ਸਾਰੀਆਂ ਪੰਥਕ ਸਖਸ਼ੀਆਂ ਤੋਂ ਇਲਾਵਾ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ‘ਚ ਸੰਗਤਾਂ ਆਪਣੇ ਸ਼ਹੀਦਾਂ ਦੇ ਸਨਮਾਨ ‘ਚ ਹਾਜ਼ਰੀ ਭਰਨਗੀਆਂ।

ਅੱਜ ਦੀ ਮੀਟਿੰਗ ਦੌਰਾਨ ਸਮਾਗਮ ਦੀਆਂ ਸੇਵਾਵਾਂ ਨੂੰ ਲੈ ਕੇ ਜਿੱਥੇ ਇਸ ਵਾਰ ਸੰਗਤਾਂ ‘ਚ ਹੋਰ ਵੀ ਜ਼ਿਆਦਾ ਉਤਸ਼ਾਹ ਦੇਖਣ ਨੂੰ ਮਿਲਿਆ, ਉੱਥੇ ਹੀ ਪਿਛਲੀ ਵਾਰ ਨਾਲੋਂ ਸੰਗਤਾਂ ਦੀ ਵੱਧ ਗਿਣਤੀ ਨੂੰ ਦੇਖਦੇ ਹੋਏ ਸਾਰੇ ਪ੍ਰਬੰਧਾਂ ਦਾ ਦਾਇਰਾ ਹੋਰ ਵੱਡਾ ਕੀਤਾ ਗਿਆ ਹੈ ਤਾਂ ਜੋ ਸੰਗਤਾਂ ਨੂੰ ਕਿਸੇ ਕਿਸਮ ਦੀ ਤੰਗੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਵੇ।ਇਸੇ ਲਈ ਇਸ ਵਾਰ 30 ਦੇ ਕਰੀਬ ਵੱਖ ਤਰ੍ਹਾਂ ਦੇ ਲੰਗਰ ਤੇ ਛਬੀਲਾਂ ਤੋਂ ਇਲਾਵਾ 1000 ਬੱਸਾਂ ਤੇ 2000 ਕਾਰਾਂ ਆਦਿ ਵਾਹਨਾਂ ‘ਤੇ ਮਹਿਤੇ ਪੁੱਜ ਰਹੀਆਂ ਸੰਗਤਾਂ ਲਈ ਖੁੱਲਾਂ ਪੰਡਾਲ ਤੇ ਬੱਸਾਂ ਦੀ ਪਾਰਕਿੰਗ ਲਈ 50 ਏਕੜ ਦੇ ਕਰੀਬ ਪਾਰਕਿੰਗ ਦਾ ਪ੍ਰਬੰਧ ਕੀਤਾ ਗਿਆ ਹੈ।

ਟਕਸਾਲ ਮੁਖੀ ਨੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਆਪਣੇ ਸ਼ਹੀਦਾਂ ਦੇ ਸਨਮਾਨ ‘ਚ ਹੁੰਮ-ਹੁੰਮਾ ਕੇ ਮਹਿਤੇ ਪੁੱਜਣ ਤੇ ਇੰਨ੍ਹਾਂ ਸ਼ਹੀਦੀ ਸਮਾਗਮਾਂ ‘ਚ ਹਾਜ਼ਰੀ ਭਰਨ।

ਇਸ ਮੀਟਿੰਗ ‘ਚ ਪ੍ਰਿੰ.ਗੁਰਦੀਪ ਸਿੰਘ ਰੰਧਾਵਾ,ਬਾਬਾ ਸੱਜਣ ਸਿੰਘ ਗੁਰੂ ਕੀ ਬੇਰ,ਬਾਬਾ ਮਲਕੀਤ ਸਿੰਘ ਜਬੋਵਾਲ,ਬਾਬਾ ਗੁਰਭੇਜ਼ ਸਿੰਘ ਖੁਜ਼ਾਲਾ, ਬਾਬਾ ਗੁਰਦੇਵ ਸਿੰਘ ਤਰਸਿੱਕਾ,ਭਾਈ ਕਾਰਜ ਸਿੰਘ ਹਜ਼ੂਰੀ ਰਾਗੀ ਦਰਬਾਰ ਸਾਹਿਬ, ਜਥੇ.ਸੁਖਦੇਵ ਸਿੰਘ ,ਚੇਅਰਮੈਨ ਤਰਲੋਕ ਸਿੰਘ ਬਾਠ, ਡਾ.ਅਵਤਾਰ ਸਿੰਘ ਬੁੱਟਰ,ਪ੍ਰਿੰ.ਹਰਸ਼ਦੀਪ ਸਿੰਘ ਰੰਧਾਵਾ, ਭਾਈ ਮੋਹਕਮ ਸਿੰਘ ਹੈੱਡ ਗ੍ਰੰਥੀ,ਗਿਆਨੀ ਸਾਹਬ ਸਿੰਘ,ਭਾਈ ਬਲਦੇਵ ਸਿੰਘ ਬੰਬੇ, ਜਥੇਦਾਰ ਅਜੀਤ ਸਿੰਘ ਤਰਨਾਦਲ,ਭਾਈ ਬੋਹੜ ਸਿੰਘ,ਬਾਬਾ ਸੁਖਵੰਤ ਸਿੰਘ ਚੰਨਣਕੇ, ਭਾਈ ਸ਼ਮਸ਼ੇਰ ਸਿੰਘ ਜੇਠੂਵਾਲ ,ਮਨਦੀਪ ਸਿੰਘ ਜੌਹਲ,ਭਾਈ ਗੁਰਪਾਲ ਸਿੰਘ ਗੁਜ਼ਰਪੁਰ,ਬਾਬਾ ਸੁਰਿੰਦਰ ਸਿੰਘ, ਪ੍ਰਿੰ.ਤੇਜਬੀਰ ਸਿੰਘ ਸੋਹਲ,ਪ੍ਰਿੰ.ਗੌਰਵਜੀਤ ਸਿੰਘ,ਪ੍ਰਿੰ.ਕੁਲਬੀਰ ਸਿੰਘ ਮਾਨ,ਭਾਈ ਦੀਦਾਰ ਸਿੰਘ ਮਲਕ,ਸਰਪੰਚ ਕਸ਼ਮੀਰ ਸਿੰਘ ਮਹਿਤਾ, ਚੇਅਰਮੈਨ ਗੁਰਮੀਤ ਸਿੰਘ ਨੰਗਲੀ, ਸਰਪੰਚ ਹਰਜਿੰਦਰ ਸਿੰਘ ਜੱਜ,ਬਲਕਾਰ ਸਿੰਘ ਪੀ.ਬੀ.ਐੱਸ ਵਾਲੇ, ਮਹਿੰਦਰਪਾਲ ਸਿੰਘ ਬੱਲ, ਚੇਅਰਮੈਨ ਲਖਵਿੰਦਰ ਸਿੰਘ ਸੋਨਾ, ਜਤਿੰਦਰ ਸਿੰਘ ਲੱਧਾਮੁੰਡਾ,ਤੇਜਿੰਦਰਪਾਲ ਸਿੰਘ ਲਾਡੀ,ਪ੍ਰਿੰ.ਗੁਰਦੀਪ ਸਿੰਘ ਜਲਾਲਉਸਮਾਂ, ਗੁਰਮੁਖ ਸਿੰਘ ਸਾਬਾ, ਇਕਬਾਲ ਸਿੰਘ ਮਾਨ, ਇਕਬਾਲ ਸਿੰਘ ਸ਼ਾਹ,ਕੁਲਵੰਤ ਸਿੰਘ ਮਹਿਤਾ, ਰਮਨਬੀਰ ਸਿੰਘ ਤੇ ਅੰਤਰਪ੍ਰੀਤ ਸਿੰਘ ਲੱਧਾਮੁੰਡਾ,ਕਰਮਜੀਤ ਸਿੰਘ ਲਾਲੀ, ਅਮਰ ਰਾਵਤ,ਕੁਲਵਿੰਦਰ ਸਿੰਘ ਰੰਧਾਵਾ,ਗੁਰਪ੍ਰੀਤ ਸਿੰਘ ਪੰਜਾਬ ਟੈਂਟ ਹਾਊਸ, ਰਜਿੰਦਰ ਸਿੰਘ ਸ਼ਾਹ,ਗੁਰਬਿੰਦਰ ਸਿੰਘ ਭਿੰਦਾ,ਮਨਜੀਤ ਸਿੰਘ ਮੰਡ,ਭਾਈ ਸੁੱਚਾ ਸਿੰਘ ਮਹਿਤਾ,ਸੁਖਪਾਲ ਸਿੰਘ ਮਹਿਤਾ,ਹਰਗੋਪਾਲ ਸਿੰਘ,ਅਕਸ਼ੈ ਭਾਟੀਆ,ਮਨਜੋਤ ਸਿੰਘ ਮਲਕਨੰਗਲ,ਜੰਗ ਪੁਰਬਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸੰਗਤਾਂ ਮੌਜੂਦ ਸਨ।

ਸੰਧੂ ਸਮੁੰਦਰੀ ਅੰਮ੍ਰਿਤਸਰ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਅਤੇ ਇਸ ਨੂੰ ਨਵੀਂਆਂ ਬੁਲੰਦੀਆਂ ’ਤੇ ਲਿਜਾਣ ਦੇ ਸਮਰੱਥ ਹੈ

# ਚੋਣਾਂ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਹੋਂਦ ਖ਼ਤਮ ਹੋ ਜਾਵੇਗੀ-ਆਰ.ਪੀ.

**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਕੌਮੀ ਬੁਲਾਰੇ ਆਰ.ਪੀ.ਸਿੰਘ ਨੇ ਕਿਹਾ ਕਿ ਚੋਣਾਂ ਤੋਂ ਬਾਅਦ ਆਮ ਆਦਮੀ ਪਾਰਟੀ ਦੀ ਹੋਂਦ ਖ਼ਤਮ ਹੋ ਜਾਵੇਗੀ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਆਪਣੀ ਵੋਟ ਬਰਬਾਦ ਨਾ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਆਪ ਅਤੇ ਕਾਂਗਰਸ ਇੱਕ ਹਨ ਅਤੇ ਪੰਜਾਬ ਵਿੱਚ ਆ ਕੇ ਇੱਕ ਦੂਜੇ ਨੂੰ ਕੋਸ ਕੇ ਲੋਕਾਂ ਨੂੰ ਮੂਰਖ ਬਣਾਉਣ ਦੀ ਕੋਸ਼ਿਸ਼ ਕੀਤੀ ਹੈ। ਸਾਨੂੰ ਸਾਵਧਾਨ ਰਹਿਣ ਦੀ ਲੋੜ ਹੈ। ਅੱਜ ਇੱਥੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਆਏ ਕੌਮੀ ਬੁਲਾਰੇ ਆਰ.ਪੀ.ਸਿੰਘ ਨੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਦੀ ਹਾਜ਼ਰੀ ਵਿੱਚ ਕਿਹਾ ਕਿ ਸੰਧੂ ਸਮੁੰਦਰੀ ਅੰਮ੍ਰਿਤਸਰ ਲਈ ਸਭ ਤੋਂ ਸੂਝਵਾਨ, ਕਾਬਲ ਅਤੇ ਯਥਾਰਥਵਾਦੀ ਆਗੂ ਹਨ।ਉਹ ਅੰਮ੍ਰਿਤਸਰ ਦੀਆਂ ਸਮੱਸਿਆਵਾਂ ਨੂੰ ਖ਼ਤਮ ਕਰਕੇ ਸ਼ਹਿਰ ਨੂੰ ਨਵੀਂਆਂ ਬੁਲੰਦੀਆਂ ’ਤੇ ਲਿਜਾਣ ਦੀ ਸਮਰੱਥਾ ਰੱਖਦਾ ਹੈ।ਉਨ੍ਹਾਂ ਦਾ ਤਜਰਬਾ ਅਤੇ ਅਗਵਾਈ ਅਤੇ ਵਿਦੇਸ਼ਾਂ ਨਾਲ ਚੰਗੇ ਸੰਪਰਕ ਇੱਥੋਂ ਦੇ ਲੋਕਾਂ ਲਈ ਲਾਹੇਵੰਦ ਹਨ। ਉਨ੍ਹਾਂ ਪ੍ਰੈੱਸ ਰਾਹੀਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੰਧੂ ਨੂੰ ਵੱਡੇ ਫ਼ਰਕ ਨਾਲ ਜਿਤਾਉਣ ਵਿੱਚ ਮਦਦ ਕਰਨ। ਉਨ੍ਹਾਂ ‘ਆਪ’ ਆਗੂ ਅਰਵਿੰਦ ਕੇਜਰੀਵਾਲ ‘ਤੇ ਸ਼ਬਦੀ ਹਮਲਾ ਕਰਦਿਆਂ ਕਿਹਾ ਕਿ ਕੇਜਰੀਵਾਲ ਨੇ ਜ਼ਮਾਨਤ ਵਧਾਉਣ ਦੀ ਅਪੀਲ ਕੀਤੀ ਸੀ। ਪਰ ਅਦਾਲਤ ਨੇ ਉਸ ਦੀ ਅਪੀਲ ਰੱਦ ਕਰ ਦਿੱਤੀ।ਕੇਜਰੀਵਾਲ ਚਾਹੁੰਦੇ ਹਨ ਕਿ ਕਿਸੇ ਤਰ੍ਹਾਂ ਉਨ੍ਹਾਂ ਨੂੰ ਤਿਹਾੜ ’ਚ ਨਾ ਰਹਿਣਾ ਪਵੇ। ਮੈਨੂੰ ਲਗਦਾ ਹੈ ਕਿ ਉਹ ਆਪਣੇ ਦੁਆਰਾ ਬਣਾਏ ਸ਼ੀਸ਼ ਮਹਿਲ ਨੂੰ ਬਹੁਤ ਯਾਦ ਕਰਦਾ ਹੈ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਪਾਰਟੀ ਨੇ ਵੀ ਆਪਣੇ ਪ੍ਰਚਾਰ ਦੌਰਾਨ ਕਿਹਾ ਹੈ ਕਿ ਸਾਨੂੰ ਵੋਟ ਦਿਓ ਤਾਂ ਜੋ ਮੈਨੂੰ ਜੇਲ੍ਹ ਨਾ ਜਾਣਾ ਪਵੇ। ਕੇਜਰੀਵਾਲ ਜਦੋਂ ਪੰਜਾਬ ਆਉਂਦਾ ਹੈ ਤਾਂ ਕਾਂਗਰਸ ਦੀ ਆਲੋਚਨਾ ਕਰਦਾ ਹੈ ਅਤੇ ਜਦੋਂ ਚੰਡੀਗੜ੍ਹ ਜਾਂਦਾ ਹੈ ਤਾਂ ਕਾਂਗਰਸ ਦੀ ਤਾਰੀਫ਼ ਕਰਦਾ ਹੈ।ਅਨੰਦਪੁਰ ਸਾਹਿਬ ਲੋਕ ਸਭਾ ਵਿੱਚ ਮੋਹਾਲੀ ਤੱਕ ਕਾਂਗਰਸ ਸਭ ਤੋਂ ਭ੍ਰਿਸ਼ਟ ਪਾਰਟੀ ਹੈ ਅਤੇ ਕਾਂਗਰਸ ਨੂੰ ਵੋਟ ਨਾ ਪਾਓ ਅਤੇ ਅੱਧੇ ਘੰਟੇ ਬਾਅਦ ਚੰਡੀਗੜ੍ਹ ਦੀ ਹੱਦ ਪਾਰ ਕਰਨ ਤੋਂ ਬਾਅਦ ਕਾਂਗਰਸੀ ਉਮੀਦਵਾਰ ਸਭ ਤੋਂ ਵਧੀਆ ਬਣ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕੇਜਰੀਵਾਲ ਅਤੇ ਉਨ੍ਹਾਂ ਦਾ ਸਮਾਂ ਖ਼ਤਮ ਹੋ ਗਿਆ ਹੈ। ਉਹ ਦੋ ਤਾਰੀਖ਼ ਨੂੰ ਜੇਲ੍ਹ ਵਿੱਚ ਰਹੇਗਾ। ਏਡੀ ਨੇ ਆਮ ਆਦਮੀ ਪਾਰਟੀ ਖਿਲਾਫ ਚਾਰਜਸ਼ੀਟ ਦਾਇਰ ਕਰਨ ਦੀ ਗੱਲ ਵੀ ਕਹੀ। ਜੇਕਰ ਆਮ ਆਦਮੀ ਪਾਰਟੀ ਖਿਲਾਫ ਚਾਰਜਸ਼ੀਟ ਦਾਇਰ ਕੀਤੀ ਜਾਂਦੀ ਹੈ ਅਤੇ ਕੇਸ ਚੱਲਦਾ ਰਹਿੰਦਾ ਹੈ ਤਾਂ ਆਮ ਆਦਮੀ ਪਾਰਟੀ ਦੀ ਹੋਂਦ ਹੀ ਖ਼ਤਮ ਹੋ ਜਾਵੇਗੀ। ਸ਼ਰਾਬ ਅਤੇ ਘੁਟਾਲਿਆਂ ਤੋਂ ਕਮਾਇਆ ਪੈਸਾ ਵੱਖ-ਵੱਖ ਚੋਣਾਂ ਵਿੱਚ ਵਰਤਿਆ ਗਿਆ। ਜੋ ਚਲਾਨ ਪੇਸ਼ ਕੀਤਾ ਗਿਆ, ਉਸ ਵਿੱਚ ਬੈਂਕ ਖਾਤਾ ਨੰਬਰ ਵੀ ਹੈ। ਉਨ੍ਹਾਂ ਕਿਹਾ ਕਿ



ਦੇਸ਼ ਵਿੱਚ ਇਹ ਪਹਿਲੀ ਵਾਰ ਹੋਵੇਗਾ ਕਿ ਕਿਸੇ ਸਿਆਸੀ ਪਾਰਟੀ ਖ਼ਿਲਾਫ਼ ਕੇਸ ਦਰਜ ਕੀਤਾ ਜਾਵੇਗਾ। ਅਜਿਹਾ ਅੱਜ ਤੋਂ ਪਹਿਲਾਂ ਕਦੇ ਨਹੀਂ ਹੋਇਆ। ਇਸ ਤੋਂ ਬਾਅਦ ਇਹ ਚੋਣ ਕਮਿਸ਼ਨ ਦੀ ਮਰਜ਼ੀ ’ਤੇ ਹੈ ਕਿ ਉਹ ਕੀ ਕਾਰਵਾਈ ਕਰਦਾ ਹੈ। ਜੇਕਰ ਧੋਖਾਧੜੀ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਉਸ ਦੀ ਮਾਨਤਾ ਵੀ ਰੱਦ ਕੀਤੀ ਜਾ ਸਕਦੀ ਹੈ। ਜਿਸ ਪਾਰਟੀ ਨੂੰ ਮਾਨਤਾ ਨਹੀਂ ਹੈ, ਉਹ ਵੋਟਾਂ ਮੰਗ ਰਹੀ ਹੈ। ਉਹ ਇਹ ਵੀ ਜਾਣਦੇ ਹਨ ਕਿ ਸਾਡੀ ਪਛਾਣ ਨਹੀਂ ਰਹੇਗੀ। ਚਾਰ ਮਹੀਨਿਆਂ ਬਾਅਦ ਕਦੋਂ ਪਾਰਟੀ ਨਹੀਂ ਰਹੇਗੀ ਤੇ ਸਰਕਾਰ ਕਿਵੇਂ ਚੱਲੇਗੀ ? ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਦਾ ਦਾਅਵਾ ਹੈ ਕਿ ‘ਆਪ’ ਦੇ 33 ਵਿਧਾਇਕ ਉਨ੍ਹਾਂ ਦੇ ਸੰਪਰਕ ਵਿੱਚ ਹਨ। ਇਸ ਲਈ ਸਿਰਫ਼ ਪਾਰਟੀ ਹੀ ਖ਼ਤਰੇ ’ਚ ਨਹੀਂ ਸਗੋਂ ਸਰਕਾਰ ਵੀ ਖ਼ਤਰੇ ’ਚ ਹੈ, ਇਸ ਲਈ ਆਪਣੀ ਵੋਟ ਕਿਉਂ ਬਰਬਾਦ ਕਰੋ। ਆਰਪੀ ਸਿੰਘ ਨੇ ‘ਆਪ’ ਆਗੂਆਂ ’ਤੇ ਵਿਦੇਸ਼ਾਂ ’ਚ ਖਾਲਿਸਤਾਨੀ ਸਮਰਥਕਾਂ ਨਾਲ ਮਿਲੀਭੁਗਤ ਦਾ ਦੋਸ਼ ਵੀ ਲਾਇਆ ਹੈ। ਉਨ੍ਹਾਂ ਕਿਹਾ ਕਿ ਜਦੋਂ ਕੁਲਤਾਰ ਸਿੰਘ ਸਿੱਧਵਾਂ ਕੈਨੇਡਾ ਗਿਆ ਸੀ ਤਾਂ ਉਹ ਖਾਲਿਸਤਾਨੀ ਸਮਰਥਕ ਹਰਜੀਤ ਸਿੰਘ ਬਾਜਵਾ ਦੇ ਸੰਪਰਕ ਵਿੱਚ ਰਿਹਾ। ਰਾਘਵ ਚੱਢਾ ਤਿੰਨ ਮਹੀਨਿਆਂ ਲਈ ਵਿਦੇਸ਼ਾਂ ਵਿੱਚ ਅੱਖਾਂ ਦਾ ਇਲਾਜ ਕਰਵਾਉਣਗੇ, ਉਸ ਨੇ ਆਪਣੇ ਸੋਸ਼ਲ ਮੀਡੀਆ ’ਤੇ ਜੋ ਫੋਟੋ ਪੋਸਟ ਕੀਤੀ, ਉਹ ਵੀ ਖ਼ਾਲਿਸਤਾਨ ਦੀ ਹਮਾਇਤ ਕਰਨ ਵਾਲੀ ਪ੍ਰੀਤ ਕੌਰ ਗਿੱਲ ਨਾਲ ਸੀ । ਉਨ੍ਹਾਂ ਅਪੀਲ ਕੀਤੀ ਕਿ ਪੰਜਾਬ ਦੇ ਲੋਕ ਸਾਰੀਆਂ ਪਾਰਟੀਆਂ ਨੂੰ ਪਰਖ ਚੁੱਕੇ ਹਨ, ਹੁਣ ਭਾਜਪਾ ਨੂੰ ਇੱਕ ਮੌਕਾ ਦਿਓ ਅਤੇ ਮੋਦੀ ਜੀ ਨੇ ਪਿਛਲੇ 10 ਸਾਲਾਂ ਵਿੱਚ ਜੋ ਕੰਮ ਖ਼ਾਸ ਕਰਕੇ ਸਿੱਖ ਕੌਮ ਲਈ ਕੀਤੇ ਹਨ, ਜੋ ਕੰਮ 70 ਸਾਲਾਂ ਵਿੱਚ ਨਹੀਂ ਹੋਇਆ ਸੀ, ਉਹ ਹੋ ਗਿਆ ਹੈ। ਦਿੱਲੀ ਵਿੱਚ ਪੀਣ ਵਾਲਾ ਪਾਣੀ ਨਹੀਂ ਹੈ। ਦਿੱਲੀ ਵਿੱਚ ਬਿਜਲੀ ਦੀ ਸਮੱਸਿਆ ਸ਼ੁਰੂ ਹੋ ਗਈ ਹੈ। ਦਿੱਲੀ ਦੇ ਆਮ ਆਦਮੀ ਕਲੀਨਿਕ ’ਚ ਗ਼ਲਤ ਦਵਾਈ ਕਾਰਨ 3 ਬੱਚਿਆਂ ਦੀ ਮੌਤ, 6 ਬੱਚਿਆਂ ਦਾ ਇਲਾਜ ਚੱਲ ਰਿਹਾ ਹੈ। ਦਿੱਲੀ ਦੇ ਸਕੂਲਾਂ ਦੀ ਹਾਲਤ ਬਹੁਤ ਮਾੜੀ ਹੈ। ਇੱਥੇ ਕੋਈ ਬੁਨਿਆਦੀ ਸਹੂਲਤਾਂ ਨਹੀਂ ਹਨ, ਇੱਥੋਂ ਤੱਕ ਕਿ ਮੇਜ਼, ਕੁਰਸੀਆਂ ਅਤੇ ਬੈਂਚ ਵੀ ਨਹੀਂ ਹਨ। ਇੱਕ ਜਮਾਤ ਵਿੱਚ ਸੈਂਕੜੇ ਬੱਚੇ ਪੜ੍ਹਦੇ ਹਨ। ਬਲਕਾਰ ਸਿੰਘ ਦਾ ਮਾਮਲਾ ਜਿਸ ਨੇ ਪੰਜਾਬੀਆਂ ਨੂੰ ਸ਼ਰਮਸਾਰ ਕਰ ਦਿੱਤਾ। ਅਜਿਹੇ ਕਈ ਮਾਮਲੇ ਦਿੱਲੀ ਦੇ ਹਨ। ਸੰਦੀਪ ਕੁਮਾਰ ਦੇ ਰਾਸ਼ਨ ਕਾਰਡ ਕੇਸ ਨੂੰ ਅੱਜ ਵੀ ਕੋਈ ਨਹੀਂ ਭੁੱਲਿਆ।

# ਲੋਕ ਸਭਾ ਫਰੀਦਕੋਟ ਤੋਂ ਪੰਥਕ ਉਮੀਦਵਾਰ ਭਾਈ ਸਰਬਜੀਤ ਸਿੰਘ ਖਾਲਸਾ ਦੀ ਹੋਵੇਗੀ ਵੱਡੀ ਲੀਡ ਨਾਲ ਜਿੱਤ : ਪੰਜਾਬ ਪ੍ਰਧਾਨ



ਮੋਗਾ -(ਵਰਿਆਮ ਹਠੂਰ) ਸਿੱਖ ਕੌਮ ਦੀ ਡਿੱਗੀ ਹੋਈ ਪੱਗ ਸਿਰ ਤੇ ਰੱਖਣ ਵਾਲੇ ਅਮਰ ਸ਼ਹੀਦ ਭਾਈ ਬੇਅੰਤ ਸਿੰਘ ਖਾਲਸਾ ਦੇ ਸਪੁੱਤਰ ਅਤੇ ਲੋਕ ਸਭਾ ਫਰੀਦਕੋਟ ਤੋਂ ਅਜ਼ਾਦ ਉਮੀਦਵਾਰ ਭਾਈ ਸਰਬਜੀਤ ਸਿੰਘ ਜੀ ਖਾਲਸਾ ਦੇ ਹੱਕ ਵਿੱਚ ਪਿੰਡਾਂ, ਸ਼ਹਿਰਾਂ, ਹਰ ਜਗ੍ਹਾ ਐਸੀ ਹਨੇਰੀ ਝੁਲੀ, ਐਸੀ ਲੋਕ ਲਹਿਰ ਖੜ੍ਹੀ ਹੋਈ ਕਿ ਹਰ ਇੱਕ ਦੀ ਜ਼ੁਬਾਨ ਤੇ ਭਾਈ ਸਰਬਜੀਤ ਸਿੰਘ ਖਾਲਸਾ ਦਾ ਨਾਮ ਹੈ। ਤੇ ਲੋਕ ਸਭਾ ਫਰੀਦਕੋਟ ਤੋਂ ਭਾਈ ਸਰਬਜੀਤ ਸਿੰਘ ਖਾਲਸਾ ਦੀ ਇਤਿਹਾਸਕ ਜਿੱਤ ਹੋਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਏਕਤਾ ਮਨੁੱਖੀ ਅਧਿਕਾਰ ਦੇ ਪੰਜਾਬ ਪ੍ਰਧਾਨ ਭਾਈ ਗੁਰਮੀਤ ਸਿੰਘ ਜੀ ਖਾਲਸਾ (ਰਾਉਕੇ ਵਾਲੇ) ਨੇ ਖ਼ਾਸ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਪੰਥਕ ਉਮੀਦਵਾਰਾਂ ਨੂੰ ਜਿਤਾਉਣਾ ਬਹੁਤ ਜ਼ਰੂਰੀ ਹੈ। ਤਾਂ ਜੋ ਪੰਥਕ ਉਮੀਦਵਾਰ ਜਿੱਤ ਕੇ ਆਪਣੇ ਹੱਕਾਂ ਦੀ ਆਵਾਜ਼ ਬੁਲੰਦ ਕਰਨ, ਭਾਈ ਗੁਰਮੀਤ ਸਿੰਘ ਜੀ ਖਾਲਸਾ ਨੇ ਅੱਗੇ ਕਿਹਾ ਕਿ ਲੋਕ ਸਭਾ ਖੰਡੂਰ ਸਾਹਿਬ ਤੋਂ ਅਜ਼ਾਦ ਤੌਰ ਤੇ ਚੋਣ ਲੜ ਰਹੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੀ ਜਿੱਤ ਵੀ ਯਕੀਨੀ ਹੈ। ਜੋ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਹਨ। ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਹੱਕ ਵਿੱਚ ਵੀ ਹਨੇਰੀ ਝੁਲ ਰਹੀ ਹੈ। ਵੱਡੀ ਲੀਡ ਲੈਣ ਲਈ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ, ਅਤੇ ਭਾਈ ਸਰਬਜੀਤ ਸਿੰਘ ਖਾਲਸਾ, ਸਮੇਤ ਪੰਥਕ ਉਮੀਦਵਾਰਾਂ ਦੇ ਮੋਢੇ ਨਾਲ ਮੋਢਾ ਲਾ ਕੇ ਜਿਤਾਉ, ਤਾਂ ਜੋ ਬੰਦੀ ਸਿੰਘਾਂ ਦੀ ਰਿਹਾਈ ਲਈ ਅਤੇ ਹੋਰ ਸਿੱਖ ਮੁੱਦਿਆਂ ਤੇ ਅਵਾਜ਼ ਬਲੰਦ ਕੀਤੀ ਜਾ ਸਕੇ।

# ਸਿਹਤ ਵਿਭਾਗ ਵੱਲੋਂ ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਐਡਵਾਈਜ਼ਰੀ ਜਾਰੀ



**ਗੁਰਦਾਸਪੁਰ, ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 30 ਮਈ (ਕੁਲਜੀਤ ਸਿੰਘ ਖੋਖਰ)**-ਅੱਤ ਦੀ ਗਰਮੀ ਅਤੇ ਲੂ ਤੋਂ ਬਚਣ ਲਈ ਸਿਹਤ ਸੰਭਾਲ ਜ਼ਰੂਰੀ ਹੈ। ਵੱਧ ਰਹੀ ਗਰਮੀ ਦੇ ਸੰਬੰਧ ਵਿੱਚ ਲੋਕਾਂ ਨੂੰ ਜਾਗਰੂਕ ਕਰਦਿਆਂ ਮਾਤਾ ਸੁਲੱਖਣੀ ਜੀ ਸਿਵਲ ਹਸਪਤਾਲ ਬਟਾਲਾ ਤੇ ਮਾਹਿਰ ਡਾਕਟਰ ਸੁਖਜੀਤ ਸਿੰਘ ਭਾਗੋਵਾਲ ਨੇ ਕਿਹਾ ਕਿ ਗਰਮੀ ਦੀ ਤੇਜ਼ ਲਹਿਰ ਦੇ ਚੱਲਦਿਆਂ ਲੋਕਾਂ ਨੂੰ ਸਾਵਧਾਨ ਰਹਿਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਗਰਮੀ ਅਤੇ ਲੂ ਤੋਂ ਪ੍ਰਭਾਵਿਤ ਹੋਣ ਨਾਲ ਡੀ ਹਾਈਡ੍ਰੇਸ਼ਨ, ਹੀਟ ਸਟ੍ਰੋਕ, ਬੁਖ਼ਾਰ, ਸਿਰਦਰਦ, ਉਲਟੀ, ਡਾਇਰੀਆ ਅਤੇ ਹੋਰ ਬਹੁਤ ਸਾਰੀਆਂ ਸਮੱਸਿਆਵਾਂ ਹੋ ਸਕਦੀਆਂ ਹਨ।ਉਨ੍ਹਾਂ ਕਿਹਾ ਕਿ ਖ਼ਾਸ ਕਰਕੇ ਬਜ਼ੁਰਗਾਂ, ਬੱਚਿਆਂ ਅਤੇ ਪਹਿਲਾਂ ਤੋਂ ਹੀ ਕਿਸੀ ਬਿਮਾਰੀ ਨਾਲ ਪੀੜਤ ਲੋਕਾਂ ਨੂੰ ਇਸ ਮੌਸਮ ਵਿੱਚ ਵਿਸ਼ੇਸ਼ ਧਿਆਨ ਰੱਖਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਇਸ ਮੌਸਮ ਵਿੱਚ ਥਕਾਵਟ, ਬੁਖ਼ਾਰ, ਉਲਟੀਆਂ, ਦਿਲ ਦੀ ਧੜਕਣ ਤੇਜ਼ ਹੋਣ ਆਦਿ ਦੇ ਲੱਛਣ ਪ੍ਰਗਟ ਹੋ ਸਕਦੇ ਹਨ। ਅਜਿਹੇ ਹਾਲਤਾਂ ਵਿਚ ਲੋਕ ਸੈੱਲਫ਼ ਮੈਡੀਕੇਸ਼ਨ ਤੋਂ ਬਚਣ ਅਤੇ ਕਿਸੇ ਵੀ ਤਰ੍ਹਾਂ ਦੇ ਲੱਛਣ ਪ੍ਰਗਟ ਹੋਣ ਤੇ ਨੇੜੇ ਦੇ ਸਰਕਾਰੀ ਸਿਹਤ ਕੇਂਦਰਾਂ ਦੇ ਮਾਹਿਰ ਡਾਕਟਰਾਂ ਨਾਲ ਸੰਪਰਕ ਕਰਨ। ਡਾ. ਸੁਖਦੀਪ ਸਿੰਘ ਭਾਗੋਵਾਲੀਆ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਲੂ ਅਤੇ ਗਰਮੀ ਤੋਂ ਬਚਣ ਲਈ ਤਰਲ ਪਦਾਰਥ ਜਿਵੇਂ ਨਿੰਬੂ ਪਾਣੀ, ਲੱਸੀ, ਨਾਰੀਅਲ ਪਾਣੀ ਅਤੇ ਓ.ਆਰ.ਐੱਸ ਦਾ ਘੋਲ ਆਦਿ ਦਾ ਵੱਧ ਤੋਂ ਵੱਧ ਇਸਤੇਮਾਲ ਕੀਤਾ ਜਾਵੇ, ਬਾਹਰ ਜਾਣ ਤੋਂ ਪਹਿਲਾਂ ਸਰੀਰ ਨੂੰ ਪੂਰੀ ਤਰ੍ਹਾਂ ਢਕਿਆ ਜਾਵੇ, ਸੂਤੀ ਅਤੇ ਹਲਕੇ ਰੰਗਾਂ ਦੇ ਕੱਪੜੇ ਪਹਿਨੇ ਜਾਣ, ਸੰਤੁਲਿਤ ਤੇ ਘਰ ਦਾ ਬਣਿਆ ਭੋਜਨ ਖਾਧਾ ਜਾਵੇ, ਧੁੱਪ ਵਿੱਚ ਬਾਹਰ ਜਾਣ ਤੋਂ ਗੁਰੇਜ਼ ਕੀਤਾ ਜਾਵੇ, ਆਸ ਪਾਸ ਦੀ ਸਾਫ਼ ਸਫ਼ਾਈ ਦਾ ਖ਼ਾਸ ਧਿਆਨ ਰੱਖਿਆ ਜਾਵੇ।

# ਕੈਬਨਿਟ ਮੰਤਰੀ ਸ੍ਰ ਈ ਟੀ ਓ ਵੱਲੋਂ ਹਲਕਾ ਖਡੂਰ ਸਾਹਿਬ ਤੋਂ ਲਾਲਜੀਤ ਸਿੰਘ ਭੁੱਲਰ ਦੇ ਹੱਕ ਚ ਰੋਡ ਸੋਅ ਕੱਢਿਆ ਗਿਆ



**ਜੰਡਿਆਲਾ ਗੁਰੂ 30 ਮਈ (ਕੁਲਵੰਤ ਸਿੰਘ ਵਿਰਦੀ )**-ਅੱਜ ਚੋਣ ਪ੍ਰਚਾਰ ਦੇ ਆਖਰੀ ਦਿਨ ਆਮ ਆਦਮੀ ਪਾਰਟੀ ਦੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਵੱਲੋਂ ਆਮ ਆਦਮੀ ਪਾਰਟੀ ਦੇ ਆਗੂਆਂ ਸਮਰਥਕਾਂ ਦੇ ਕਾਫ਼ਲੇ ਨਾਲ ਪਿੰਡ ਸਫੀਪੁਰ ਤੋਂ ਰੋਡ ਸੋਅ ਚੱਲ ਕਿ ਪਿੰਡ ਬੰਡਾਲਾ ਤੋਂ ਜੰਡਿਆਲਾ ਗੁਰੂ ਅਤੇ ਵੱਖ ਵੱਖ ਹਲਕੇ ਦੇ ਪਿੰਡਾਂ ਵਿੱਚ ਹਲਕਾ ਖਡੂਰ ਸਾਹਿਬ ਤੋਂ ਲਾਲਜੀਤ ਸਿੰਘ ਭੁੱਲਰ ਲਈ ਚੋਣ ਪ੍ਰਚਾਰ ਕੀਤਾ ਗਿਆ ਇਸ ਮੌਕੇ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਵੱਖ ਵੱਖ ਪਿੰਡਾਂ ਵਿੱਚ ਰੋਡ ਸੋਅ ਦੌਰਾਨ ਸ੍ਰ ਈ ਟੀ ਓ ਦਾ ਭਰਵਾਂ ਸਵਾਗਤ ਕੀਤਾ ਗਿਆ ਸ੍ਰ ਈ ਟੀ ਓ ਨੇ ਆਪਣੇ ਸੰਬੋਧਨ ਵਿਚ ਹਲਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਆਮ ਆਦਮੀ ਪਾਰਟੀ ਨੇ ਜੋ ਵਾਅਦੇ ਪੰਜਾਬ ਵਾਸੀਆਂ ਨਾਲ ਕੀਤੇ ਸਨ ਦੋ ਸਾਲਾਂ ਵਿੱਚ ਉਨਾਂ ਵਿੱਚੋਂ ਕਾਫੀ ਵਾਅਦੇ ਪੂਰੇ ਕਰ ਦਿੱਤੇ ਗਏ ਹਨ ਅਤੇ ਜੋ ਰਹਿੰਦੇ ਵਾਅਦੇ ਜਲਦ ਹੀ ਪੂਰੇ ਕੀਤੇ ਜਾਣਗੇ ਅੱਗੇ ਉਨ੍ਹਾ ਕਿਹਾ ਕਿ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਜੋ ਪੰਜਾਬ ਵਾਸੀਆਂ ਨਾਲ ਛੇ ਸੌ ਜੂੰਟ ਬਿਜਲੀ ਦੇ ਹਰ ਇੱਕ ਵਰਗ ਨੂੰ ਮੁਆਫ਼ ਕੀਤੇ ਗਏ ਹਨ ਅਤੇ ਨਿਰਵਿਘਨ ਬਿਜਲੀ ਦੀ ਸਪਲਾਈ ਪੰਜਾਬ ਭਰ ਵਿੱਚ ਦਿੱਤੀ ਜਾ ਰਹੀ ਹੈ। ਅੱਗੇ ਉਨ੍ਹਾ ਹਲਕੇ ਦੇ ਵੋਟਰਾਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਇਕ ਜੂਨ ਨੂੰ ਝਾੜੂ ਦਾ ਬਟਨ ਦਬਾ ਕੇ ਸ੍ਰ ਭਗਵੰਤ ਸਿੰਘ ਮਾਨ ਦੇ ਹੱਥ ਮਜ਼ਬੂਤ ਕਰੋ ਤਾਂ ਜੋ ਪੰਜਾਬ ਨੂੰ ਇੱਕ ਨੰਬਰ ਦਾ ਸੂਬਾ ਬਣਾਇਆ ਜਾ ਸਕੇ ਇਸ ਮੌਕੇ ਤੇ ਚੇਅਰਮੈਨ ਛਨਾਖ ਸਿੰਘ ਸੂਬੇਦਾਰ, ਸਰਬਜੀਤ ਸਿੰਘ ਡਿੰਪੀ, ਨਰੇਸ਼ ਪਾਠਕ, ਉਂਕਾਰ ਸਿੰਘ ਕੰਡਾਂ ਅਤੇ ਹੋਰ ਵੀ ਸਮਰਥਨ ਵੱਡੀ ਗਿਣਤੀ ਵਿੱਚ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਸਨ।

ਵਿਸ਼ਾਲ ਚੋਣ ਰੈਲੀ 'ਚ ਠਾਠਾਂ ਮਾਰਦਾ ਇਕੱਠ ਸੰਧੂ ਸਮੁੰਦਰੀ ਦੀ ਜਿੱਤ ਦਾ ਸਬੂਤ ਕੇਵਲ ਐਲਾਨ ਹੋਣਾ ਬਾਕੀ ਹੈ

# ਅੰਮ੍ਰਿਤਸਰ ਨੂੰ ਪੰਜਾਬ ਦਾ ਸਭ ਤੋਂ ਵਿਕਸਤ ਸ਼ਹਿਰ ਬਣਾਉਣ ਲਈ ਸੰਧੂ ਸਮੁੰਦਰੀ ਨੂੰ ਚੁਣ ਕੇ ਭੇਜੋ- ਜੇ ਪੀ ਨੱਢਾ




## ਅੰਮ੍ਰਿਤਸਰ ਦਾ ਵਿਕਾਸ, ਉਦਯੋਗ ਵਪਾਰ ਅਤੇ ਕਿਸਾਨ ਦੀ ਉੱਨਤੀ ਮੇਰਾ ਮਕਸਦ - ਤਰਨਜੀਤ ਸਿੰਘ ਸੰਧੂ ਸਮੁੰਦਰੀ

**ਅੰਮ੍ਰਿਤਸਰ, 30 ਮਈ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਵੱਲੋਂ ਅੰਮ੍ਰਿਤਸਰ ਦੇ ਰਣਜੀਤ ਐਵਿਨਿਊ ਵਿਖੇ ਕੀਤੀ ਗਈ ਵਿਸ਼ਾਲ ਜਨ ਸਭਾ ਰੈਲੀ ਦੌਰਾਨ ਗਰਮੀ ਦੇ ਬਾਵਜੂਦ ਲੋਕਾਂ ਦਾ ਠਾਠਾਂ ਮਾਰਦਾ ਇਕੱਠ ਇਸ ਗਲ ਦਾ ਸਬੂਤ ਹੈ ਕਿ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਦੀ ਜਿੱਤ ਹੋ ਚੁੱਕੀ ਹੈ, ਕੇਵਲ ਐਲਾਨ ਹੋਣਾ ਬਾਕੀ ਹੈ।ਲੋਕਾਂ ਦੀ ਇਕੱਠ ਅਤੇ ਉਤਸ਼ਾਹ ਦੇਖਿਆਂ ਹੀ ਬਣਦਾ ਸੀ। ਇਸ ਮੌਕੇ ਭਾਜਪਾ ਦੇ ਰਾਸ਼ਟਰੀ ਪ੍ਰਧਾਨ ਜਗਤ ਪ੍ਰਕਾਸ਼ ਨੱਢਾ ਨੇ ਸਿਆਸੀ ਵਿਰੋਧੀ ਧਿਰ ਇੰਡੀ ਗੱਠਜੋੜ 'ਤੇ ਤਿੱਖੇ ਹਮਲੇ ਕੀਤੇ ਅਤੇ ਕਿਹਾ ਕਿ ਇੰਡੀ ਗੱਠਜੋੜ ਪਰਿਵਾਰਵਾਦ ਅਤੇ ਭ੍ਰਿਸ਼ਟਾਚਾਰ ਨੂੰ ਬਚਾਉਣ ਦਾ ਗੱਠਜੋੜ ਹੈ, ਜਿਸ ਦੇ ਨੇਤਾ ਜਾਂ ਤਾਂ ਬੇਲ 'ਤੇ ਹਨ ਜਾਂ ਜੇਲ੍ਹ 'ਚ ਹਨ। ਜੇ ਪੀ ਨੱਢਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਹੋਵੇ, ਰਾਹੁਲ ਗਾਂਧੀ ਜਾਂ ਸੋਨੀਆ ਗਾਂਧੀ ਤੇ ਲਾਲੂ ਯਾਦਵ ਸਭ ਜ਼ਮਾਨਤਾਂ 'ਤੇ ਹਨ। ਇਸੇ ਤਰ੍ਹਾਂ ਹੀ ਸੁਸ਼ੋਦੀਆ ਤੇ ਜੈਨ ਸਭ ਜੇਲ੍ਹਾਂ ਵਿੱਚ ਹਨ। ਇੰਡੀ ਗੱਠਜੋੜ 'ਚ ਅਜਿਹਾ ਕੋਈ ਵੀ ਨੇਤਾ ਨਹੀਂ ਜਿਸ ਉੱਤੇ ਘੁਟਾਲੇ ਦਾ ਦੋਸ਼ ਨਾ ਹੋਵੇ, ਸਗੋਂ ਇਨ੍ਹਾਂ ਨੇ ਭ੍ਰਿਸ਼ਟਾਚਾਰ 'ਚ ਰਿਕਾਰਡ ਕਾਇਮ ਕੀਤੇ ਹੋਏ ਹਨ। ਉਨ੍ਹਾਂ ਕਿਹਾ ਕਿ ਇਸੇ ਤਰਾਂ ਹੀ ਇਸ ਗੱਠਜੋੜ 'ਚ ਪਰਿਵਾਰਵਾਦ ਵਾਲੀਆਂ ਪਾਰਟੀਆਂ ਹਨ, ਜਿਨ੍ਹਾਂ ਦਾ ਦੇਸ਼ ਅਤੇ ਸਮਾਜ ਨਾਲ ਕੋਈ ਲੈਣਾ ਦੇਣਾ ਨਹੀਂ ਹੈ।ਕੇਵਲ ਪਰਿਵਾਰ ਦੀ ਸਿਆਸਤ ਨੂੰ ਬਚਾਉਣ 'ਤੇ ਲੱਗੇ ਹਨ। ਅੰਮ੍ਰਿਤਸਰ ਲੋਕ ਸਭਾ ਲਈ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਅਤੇ ਖਡੂਰ ਸਾਹਿਬ ਹਲਕੇ ਤੋਂ ਉਮੀਦਵਾਰ ਮਨਜੀਤ ਸਿੰਘ ਮੰਨਾ ਦੇ ਹੱਕ ਵਿਚ ਵਿਸ਼ਾਲ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਜੇ ਪੀ ਨੱਢਾ ਨੇ ਅੰਮ੍ਰਿਤਸਰ ਤੋਂ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਦੀ ਰੱਜ ਕੇ ਤਾਰੀਫ਼ ਕੀਤੀ । ਉਨ੍ਹਾਂ ਕਿਹਾ ਤੁਸੀਂ ਸੰਧੂ ਬਾਰੇ ਸੁਣਨ ਲਈ ਉਤਸੁਕ ਹੋ, ਸੰਧੂ ਸਾਡਾ ਪਿਆਰਾ ਸਾਥੀ ਹੈ। ਸੰਧੂ ਸਮੁੰਦਰੀ ਨੇ 36 ਸਾਲ ਭਾਰਤੀ ਵਿਦੇਸ਼ ਅਧਿਕਾਰੀ ਦੇ ਤੌਰ 'ਤੇ ਭਾਰਤ ਦਾ ਮਾਣ ਵਧਾਇਆ ਹੈ। ਇਨ੍ਹਾਂ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਤੁਹਾਡੇ ਕੋਲ ਭੇਜਿਆ। ਸੰਧੂ ਦਾ ਗਿਆਨ ਅਤੇ ਰਸੂਖ਼ ਕਮਾਲ ਦਾ ਹੈ ਅਤੇ ਮੋਦੀ ਦਾ ਆਸ਼ੀਰਵਾਦ ਵੀ ਉਨ੍ਹਾਂ ਨੂੰ ਪ੍ਰਾਪਤ ਹੈ। ਤੁਸੀਂ ਇਨ੍ਹਾਂ ਨੂੰ ਇੱਥੋਂ ਚੁਣ ਕੇ ਭੇਜਦੇ ਹੋ ਤਾਂ ਅੰਮ੍ਰਿਤਸਰ ਪੰਜਾਬ ਦਾ ਸਭ ਤੋਂ ਵਿਕਸਤ ਸ਼ਹਿਰ ਹੋਵੇਗਾ। ਯਕੀਨਨ ਸ਼ਹਿਰ ਦੀ ਤਕਦੀਰ ਬਦਲ ਦਿੱਤੀ ਜਾਵੇਗੀ ਅਤੇ ਅੰਮ੍ਰਿਤਸਰ ਫਿਰ ਤੋਂ ਆਬਾਦ ਹੋਵੇਗਾ। ਉਨ੍ਹਾਂ ਖਡੂਰ ਸਾਹਿਬ ਦੇ ਉਮੀਦਵਾਰ ਮਨਜੀਤ ਸਿੰਘ ਮੰਨਾ ਬਾਰੇ ਕਿਹਾ ਕਿ ਜਦ ਤਕ ਉਹ ਬਾਡਰ 'ਤੇ ਹਨ ਦੇਸ਼ ਦੀ ਸੁਰੱਖਿਆ ਨੂੰ ਕੋਈ ਆਂਚ ਨਹੀਂ ਆਉਣ ਦੇਣਗੇ। ਅੰਮ੍ਰਿਤਸਰ ਤੋਂ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਅੰਮ੍ਰਿਤਸਰ ਦੀ ਜਨਤਾ ਵੱਡੀ ਗਿਣਤੀ ਵਿਚ ਨੱਢਾ ਨੂੰ ਸੁਣਨ ਲਈ ਬਾਹਰ ਆਈ।ਉਨ੍ਹਾਂ ਵੀ ਵਿਸ਼ਵਾਸ ਦਿੱਤਾ ਹੈ ਕਿ ਅੰਮ੍ਰਿਤਸਰ ਦਾ ਵਿਕਾਸ ਕਰਾਇਆ ਜਾਵੇਗਾ। ਮੈਂ ਇਹ ਕਹਿਣਾ ਚਾਹੁੰਦਾ ਹਾਂ ਕਿ ਸਾਨੂੰ ਹੁਣ ਇਕ ਮੌਕਾ ਮਿਲਿਆ ਹੈ ਅੰਮ੍ਰਿਤਸਰ ਦੇ ਵਿਕਾਸ ਲਈ ਅਤੇ ਪ੍ਰਗਤੀ ਲਈ ਕੁਝ ਕਰਨ ਦਾ , ਉਹ ਇਕ ਜੂਨ ਨੂੰ ਕਮਲ ਦੇ ਫੁੱਲ ਨੂੰ ਵੋਟ ਕਰ ਕੇ ਇਸ ਦਾ ਹਿੱਸਾ ਬਣ ਸਕਦੇ ਹੋ। ਉਨਾਂ ਕਿਹਾ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਭਾਜਪਾ ਪ੍ਰਧਾਨ ਜੇ ਪੀ ਨੱਢਾ ਦੀ ਅਗਵਾਈ 'ਚ ਦੇਸ਼ ਬੁਲੰਦੀਆਂ ਨੂੰ ਛੂ ਰਿਹਾ ਹੈ। ਭਾਰਤ ਅੱਜ ਵਿਸ਼ਵ ਦੀ 5ਵੀ ਵੱਡੀ ਅਰਥ ਵਿਵਸਥਾ ਹੈ। ਰਾਮ ਮੰਦਰ ਦਾ ਵਾਅਦਾ ਹੋਵੇ ਜਾਂ ਧਾਰਾ 370 ਨੂੰ ਖ਼ਤਮ ਕਰਨ ਦਾ ਸਾਰੇ ਵਾਅਦੇ ਮੋਦੀ ਨੇ ਪੂਰੇ ਕੀਤੇ ਹਨ। ਉਨ੍ਹਾਂ ਕਿਹਾ ਕਿ ਵਿਸ਼ਵ ਪੱਧਰ 'ਤੇ ਮੋਦੀ ਅਤੇ ਨੱਢਾ ਦੀ ਪੂਰੀ ਬੁੱਕਤ ਹੈ। ਕਿਸੇ ਵੀ ਦੇਸ਼ ਨੂੰ ਕੋਈ ਪ੍ਰੇਸ਼ਾਨੀ ਹੋਵੇ ਪਹਿਲਾਂ ਉਹ ਮੋਦੀ ਨੂੰ ਫ਼ੋਨ ਕਰਦੇ ਹਨ। ਮੋਦੀ ਦੀ ਲੀਡਰਸ਼ਿਪ ਨੂੰ ਅਮਰੀਕਾ ਦੇ ਪ੍ਰੈਜ਼ੀਡੈਂਟ ਵੀ ਸਲਾਮ ਕਰਦੇ ਹਨ।ਯੂ ਐਸ ਦੀਆਂ ਕੰਪਨੀਆਂ ਭਾਰਤ 'ਚ ਫ਼ੈਕਟਰੀਆਂ ਲਗਾ ਰਹੀਆਂ। ਉਨ੍ਹਾਂ ਕਿਹਾ ਕਿ ਭਾਰਤ ਵਿਕਾਸ ਕਰ ਰਿਹਾ ਹੈ ਪਰ ਅੰਮ੍ਰਿਤਸਰ ਨਾ ਕਾਬਲੇ ਲੀਡਰਸ਼ਿਪ ਕਾਰਨ ਪਿਛਲੇ ਕਈ ਸਾਲਾਂ ਤੋਂ ਪਛੜ ਦਾ ਜਾ ਰਿਹਾ ਹੈ। ਇਥੇ ਦੋ ਟਰਮਾਂ ਤੋਂ ਕਾਂਗਰਸ ਦਾ ਐੱਮ ਪੀ ਰਿਹਾ। ਪਰ ਕਾਨੂੰਨ ਵਿਵਸਥਾ ਦਾ ਹਾਲ ਹੋਵੇ ਜਾਂ ਨਸ਼ਾ, ਇਥੇ ਲੋਕ ਨਰਕ ਵਰਗੀ ਜ਼ਿੰਦਗੀ ਜਿਊਣ ਲਈ ਵੀ ਮਜਬੂਰ ਹਨ। ਇਥੇ ਪਾਣੀ ਅਤੇ ਸੀਵਰੇਜ ਦੀ ਸਮੱਸਿਆ ਹੈ, ਡਰੇਨ ਦੀ ਸਮੱਸਿਆ ਹੈ। ਐੱਮ ਪੀ ਨੇ ਆਪਣੇ ਘਰ ਦੇ ਬਾਹਰੋਂ ਲੰਘਣ ਡਰੇਨ ਦਾ ਵੀ ਕੋਈ ਹੱਲ ਨਹੀਂ ਕੱਢਿਆ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦਾ ਸੁਧਾਰ ਤਾਂ ਹੀ ਹੋ ਸਕਦਾ ਹੈ ਜੇ ਕੇਂਦਰ ਵਿਚ ਮੋਦੀ ਦੀ ਸਰਕਾਰ ਹੋਵੇ ਅਤੇ ਅੰਮ੍ਰਿਤਸਰ ਤੇ ਖਡੂਰ ਸਾਹਿਬ ਤੋਂ ਐੱਮ ਪੀ ਭਾਜਪਾ ਦਾ ਹੋਵੇ। ਸੰਧੂ ਸਮੁੰਦਰੀ ਨੇ ਕਿਹਾ ਮੈਨੂੰ ਮੋਦੀ ਅਤੇ ਨੱਢਾ ਜੀ ਨੇ ਆਪਣੇ ਘਰ ਭੇਜਿਆ, ਮੈਂ ਇੱਥੋਂ ਕਿਤੇ ਨਹੀਂ ਜਾਣਾ, ਇਥੇ ਰਹਿ ਕੇ ਸ਼ਹਿਰ ਦਾ ਸੁਧਾਰ ਕਰਾਂਗਾ। ਵਿਕਾਸ ਕਰਾਵਾਂਗਾ। ਜਿਹੜੀਆਂ ਕੇਂਦਰੀ ਸਕੀਮਾਂ ਕਿਸੇ ਕਾਰਨ ਲੋਕਾਂ ਤਕ ਨਹੀਂ ਪਹੁੰਚੀਆਂ ਉਨ੍ਹਾਂ ਨੂੰ ਪਹੁੰਚਾਵਾਂਗਾ। ਨੀਲੇ ਕਾਰਡ ਵਾਪਸ ਦਿੱਤੇ ਜਾਣਗੇ। ਹੋਰ ਸਹੂਲਤਾਂ ਤੇ ਨੌਕਰੀਆਂ ਇਹ ਸਭ ਲੈ ਕੇ ਆਵਾਂਗੇ। ਸੰਧੂ ਨੇ ਕਿਹਾ ਅੰਮ੍ਰਿਤਸਰ ਸਿਫ਼ਤੀ ਦਾ ਘਰ ਹੈ, ਇਕ ਵਾਰ ਫਿਰ ਅੰਮ੍ਰਿਤਸਰ ਨੂੰ ਅੱਗੇ ਲੈ ਕੇ ਜਾਵਾਂਗੇ। ਸੰਧੂ ਸਮੁੰਦਰੀ ਨੇ ਕਿਹਾ ਕਿ ਸੌ ਦਿਨ ਦੇ ਅੰਦਰ ਅੰਦਰ ਜੋ ਕੱਚੀਆਂ ਛੱਤਾਂ ਹਨ ਪੱਕੀਆਂ ਕੀਤੀਆਂ ਜਾਣਗੀਆਂ । ਜਿਹੜੇ ਡਿਪੂ ਵਾਲੇ ਸਰਕਾਰ ਨਾਲ ਮਿਲ ਕੇ ਲੁੱਟ ਕਰ ਰਹੇ ਹਨ, ਉਹਨਾਂ ਉੱਤੇ ਕਾਰਵਾਈ ਕਰਾਈ ਜਾਵੇਗੀ ।ਉਹਨਾਂ ਕਿਹਾ ਕਿ ਐਸੀ ਭਾਈਚਾਰੇ ਨਾਲ ਐੱਮ ਪੀ ਔਜਲਾ ਨੇ ਜੋ ਗ.ਲਤ ਵਤੀਰਾ ਅਪਣਾਇਆ ਉਹ ਤੁਸੀਂ ਸਭ ਜਾਣਦੇ ਹੀ ਹੋ । ਬਾਬਾ ਸਾਹਿਬ ਅੰਬੇਡਕਰ ਨੇ 1930 ਵਿੱਚ ਅਮਰੀਕਾ 'ਚ ਜਾ ਕੇ ਅੱਵਲ ਨੰਬਰ ਲਿਆ ਅਤੇ ਦੇਸ਼ ਦੇ ਸੰਵਿਧਾਨ ਨਿਰਮਾਤਾ ਬਣੇ। ਮੈਂ ਕਹਿਣਾ ਚਾਹੁੰਦਾ ਹਾਂ ਕਿ ਸਾਡੇ ਬੱਚੇ ਕਾਬਲੀਅਤ ਪੱਖੋਂ ਕਿਸੇ ਤੋਂ ਘੱਟ ਨਹੀਂ ਹਨ, ਮੌਕਾ ਮਿਲਣਾ ਚਾਹੀਦਾ ਹੈ, ਇਹ ਮੌਕਾ ਮੋਦੀ ਸਰਕਾਰ ਉਹਨਾਂ ਨੂੰ ਦੇਵੇਗੀ। ਇਥੇ ਭਾਜਪਾ ਦੇ ਕੌਮੀ ਪ੍ਰਧਾਨ ਜੇ ਪੀ ਨੱਢਾ ਨੇ ਆਪਣਾ ਭਾਸ਼ਣ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਨਾਲ ਸ਼ੁਰੂ ਕੀਤਾ ਅਤੇ ਭਾਸ਼ਣ ਦੇ ਦੌਰਾਨ ਕਈ ਵਾਰ ਪੰਜਾਬੀ ਬੋਲਦੇ ਰਹੇ। ਜੇ ਪੀ ਨੱਢਾ ਨੇ ਕਿਹਾ ਕਿ ਇੰਨੀ ਗਰਮੀ ਦੇ ਬਾਵਜੂਦ ਭਾਰੀ ਗਿਣਤੀ ਵਿੱਚ ਲੋਕਾਂ ਦਾ ਅੱਜ ਰੈਲੀ ਵਿੱਚ ਪਹੁੰਚਣਾ ਅਤੇ ਉਤਸ਼ਾਹ ਰਾਹ ਭਰਪੂਰ ਹੋਣਾ ਇਸ ਗੱਲ ਦਾ ਗਵਾਹ ਹੈ ਕਿ ਲੋਕ ਹੁਣ ਵਿਕਾਸ ਚਾਹੁੰਦੇ ਹਨ। ਉਹਨਾਂ ਕਿਹਾ ਸਿੱਖ ਗੁਰੂ ਸਾਹਿਬਾਨਾਂ ਨੇ ਪੰਜਾਬ ਦੇਸ਼ ਭਰ ਹੀ ਨਹੀਂ ਦੁਨੀਆ ਭਰ ਵਿੱਚ ਵੀ ਭਗਤੀ ਅਤੇ ਸਮਾਨਤਾ ਦਾ ਸੰਦੇਸ਼ ਦਿੱਤਾ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬਾਨ ਅਤੇ ਸਿੱਖ ਭਾਈਚਾਰੇ ਨੇ ਦੇਸ਼ ਅਤੇ ਧਰਮ ਲਈ ਕੁਰਬਾਨੀਆਂ ਦਿੱਤੀਆਂ ਮੈਂ ਪੰਜਾਬ ਦੇ ਨੌਜਵਾਨਾਂ ਅਤੇ ਸ਼ਹੀਦਾਂ ਨੂੰ ਨਤਮਸਤਕ ਹੁੰਦਾ ਹਾਂ। ਜੇ ਪੀ ਨੱਢਾ ਨੇ ਕਾਂਗਰਸ ਅਤੇ ਆਮ ਆਦਮੀ ਪਾਰਟੀ ਉੱਤੇ ਤਿੱਖਾ ਹਮਲਾ ਬੋਲਦਿਆਂ ਕਿਹਾ ਕਿ ਇਹ ਦੋਵੇਂ ਕੱਟੜ ਬੇਈਮਾਨ ਪਾਰਟੀਆਂ ਹਨ। ਦਿੱਲੀ ਵਿੱਚ ਕਾਂਗਰਸ ਅਤੇ ਆਪ ਇੱਕ ਦੂਜੇ ਨਾਲ ਗਲਵੱਕੜੀ ਹੈ ਅਤੇ ਇੱਥੇ ਆ ਕੇ ਪੰਜਾਬ 'ਚ ਨੂਰਾ ਕੁਸ਼ਤੀ ਕਰਦੇ ਹਨ । ਜੇ ਪੀ ਨੱਢਾ ਨੇ ਕਿਹਾ ਕਿ ਕਾਂਗਰਸ ਨੇ ਹਮੇਸ਼ਾ ਐਸ ਸੀ ਭਾਈਚਾਰੇ ਦੇ ਲੋਕਾਂ ਦੇ ਹੱਕ 'ਤੇ ਡਾਕਾ ਮਾਰਿਆ ਹੈ।ਐਸੀ ਅਤੇ ਓਬੀਸੀ ਰਿਜ਼ਰਵੇਸ਼ਨ 'ਤੇ ਹੁਣ ਵੀ ਡਾਕਾ ਮਾਰਨ ਨੂੰ ਫਿਰਦੇ ਹਨ। ਪਰ ਅਸੀਂ ਇਹਨਾਂ ਨੂੰ ਹੁਣ ਡਾਕਾ ਮਾਰਨ ਨਹੀਂ ਦਿਆਂਗੇ। ਮੋਦੀ ਸਰਕਾਰ ਦਲਿਤਾਂ ਦੇ ਹਿੱਤਾਂ ਦੀ ਰਾਖੀ ਕਰੇਗੀ। ਉਹਨਾਂ ਕਿਹਾ ਕਿ ਮੈਂ ਇਹ ਦੱਸ ਦੇਣਾ ਚਾਹੁੰਦਾ ਹਾਂ ਕਿ ਪ੍ਰਧਾਨ ਮੰਤਰੀ ਮੋਦੀ ਨੇ ਪੰਜਾਬ ਦੇ ਪੰਜਾਬ ਦੇ ਫ਼ੌਜੀ ਭਰਾਵਾਂ ਨੂੰ ਬਹੁਤ ਸਨਮਾਨ ਦਿੱਤਾ ਹੈ। ਉਹਨਾਂ ਕਿਹਾ ਕਿ ਕਾਂਗਰਸ ਨੇ ਸਾਡੇ ਫ਼ੌਜੀ ਭਰਾਵਾਂ ਲਈ ਵਨ ਰੈਂਕ ਵਨ ਪੈਨਸ਼ਨ ਲਾਗੂ ਨਹੀਂ ਕੀਤੀ ਅਤੇ ਉਹ ਜਾਣ ਲੱਗਿਆ 500 ਕਰੋੜ ਰੁਪਏ ਪੈਨਸ਼ਨ ਦੀ ਦੇਣਦਾਰੀ ਛੱਡ ਕੇ ਗਏ । ਇਹ ਪ੍ਰਧਾਨ ਮੰਤਰੀ ਮੋਦੀ ਹਨ ਜਿਨ੍ਹਾਂ ਨੇ ਡੇਢ ਲੱਖ ਕਰੋੜ ਪੈਨਸ਼ਨ ਅਦਾ ਕੀਤੀ। ਉਹਨਾਂ ਕਿਹਾ ਕਿ ਪੰਜਾਬ ਨੂੰ ਕਾਂਗਰਸ ਅਤੇ ਆਪ ਨੇ ਬਰਬਾਦ ਕੀਤਾ ਹੈ ਅਸੀਂ ਇਸ ਨੂੰ ਫਿਰ ਤੋ ਆਬਾਦ ਕਰਾਂਗੇ। ਜੇ ਪੀ ਨੱਢਾ ਨੇ ਆਪ ਸਰਕਾਰ ਦੇ ਇੱਕ ਮੰਤਰੀ ਦੀ ਅਸ਼ਲੀਲ ਵੀਡੀਓ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਅਸ਼ਲੀਲਤਾ ਹੀ ਇਹਨਾਂ ਦੀ ਅਸਲੀਅਤ ਹੈ। ਜੇ ਪੀ ਨੱਢਾ ਨੇ ਕਿਹਾ ਕਿ ਅੱਜ ਅਮਰੀਕਾ ਦੀ ਅਰਥ ਵਿਵਸਥਾ ਡਗਮਗਾ ਗਿਆ ਹੈ। ਉੱਥੇ ਹੀ ਭਾਰਤ ਦੀ ਅਰਥ ਵਿਵਸਥਾ ਉੱਪਰ ਜਾ ਰਿਹਾ ਹੈ। ਚੀਨ ਜਪਾਨ ਡਾਵਾਂਡੋਲ ਹਨ। ਤਿੰਨ ਸਾਲਾਂ ਦੇ ਵਿੱਚ ਭਾਰਤ ਤੀਜੀ ਅਰਥ ਵਿਵਸਥਾ ਵਿੱਚ ਬਦਲ ਜਾਵੇਗਾ। ਉਹਨਾਂ ਕਿਹਾ ਕਿ ਦਵਾਈਆਂ ਦੇ ਖੇਤਰ 'ਚ ਭਾਰਤ ਦੂਜੇ ਨੰਬਰ 'ਤੇ ਹੈ ਅਤੇ ਅਮਰੀਕਾ ਨਾਲ ਮਿਲ ਕੇ ਕੰਮ ਕਰ ਰਿਹਾ ਹੈ।ਸਟੀਲ ਦੇ ਖੇਤਰ ਵਿੱਚ ਦੂਜੇ ਸਥਾਨ 'ਤੇ ਹੈ।ਮੋਬਾਈਲ ਅਤੇ ਆਟੋਮੋਬਾਇਲ ਦੇ ਵਿੱਚ ਭਾਰਤ ਨੇ ਜਪਾਨ ਨੂੰ ਪਛਾੜ ਕੇ ਤੀਜੇ ਸਥਾਨ ਨੂੰ ਮਲ ਲਿਆ ਹੈ । 10 ਸਾਲ ਦੇ ਵਿੱਚ ਵਿੱਚ ਜਿੱਥੇ ਪਹਿਲਾਂ ਮੇਡ ਇੰਨ ਜਪਾਨ ਜਾਂ ਕੋਰਿਆ ਹੋਇਆ ਕਰਦਾ ਸੀ, ਉੱਥੇ ਅੱਜ ਮੇਡ ਇਨ ਇੰਡੀਆ ਲਿਖਿਆ ਆਮ ਮਿਲ ਜਾਵੇਗਾ। ਉਹਨਾਂ ਕਿਹਾ ਮੋਦੀ ਦੀ ਅਗਵਾਈ ਵਿੱਚ ਦੇਸ਼ ਤੇਜ਼ੀ ਨਾਲ ਅੱਗੇ ਵੱਧ ਰਿਹਾ ਹੈ ਤੇ ਮਜ਼ਬੂਤ ਹੋ ਰਿਹਾ ਹੈ। ਕਾਂਗਰਸ ਸਮੇਂ ਅੱਤਵਾਦੀ ਹਮਲੇ ਕਰਦੇ ਸੀ ਅਤੇ ਅੱਤਵਾਦੀ ਹਮਲੇ ਕਰਦੇ ਸੀ ਅਤੇ ਦਿੱਲੀ ਦਰਬਾਰ ਪਾਕਿਸਤਾਨ ਨੂੰ ਕੇਵਲ ਡੋਜੀਅਰ ਭੇਜਦਾ ਸੀ। ਅੱਜ ਸਥਿਤੀ ਬਦਲ ਚੁੱਕੀ ਹੈ, ਅੱਜ ਕਿਸੇ ਵੀ ਅੱਤਵਾਦੀ ਕਾਰਵਾਈ ਲਈ ਪਾਕਿਸਤਾਨ ਦੇ ਵਿੱਚ ਵੜ ਕੇ ਸਰਜੀਕਲ ਸਟ੍ਰਾਈਕ ਕੀਤਾ ਜਾਂਦਾ ਹੈ ਅਤੇ ਅੱਤਵਾਦੀਆਂ ਨੂੰ ਉਹਨਾਂ ਦੇ ਘਰ ਵਿੱਚ ਵੜ ਕੇ ਖ਼ਤਮ ਕੀਤਾ ਜਾਂਦਾ ਹੈ। ਪਹਿਲਾਂ ਕਸ਼ਮੀਰ ਦੇ ਅੱਤਵਾਦੀਆਂ ਨੂੰ ਬੁਲਾ ਕੇ ਬਰਿਆਨੀ ਖੀਵਾ ਕੇ ਵਾਰਤਾ ਕਰਦੇ ਸਨ। ਹੁਣ ਮੋਦੀ ਨੇ ਧਾਰਾ 370 ਨੂੰ ਖ਼ਤਮ ਕਰਕੇ ਕਸ਼ਮੀਰ ਨੂੰ ਭਾਰਤ ਵਿੱਚ ਇੱਕ-ਮਿਕ ਕਰ ਦਿੱਤਾ ਹੈ । ਅੱਜ ਪੁਲਵਾਮਾ ਕਸ਼ਮੀਰ ਵਿੱਚ ਭਾਰੀ ਵੋਟਿੰਗ ਹੋਈ ਜਿੱਥੇ ਲੋਕ ਲੋਕਤੰਤਰ ਨੂੰ ਅੱਗੇ ਵਧਾ ਰਹੇ ਹਨ। ਉਹਨਾਂ ਕਿਹਾ ਕਿ ਮੋਦੀ ਵੱਲੋਂ ਸੀ ਏ ਏ ਲਾਗੂ ਕਰਨ ਨਾਲ ਵਿਰੋਧੀਆਂ ਨੂੰ ਬਹੁਤ ਤਕਲੀਫ਼ ਹੋਈ। ਇਹ ਕਹਿ ਰਹੇ ਹਨ ਕਿ ਜੋ ਲੋਕ ਅਫ਼ਗ.ਾਨਿਸਤਾਨ ਜਾਂ ਬੰਗਲਾਦੇਸ਼ ਤੋਂ ਆਏ ਹਨ ਉਹ ਰੇਪਿਸਟ ਹਨ ਜਾਂ ਚੋਰ ਡਾਕੂ ਹਨ ਕੀ ਅਜਿਹੀ ਪਾਰਟੀ ਨੂੰ ਆਪਾਂ ਵੋਟ ਦਿਆਂਗੇ ? ਸੀਏਏ ਲਾਗੂ ਕਰਕੇ ਅਫ਼ਗ.ਾਨ ਅਤੇ ਬੰਗਲਾਦੇਸ਼ ਦੇ ਸ਼ਰਨਾਰਥੀ ਸਿੱਖ ਭਰਾਵਾਂ ਨੂੰ ਭਾਰਤੀ ਨਾਗਰਿਕਤਾ ਦਿੱਤੀ ਗਈ। ਉਹ ਮੋਦੀ ਹੀ ਸਨ ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਪੁੱਤਰਾਂ ਦੀ ਸ਼ਹੀਦੀ ਨੂੰ ਵਿਸ਼ਵ ਪੱਧਰ 'ਤੇ ਫੈਲਾਇਆ ਅਤੇ ਛੋਟੇ ਸਾਹਿਬਜ਼ਾਦੇ ਦੀ ਸ਼ਹਾਦਤ ਨੂੰ ਵੀਰ ਬਾਲ ਦਿਵਸ ਵਜੋਂ ਮਨਾਉਣਾ ਸ਼ੁਰੂ ਕੀਤਾ। ਗੁਰੂ ਗੋਬਿੰਦ ਸਿੰਘ ਜੀ ਦਾ 350 ਸਾਲਾ, ਗੁਰੂ ਨਾਨਕ ਦੇਵ ਜੀ ਦਾ 550 ਸਾਲਾ, ਅਤੇ ਗੁਰੂ ਤੇਗ. ਬਹਾਦਰ ਜੀ ਦਾ 400 ਸਾਲਾ ਪ੍ਰਕਾਸ਼ ਪੁਰਬ ਮਨਾ ਕੇ ਗੁਰੂ ਸਾਹਿਬਾਨ ਅਤੇ ਸ਼ਹੀਦਾਂ ਨੂੰ ਸਨਮਾਨ ਦਿੱਤਾ। ਉਹਨਾਂ ਕਿਹਾ ਕਿ 1971 ਦੀ ਜੰਗ ਤੋਂ ਬਾਅਦ ਪਾਕਿਸਤਾਨ ਦੇ 90 ਹਜ਼ਾਰ ਤੋਂ ਵੱਧ ਫ਼ੌਜੀ ਕਾਬੂ ਕਰ ਲਏ ਗਏ ਸਨ, ਪਰ ਇਹਨਾਂ ਫ਼ੌਜੀਆਂ ਨੂੰ ਛੱਡਣ ਬਦਲੇ ਕਾਂਗਰਸ ਸਰਕਾਰ ਨੇ ਕਿਤੇ ਵੀ ਉਹਨਾਂ ਤੋਂ ਨਨਕਾਣਾ ਸਾਹਿਬ ਜਾਂ ਕਰਤਾਰਪੁਰ ਸਾਹਿਬ ਦੀ ਮੰਗ ਨਹੀਂ ਕੀਤੀ । ਪਰ ਮੋਦੀ ਸਾਹਿਬ ਨੇ ਕਰਤਾਰਪੁਰ ਦਾ ਕੋਰੀਡੋਰ ਬਣਾ ਕੇ 70 ਸਾਲ ਪੁਰਾਣੀ ਸਿੱਖ ਭਾਈਚਾਰੇ ਦੀ ਮੰਗ ਪੂਰੀ ਕੀਤੀ। ਭਾਜਪਾ ਦੇ ਰਾਸ਼ਟਰੀ ਸਕਤਰ ਨਰਿੰਦਰ ਸਿੰਘ ਰੈਣਾ ਨੇ ਕਿਹਾ ਕਿ ਜਦੋਂ ਮੋਦੀ ਸਰਕਾਰ ਨੇ ਡਿਜੀਟਲ ਇੰਡੀਆ ਦਾ ਨਾਅਰਾ ਦਿੱਤਾ ਉਸ ਵੇਲੇ ਇਹ ਵਿਰੋਧੀ ਗੁੱਟ ਸਾਰੇ ਮਜ਼ਾਕ ਕਰਦੇ ਸਨ । ਅੱਜ ਭਾਰਤ ਦਾ ਬਦਲਿਆ ਹੋਇਆ ਰੂਪ ਦੇਖ ਕੇ ਇਹ ਹੀ ਨਹੀਂ ਪੂਰਾ ਸੰਸਾਰ ਹੈਰਾਨ ਹੈ। ਉਹਨਾਂ ਕਿਹਾ ਕਿ ਮੋਦੀ ਸਰਕਾਰ ਨੇ ਗ.ਰੀਬਾਂ ਨੂੰ ਚਾਰ ਕਰੋੜ ਘਰ ਬਣਾ ਕੇ ਦਿੱਤੇ ਹਨ। ਆਉਣ ਵਾਲੇ ਤਿੰਨ ਸਾਲਾਂ ਦੇ ਵਿੱਚ 3 ਕਰੋੜ ਘਰਾਂ ਦੀਆਂ ਕੱਚੀਆਂ ਛੱਤਾਂ ਨੂੰ ਪੱਕੇ ਕੀਤੇ ਜਾਣਗੇ। ਭਾਜਪਾ ਦੇ ਕੌਮੀ ਸਕੱਤਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਮੋਦੀ ਨੇ ਦੇਸ਼ ਲਈ ਜੋ ਵੱਡੇ ਫ਼ੈਸਲੇ ਲਏ ਹਨ ਉਹ ਸੁਨਹਿਰੀ ਅੱਖਰਾਂ ਵਿੱਚ ਲਿਖੇ ਜਾਣਗੇ। ਹੁਣ ਭਾਰਤੀ ਜਨਤਾ ਨੇ ਫ਼ੈਸਲਾ ਕਰ ਲਿਆ ਹੈ ਕਿ ਮੋਦੀ ਨੂੰ ਤੀਜੀ ਵਾਰ ਪ੍ਰਧਾਨ ਮੰਤਰੀ ਬਣਾਉਣਾ ਹੈ ਉਹਨਾਂ ਉਹਨਾਂ ਅੰਮ੍ਰਿਤਸਰ ਤੋਂ ਤਰਨਜੀਤ ਸਿੰਘ ਸੰਧੂ ਨੂੰ ਅਤੇ ਖਡੂਰ ਸਾਹਿਬ ਤੋਂ ਮਨਜੀਤ ਸਿੰਘ ਮੰਨਾ ਨੂੰ ਭਾਰੀ ਵੱਡੀ ਮਾਰਜਨ ਨਾਲ ਜਿਤਾਓ ਦੀ ਅਪੀਲ ਕੀਤੀ। ਭਾਜਪਾ ਪੰਜਾਬ ਦੇ ਸਾਬਕਾ ਪ੍ਰਧਾਨ ਤੇ ਸਾਬਕਾ ਸਾਂਸਦ ਸ਼ਵੇਤ ਮਲਿਕ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਦੇ ਪਿੰਡਾਂ ਅਤੇ ਸ਼ਹਿਰਾਂ ਦਾ ਇਕਸਾਰ ਵਿਕਾਸ ਕੀਤਾ ਹੈ। ਨਾ ਹੀ ਕਦੀ ਕਿਸੇ ਨਾਲ ਜਾਤੀ ਭੇਦਭਾਵ ਕੀਤਾ ਹੈ। ਉਹਨਾਂ ਕਿਹਾ ਕਿ ਅਗਲੇ ਪੰਜ ਸਾਲਾਂ ਵਿੱਚ ਬਿਜਲੀ ਦਾ ਬਿੱਲ ਜ਼ੀਰੋ ਆਵੇਗਾ। ਕਿਉਂਕਿ ਸਾਰੇ ਘਰਾਂ ਨੂੰ ਸੌਰ ਊਰਜਾ ਨਾਲ ਜੋੜਿਆ ਜਾਏਗਾ ਤੇ ਵਾਧੂ ਬਿਜਲੀ ਆਮਦਨੀ ਦਾ ਸਾਧਨ ਬਣੇਗਾ। ਉਹਨਾਂ ਕਿਹਾ ਕਿ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਪੰਜ ਲੱਖ ਦਾ ਬੀਮਾ ਹਰੇਕ ਨਾਗਰਿਕ ਨੂੰ ਦਿੱਤਾ ਜਾਏਗਾ। ਇਸ ਮੌਕੇ ਇਸ ਮੌਕੇ ਤਰੁਨ ਚੁੱਘ, ਸੁਰੇਸ਼ ਚੰਦੇਲ, ਹਰਵਿੰਦਰ ਸਿੰਘ ਸੰਧੂ, ਹਰਜੀਤ ਸਿੰਘ ਸੰਧੂ, ਸੁਸ਼ੀਲ ਦੇਵਗਨ , ਜਗਮੋਹਨ ਸਿੰਘ ਰਾਜੂ, ਡਾਕਟਰ ਦਇਆ ਸ਼ੰਕਰ, ਬੋਨੀ ਅਜਨਾਲਾ, ਸੁਖਮਿੰਦਰ ਸਿੰਘ ਮਾਹਲ, ਸੁਖਮਿੰਦਰ ਸਿੰਘ ਪਿੰਟੂ, ਹਰਜਿੰਦਰ ਸਿੰਘ ਠੇਕੇਦਾਰ, ਗੁਰਪ੍ਰਤਾਪ ਸਿੰਘ ਟਿੱਕਾ, ਹਰਜਿੰਦਰ ਸਿੰਘ ਠੇਕੇਦਾਰ, ਕੁਮਾਰ ਅਮਿਤ, ਪ੍ਰਦੀਪ ਭੁੱਲਰ, ਡਾ. ਰਾਮ ਚਾਵਲਾ, ਬਲਵਿੰਦਰ ਕੌਰ, ਰਜਿੰਦਰ ਮੋਹਨ ਛੀਨਾ ਤੇ ਦਲਜੀਤ ਕੋਹਲੀ ਵੀ ਮੌਜੂਦ ਸਨ।

# 'ਯੂਥ ਚਲਿਆ ਬੂਥ' ਦੇ ਸੁਨੇਹੇ ਨਾਲ ਜਾਗਰੂਕਤਾ ਵਾਕਥਾਨ ਦਾ ਆਯੋਜਨ

## 1 ਜੂਨ ਨੂੰ ਲੋਕ ਵੱਧ ਚੜ੍ਹ ਕੇ ਕਰਨ ਵੋਟ ਦੇ ਅਧਿਕਾਰ ਦੀ ਵਰਤੋਂ






**ਬਠਿੰਡਾ, 30 ਮਈ (ਗੁਰਜੰਟ ਸਿੰਘ ਨਥੇਹਾ)**-ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਜ਼ਿਲ੍ਹਾ ਚੋਣ ਅਫਸਰ ਸ ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਖ਼ਰਚਾ ਅਤੇ ਪੁਲਿਸ ਅਬਜ਼ਰਵਰਾਂ ਵਲੋਂ ਆਮ ਜਨਤਾ ਨੂੰ ਵੋਟ ਪਾਉਣ ਪ੍ਰਤੀ ਜਾਗਰੂਕ ਕਰਨ ਸਬੰਧੀ 'ਯੂਥ ਚੱਲਿਆ ਬੂਥ' ਬੈਨਰ ਹੇਠ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਕੱਢੀ ਗਈ ਵਾਕਥਾਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਹ ਵੋਟਰ ਜਾਗਰੂਕਤਾ ਰੈਲੀ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਸ਼ੁਰੂ ਹੋ ਕੇ ਡੀਸੀ ਤੋਂ ਐਸਐਸਪੀ ਰੈਜ਼ੀਡੈਂਸ ਹੁੰਦੀ ਹੋਈ ਸਿਵਲ ਲਾਇਨ ਵਿਖੇ ਸਮਾਪਤ ਹੋਈ। ਇਸ ਮੌਕੇ ਨੋਡਲ ਅਫ਼ਸਰ ਮਾਡਲ ਕੋਡ ਆਫ਼ ਕੰਡਕਟ (ਐਮ.ਸੀ.ਸੀ.) ਤੇ ਸ਼ਿਕਾਇਤ ਸੈੱਲ-ਕਮ-ਕਮਿਸ਼ਨਰ ਨਗਰ ਨਿਗਮ ਸ਼੍ਰੀ ਰਾਹੁਲ ਨੇ ਅਪੀਲ ਕੀਤੀ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਲਿੰਗ ਬੂਥਾਂ ਤੇ ਸਾਰੇ ਪ੍ਰਬੰਧ ਕੀਤੇ ਗਏ ਹਨ ਤੇ ਪਹਿਲੀ ਵਾਰ ਵੋਟ ਕਰਨ ਵਾਲੇ ਨੌਜਵਾਨ, ਬਜ਼ੁਰਗ ਅਤੇ ਸਾਰੇ ਵੋਟਰ ਵੱਧ ਚੜ ਕੇ ਮਤਦਾਨ ਵਿੱਚ ਹਿੱਸਾ ਲੈਣ। ਉਨ੍ਹਾਂ ਕਿਹਾ ਕਿ ਵੋਟ ਦਾ ਅਧਿਕਾਰ ਸਾਡਾ ਹੱਕ ਹੈ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਸਾਰੇ ਵੋਟਰ ਆਪਣੇ ਇਸ ਹੱਕ ਦਾ ਵਰਤੋਂ ਫਰਜ਼ ਸਮਝ ਕੇ ਕਰਨ। ਰੈਲੀ ਦੇ ਸਮਾਪਤੀ ਮੌਕੇ ਵਧੀਕ ਜ਼ਿਲ੍ਹਾ ਚੋਣ ਅਫਸਰ ਸ਼੍ਰੀ ਲਤੀਫ ਅਹਿਮਦ ਨੇ ਰੈਲੀ 'ਚ ਭਾਗ ਲੈਣ ਵਾਲੇ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ 1 ਜੂਨ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਖੁਦ ਤੇ ਆਪਣੇ ਦੋਸਤ, ਮਿੱਤਰਾਂ, ਰਿਸ਼ਤੇਦਾਰਾਂ ਨੂੰ ਵੀ ਵੱਧ ਤੋਂ ਵੱਧ ਵੋਟਾਂ ਪਵਾਉਣ ਲਈ ਉਤਸ਼ਾਹਿਤ ਕਰਨ ਤਾਂ ਜੋ ਇਸ ਵਾਰ 70 ਪਾਰ ਮਿਥੇ ਟੀਚੇ ਨੂੰ ਪੂਰਾ ਕੀਤਾ ਜਾ ਸਕੇ। ਵਧੀਕ ਜ਼ਿਲ੍ਹਾ ਚੋਣ ਅਫਸਰ ਨੇ ਨੌਜਵਾਨ ਪੀੜ੍ਹੀ ਨੂੰ ਕਿਸੇ ਵੀ ਪ੍ਰਕਾਰ ਦੇ ਲਾਲਚ ਤੋਂ ਬਿਨ੍ਹਾਂ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦਾ ਸੁਨੇਹਾ ਦਿੱਤਾ ਅਤੇ 1 ਜੂਨ (ਦਿਨ ਸ਼ਨੀਵਾਰ) ਨੂੰ ਸਵੇਰੇ 7 ਤੋਂ ਸ਼ਾਮ 6 ਵਜੇ ਤੱਕ ਆਪਣੀ ਜ਼ਿੰਮੇਵਾਰ ਨਿਭਾਉਣ ਦੀ ਅਪੀਲ ਵੀ ਕੀਤੀ। ਇਸ ਮੌਕੇ ਤਹਿਸੀਲਦਾਰ ਚੋਣਾਂ ਸ਼੍ਰੀ ਭੂਸ਼ਣ ਕੁਮਾਰ, ਜ਼ਿਲ੍ਹਾ ਟੀਮ ਸਵੀਪ ਦੇ ਸਹਾਇਕ ਨੋਡਲ ਅਫਸਰ ਸ਼੍ਰੀ ਸੁਰੇਸ਼ ਕੁਮਾਰ ਗੌੜ ਅਤੇ ਹੋਰ ਅਧਿਕਾਰੀਆਂ ਤੋਂ ਇਲਾਵਾ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਤੇ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀ ਆਦਿ ਹਾਜ਼ਰ ਸਨ।

# ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤੀਰਅੰਦਾਜ਼ ਰਾਹੁਲ ਦੀ ਏਸ਼ੀਆ ਕੱਪ- 2024 ਲਈ ਚੋਣ



**ਤਲਵੰਡੀ ਸਾਬੋ, 30 ਮਈ (ਗੁਰਜੰਟ ਸਿੰਘ ਨਥੇਹਾ)**- ਭਾਰਤੀ ਖੇਡ ਅਥਾਰਿਟੀ, ਸੋਨੀਪਤ ਵੱਲੋਂ ਸੁਵੋਨ ਕੋਰੀਆ ਵਿਖੇ 2 ਜੂਨ ਤੋਂ 9 ਜੂਨ ਤੱਕ ਹੋਣ ਵਾਲੇ ਤੀਰਅੰਦਾਜ਼ੀ ਏਸ਼ੀਆ ਕੱਪ- 2024 ਲਈ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਤੀਰਅੰਦਾਜ਼ ਰਾਹੁਲ ਦੀ ਚੋਣ ਰਿਕਰਵ ਟੀਮ ਲਈ ਕੀਤੀ ਗਈ ਹੈ। ਇਸ ਚੋਣ 'ਤੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਕਿਹਾ ਕਿ ਤੀਰਅੰਦਾਜ਼ੀ ਦੀ ਖੇਡ ਨੂੰ ਹਰਮਨ ਪਿਆਰਾ ਬਣਾਉਣ ਲਈ 'ਵਰਸਿਟੀ ਵੱਲੋਂ ਲੰਮੇ ਸਮੇਂ ਤੋਂ ਯਤਨ ਜਾਰੀ ਹਨ। ਕੋਚ ਸਾਹਿਬਾਨ ਦੀ ਉੱਤਮ ਕੋਚਿੰਗ, ਖਿਡਾਰੀਆਂ ਦੀ ਮਿਹਨਤ ਅਤੇ ਅਭਿਆਸ ਕਾਰਨ ਇਹ ਮਾਣਮੱਤੀ ਪ੍ਰਾਪਤੀ ਹੋਈ ਹੈ। ਉਨ੍ਹਾਂ ਦੱਸਿਆ ਕਿ ਤੀਰਅੰਦਾਜ਼ੀ ਦੇ ਖੇਡ ਪੱਧਰ ਨੂੰ ਉੱਚਾ ਚੁੱਕਣ ਲਈ 'ਵਰਸਿਟੀ ਵੱਲੋਂ ਪਹਿਲਾਂ ਹੀ ਤੀਰਅੰਦਾਜ਼ੀ ਅਕਾਦਮੀ ਸ਼ੁਰੂ ਕੀਤੀ ਜਾ ਚੁੱਕੀ ਹੈ। ਉਨ੍ਹਾਂ ਰਾਹੁਲ ਨੂੰ ਉਸਦੀ ਪ੍ਰਾਪਤੀ 'ਤੇ ਵਧਾਈ ਦਿੱਤੀ। ਇਸ ਮੌਕੇ ਆਪਣੇ ਵਧਾਈ ਸੰਦੇਸ਼ ਵਿੱਚ ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ.ਬਾਵਾ ਨੇ ਖਿਡਾਰੀ, ਡਾਇਰੈਕਟਰ ਖੇਡਾਂ, ਕੋਚ ਸਾਹਿਬਾਨ ਅਤੇ ਸਮੂਹ ਸਟਾਫ ਨੂੰ ਵਧਾਈ ਦਿੱਤੀ ਅਤੇ ਉਜੱਵਲ ਭਵਿੱਖ ਲਈ ਸ਼ੁਭ-ਕਾਮਨਾਵਾਂ ਭੇਂਟ ਕੀਤੀਆਂ। ਉਨ੍ਹਾਂ ਕਿਹਾ ਕਿ ਰਾਹੁਲ ਦੀ ਇਹ ਪ੍ਰਾਪਤੀ ਬਾਕੀ ਖਿਡਾਰੀਆਂ ਲਈ ਪ੍ਰੇਰਣਾ ਸਰੋਤ ਦਾ ਕੰਮ ਕਰੇਗੀ। ਉਨ੍ਹਾਂ 'ਵਰਸਿਟੀ ਪ੍ਰਬੰਧਕਾਂ ਵੱਲੋਂ ਜੇਤੂ ਖਿਡਾਰੀ ਨੂੰ ਏਸ਼ੀਆ ਕੱਪ ਲਈ ਹੋਰ ਸੁਵਿਧਾਵਾਂ ਅਤੇ ਸਹੂਲਤਾਂ ਉਪਲਬਧ ਕਰਵਾਉਣ ਦੇ ਵਾਅਦੇ ਨੂੰ ਦੋਹਰਾਇਆ। ਨਿਰਦੇਸ਼ਕ ਖੇਡਾਂ ਡਾ. ਬਲਵਿੰਦਰ ਕੁਮਾਰ ਸ਼ਰਮਾ ਨੇ ਚੋਣ ਮੁਕਾਬਲੇ ਦੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਤੀਰਅੰਦਾਜ਼ੀ ਏਸ਼ੀਆ ਕੱਪ 2024 ਦੀ ਰਿਕਰਵ ਟੀਮ (ਲੜਕਿਆਂ) ਵਿੱਚ ਰਾਹੁਲ ਤੋਂ ਇਲਾਵਾ ਗੋਲਡੀ ਮਿਸ਼ਰਾ, ਰਾਹੁਲ ਕੁਮਾਰ ਨਾਗਰਵਾਲ ਅਤੇ ਅਮਿਤ ਦੀ ਚੋਣ ਹੋਈ ਹੈ। ਉਨ੍ਹਾਂ ਦੱਸਿਆ ਕਿ ਏਸ਼ੀਆ ਕੱਪ ਦਾ ਪ੍ਰਦਰਸ਼ਨ ਖਿਡਾਰੀਆਂ ਨੂੰ ਵਿਸ਼ਵ ਰੈਂਕਿੰਗ ਵਿੱਚ ਸੁਧਾਰ ਕਰਨ ਦਾ ਮੌਕਾ ਦੇਵੇਗਾ। ਉਨ੍ਹਾਂ ਤੀਰਅੰਦਾਜ਼ੀ ਕੋਚ ਵਿਪਨ ਕੰਬੋਜ਼ ਨੂੰ ਵਧਾਈ ਦਿੱਤੀ ਤੇ ਵਰਸਿਟੀ ਪ੍ਰਬੰਧਕਾਂ ਅਤੇ ਅਧਿਕਾਰੀਆਂ ਦਾ ਧੰਨਵਾਦ ਕੀਤਾ।